ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ



# ਸੇਵਾ ਸਰਗਰਮੀਆਂ

ਲੜੀ ਨੰਬਰ 12, ਫਰਵਰੀ 2019 (ਫੱਗਣ ਸੰਮਤ ਨਾਨਕਸ਼ਾਹੀ 550) । ਮੁੱਖ ਸੰਪਾਦਕ : ਬਲਵਿੰਦਰ ਸਿੰਘ ਜੌੜਾਸਿੰਘਾ । ਪ੍ਰਕਾਸ਼ਕ : ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ । ਫੋਨ : 01832553956-60 । ਈਮੇਲ : sgpcsargarmiya@gmail.com

## ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 352ਵੇਂ ਪ੍ਰਕਾਸ਼ ਪੁਰਬ ਮੌਕੇ ਸ੍ਰੀ ਨਰਿੰਦਰ ਮੋਦੀ ਤੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਯਾਦਗਾਰੀ ਸਿੱਕਾ ਕੀਤਾ ਜਾਰੀ




ਨਵੀਂ ਦਿੱਲੀ, 13 ਜਨਵਰੀ- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 352ਵੇਂ ਪ੍ਰਕਾਸ਼ ਪੁਰਬ ਮੌਕੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਇੱਕ ਯਾਦਗਾਰੀ ਸਿੱਕਾ (350 ਰੁਪਏ) ਜਾਰੀ ਕੀਤਾ।

ਪ੍ਰਧਾਨ ਮੰਤਰੀ ਦੀ ਰਿਹਾਇਸ਼ ਵਿਖੇ ਕਰਵਾਏ ਗਏ ਇਸ ਵਿਸ਼ੇਸ ਸਮਾਗਮ 'ਚ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੋਂ ਇਲਾਵਾ ਕਈ ਕੇਂਦਰੀ ਮੰਤਰੀ ਤੇ ਸਿੱਖ ਆਗੂ ਵੀ ਮੌਜੂਦ ਸਨ।

ਇਸ ਸਮੇਂ ਸ੍ਰੀ ਮੋਦੀ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਖਾਲਸਾ ਪੰਥ ਦੇ ਰਾਹੀਂ ਪੂਰੀ ਲੁਕਾਈ ਨੂੰ ਜੋੜਿਆ ਸੀ ਅਤੇ ਮੌਜੂਦਾ ਸਮੇਂ ਵੀ ਉਨ੍ਹਾਂ ਦੀਆਂ ਸਿੱਖਿਆਵਾਂ ਤੇ ਆਦਰਸ਼ਾਂ ਤੋਂ ਸਾਰਿਆਂ ਨੂੰ ਪ੍ਰੇਰਣਾ ਮਿਲਦੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਇੱਕ ਐਸੇ ਮਹਾਨ ਯੋਧੇ ਤੇ ਮਹਾਨ ਕਵੀ ਸਨ ਜਿਨ੍ਹਾਂ ਨੂੰ ਧਾਰਮਿਕ ਗ੍ਰੰਥਾਂ ਦੀ ਅਥਾਹ ਜਾਣਕਾਰੀ ਸੀ। ਉਨ੍ਹਾਂ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਨੇ ਸਾਨੂੰ ਨਿਆਂ ਦੇ ਹੱਕ 'ਚ ਖੜ੍ਹਾ ਹੋਣਾ ਸਿਖਾਇਆ ਹੈ। ਕਰਤਾਰਪੁਰ ਲਾਂਘੇ ਦਾ ਜ਼ਿਕਰ ਕਰਦੇ ਹੋਏ ਸ੍ਰੀ ਮੋਦੀ ਨੇ ਕਿਹਾ ਕਿ ਸ਼ਰਧਾਲੂਆਂ ਨੂੰ ਪਾਕਿਸਤਾਨ ਸਥਿਤ ਗੁਰਦੁਆਰਾ ਸਾਹਿਬ ਦੇ ਦਰਸ਼ਨਾਂ ਲਈ ਹੁਣ ਦੂਰਬੀਨ ਦੀ ਵਰਤੋਂ ਨਹੀਂ ਕਰਨੀ ਪਵੇਗੀ ਅਤੇ ਲਾਂਘੇ ਰਾਹੀਂ ਉਹ ਬਿਨਾਂ ਵੀਜ਼ਾ ਹੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਕਰਤਾਰਪੁਰ ਦੇ ਦਰਸ਼ਨ ਕਰ ਸਕਣਗੇ। ਉਨ੍ਹਾਂ ਨੇ ਇਹ ਵੀ ਕਿਹਾ ਕਿ ਸਰਕਾਰ ਦੇਸ਼ ਭਰ 'ਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਵੱਡੇ ਪੱਧਰ 'ਤੇ ਮਨਾਉਣ ਦੀ ਯੋਜਨਾ ਬਣਾ ਰਹੀ ਹੈ।

ਇਸ ਵਿਸ਼ੇਸ ਪ੍ਰੋਗਰਾਮ ਮੌਕੇ ਕੇਂਦਰੀ ਮੰਤਰੀ ਸ੍ਰੀ ਹਰਸ਼ਵਰਧਨ, ਸ. ਹਰਦੀਪ ਸਿੰਘ ਪੁਰੀ, ਸ੍ਰੀ ਮਹੇਸ਼ ਸ਼ਰਮਾ, ਸੁਪਰੀਮ ਕੋਰਟ ਦੇ ਸਾਬਕਾ ਚੀਫ਼ ਜਸਟਿਸ ਜੇ.ਐਸ. ਖੇਹਰ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਮਨਜੀਤ ਸਿੰਘ ਜੀ.ਕੇ., ਐਮ. ਪੀ. ਸ. ਬਲਵਿੰਦਰ ਸਿੰਘ ਭੂੰਦੜ ਤੇ ਸ. ਪ੍ਰੇਮ ਸਿੰਘ ਚੰਦੂਮਾਜਰਾ, ਸਾਬਕਾ ਸਪੀਕਰ ਸ. ਚਰਨਜੀਤ ਸਿੰਘ ਅਟਵਾਲ, ਦਿੱਲੀ ਕਮੇਟੀ ਦੇ ਜਰਨਲ ਸਕੱਤਰ ਸ. ਮਨਜਿੰਦਰ ਸਿੰਘ ਸਿਰਸਾ, ਪੰਜਾਬ ਭਾਜਪਾ ਪ੍ਰਧਾਨ ਸ਼ਵੇਤ ਮਲਿਕ ਤੋਂ ਇਲਾਵਾ ਕਈ ਸਿੱਖ ਆਗੂ ਮੌਜੂਦ ਸਨ।

## 1984 ਕਤਲੇਆਮ ਦੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਵਾਲੇ ਗਵਾਹ ਤੇ ਵਕੀਲ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨਤ

### ਸਾਰੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਤੱਕ ਸੰਘਰਸ਼ ਜਾਰੀ ਰਹੇਗਾ -ਭਾਈ ਲੌਂਗੋਵਾਲ
### ਰਾਜੀਵ ਗਾਂਧੀ ਮੁੱਖ ਦੋਸ਼ੀ, ਉਸ ਖ਼ਿਲਾਫ ਵੀ ਹੋਵੇ ਪਰਚਾ ਦਰਜ਼ -ਸ. ਸੁਖਬੀਰ ਸਿੰਘ ਬਾਦਲ



ਅੰਮ੍ਰਿਤਸਰ- 1984 ਦੀ ਸਿੱਖ ਨਸਲਕੁਸ਼ੀ ਦੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਵਾਲੇ ਗਵਾਹਾਂ ਅਤੇ ਵਕੀਲਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਕੀਤੇ ਗਏ ਇਕ ਵਿਸ਼ੇਸ਼ ਤੇ ਭਰਵੇਂ ਸਮਾਗਮ ਦੌਰਾਨ ਉਚੇਚੇ ਤੌਰ 'ਤੇ ਸਨਮਾਨਤ ਕੀਤਾ ਗਿਆ। ਸਨਮਾਨਿਤ ਕੀਤੇ ਗਏ 7 ਗਵਾਹਾਂ ਵਿਚ ਬੀਬੀ ਜਗਦੀਸ਼ ਕੌਰ, ਬੀਬੀ ਨਿਰਪ੍ਰੀਤ ਕੌਰ, ਸ. ਜਗਸ਼ੇਰ ਸਿੰਘ, ਸ. ਕੁਲਦੀਪ ਸਿੰਘ, ਸ. ਸੰਤੋਖ ਸਿੰਘ, ਸ. ਸੰਗਤ ਸਿੰਘ ਤੇ ਸ. ਸੁਰਜੀਤ ਸਿੰਘ ਸ਼ਾਮਲ ਸਨ, ਜਦਕਿ ਵਕੀਲਾਂ ਵਿਚ ਸ. ਆਰ.ਐਸ. ਚੀਮਾ, ਸ. ਹਰਵਿੰਦਰ ਸਿੰਘ ਫੂਲਕਾ, ਸ. ਡੀ.ਪੀ. ਸਿੰਘ, ਬੀਬੀ ਤਰੰਨੁਮ ਚੀਮਾ, ਸ. ਗੁਰਬਖਸ਼ ਸਿੰਘ, ਸ. ਜਸਵਿੰਦਰ ਸਿੰਘ ਤੇ ਬੀਬੀ ਕਾਮਨਾ ਵੋਹਰਾ ਸ਼ਾਮਲ ਸਨ। ਇਨ੍ਹਾਂ ਸਨਮਾਨਿਤ ਸ਼ਖਸੀਅਤਾਂ ਨੂੰ ਸਨਮਾਨ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਗੁਰੂ ਬਖਸ਼ਿਸ਼ ਸਿਰੋਪਾਓ, ਸ੍ਰੀ ਸਾਹਿਬ, ਚਾਂਦੀ ਦੀ ਤਸ਼ਤਰੀ ਅਤੇ ਚਾਂਦੀ ਦੇ ਯਾਦਗਾਰੀ ਸਿੱਕੇ ਦਿੱਤੇ ਗਏ। ਸਨਮਾਨ ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਮੌਜੂਦ ਰਹੇ।

ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਪਣੇ ਸੰਬੋਧਨ ਦੌਰਾਨ 1984 ਦੀ ਸਿੱਖ ਨਸਲਕੁਸ਼ੀ ਨੂੰ ਸਮੇਂ ਦੀ ਕਾਂਗਰਸ ਸਰਕਾਰ ਵੱਲੋਂ ਕੀਤਾ ਗਿਆ ਅਣਮਨੁੱਖੀ ਕਹਿਰ ਦੱਸਿਆ। ਉਨ੍ਹਾਂ ਆਖਿਆ ਕਿ ਸਿੱਖ ਕੌਮ ਨੇ ਹਮੇਸ਼ਾ ਦੇਸ਼ ਦੀ ਖਾਤਰ ਵੱਡੀਆਂ ਕੁਰਬਾਨੀਆਂ ਦੇ ਕੇ ਮਿਸਾਲੀ ਇਤਿਹਾਸ ਸਿਰਜਿਆ ਹੈ ਪਰੰਤੂ ਦੁੱਖ ਦੀ ਗੱਲ ਹੈ ਕਿ ਜੂਨ ਅਤੇ ਨਵੰਬਰ 1984 ਦੌਰਾਨ ਸਿੱਖਾਂ ਨੂੰ ਖਤਮ ਕਰਨ ਲਈ ਭਾਰਤ ਦੀ ਕੇਂਦਰੀ ਹਕੂਮਤ ਨੇ ਸਾਰੇ ਹੱਦਾਂ ਬੰਨੇ ਟੱਪ ਦਿੱਤੇ ਸਨ।

ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪੀੜ੍ਹਤਾਂ ਨੂੰ ਇਨਸਾਫ ਦਿਵਾਉਣ ਲਈ ਗਵਾਹਾਂ ਦੀ ਹਿੰਮਤ ਅਤੇ ਦਲੇਰੀ ਦੀ ਸਰਾਹਨਾ ਕਰਦਿਆਂ ਕਿਹਾ ਕਿ ਇਨ੍ਹਾਂ ਗਵਾਹਾਂ ਨੇ ਆਪਣੀਆਂ ਜਾਂਨਾਂ ਦੀ ਪ੍ਰਵਾਹ ਕੀਤੇ ਬਗ਼ੈਰ ਨਿਰੰਤਰ ਸੰਘਰਸ਼ ਜਾਰੀ ਰੱਖਿਆ। ਉਨ੍ਹਾਂ ਵਕੀਲਾਂ ਵੱਲੋਂ ਸਿੱਖਾਂ ਨੂੰ ਇਨਸਾਫ ਦਿਵਾਉਣ ਲਈ ਲੜੀ ਕਾਨੂੰਨੀ ਲੜਾਈ ਨੂੰ ਵੀ ਮਹੱਤਵਪੂਰਨ ਕਿਹਾ। ਭਾਈ ਲੌਂਗੋਵਾਲ ਨੇ ਕਿਹਾ ਕਿ ਸਾਰੇ ਦੋਸ਼ੀਆਂ ਨੂੰ ਸਜਾਵਾਂ ਦਿਵਾਉਣ ਤੱਕ ਸਿੱਖ ਕੌਮ ਵੱਲੋਂ ਸੰਘਰਸ਼ ਜਾਰੀ ਰੱਖਿਆ ਜਾਵੇਗਾ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਰ ਤਰ੍ਹਾਂ ਪੀੜਤਾਂ ਦੇ ਨਾਲ ਖੜੇਗੀ।

ਇਸ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ 1984 ਵਿਚ ਕੀਤਾ ਗਿਆ ਸਿੱਖ ਕਤਲੇਆਮ ਵਕਤ ਦੀ ਕਾਂਗਰਸ ਸਰਕਾਰ ਦੀ ਗਿਣੀ ਮਿਥੀ ਸਾਜ਼ਿਸ਼ ਸੀ ਅਤੇ ਇਸ ਦੇ ਮੁੱਖ ਦੋਸ਼ੀ ਰਾਜੀਵ ਗਾਂਧੀ ਸਨ। ਇਸ ਲਈ ਰਾਜੀਵ ਗਾਂਧੀ ਖਿਲਾਫ ਕੇਸ ਦਰਜ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ 34 ਸਾਲ ਬਾਅਦ ਸੱਜਣ ਕੁਮਾਰ ਤੇ ਦੋ ਹੋਰਾਂ ਨੂੰ ਸਜ਼ਾ ਮਿਲਣ ਨਾਲ ਪੀੜਤਾਂ ਦਾ ਸੰਘਰਸ਼ ਕੁਝ ਸਫਲ ਜ਼ਰੂਰ ਹੋਇਆ ਹੈ

ਬਾਕੀ ਸਫ਼ਾ 2 'ਤੇ

## ਭਾਈ ਲੌਂਗੋਵਾਲ ਨੇ ਉੜੀਸਾ ਦੇ ਮੁੱਖ ਮੰਤਰੀ ਨੂੰ 550ਸਾਲਾ ਮੁੱਖ ਸਮਾਗਮ ਲਈ ਦਿੱਤਾ ਸੱਦਾ



ਅੰਮ੍ਰਿਤਸਰ, 19 ਜਨਵਰੀ- ਇਸ ਵਰ੍ਹੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550ਸਾਲਾ ਪ੍ਰਕਾਸ਼ ਪੁਰਬ ਸਮੁੱਚੀ ਸਿੱਖ ਕੌਮ ਵੱਲੋਂ ਮਨਾਇਆ ਜਾ ਰਿਹਾ ਹੈ। ਜਿਸਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਸ਼ਾਲ ਪੱਧਰ 'ਤੇ ਦੇਸ਼ ਭਰ ਵਿਚ ਧਾਰਮਿਕ ਸਮਾਗਮ ਕਰਵਾ ਕੇ ਗੁਰੂ ਸਾਹਿਬ ਦੀ ਵਿਚਾਰਧਾਰਾ ਦਾ ਪ੍ਰਚਾਰ ਕੀਤਾ ਜਾ ਰਿਹਾ ਹੈ। ਇਸੇ ਤਹਿਤ ਪਹਿਲੇ ਪਾਤਸ਼ਾਹ ਜੀ ਦੇ 550ਵੇਂ ਪ੍ਰਕਾਸ਼ ਪੁਰਬ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉੜੀਸਾ ਰਾਜ ਵਿਖੇ ਦੋ ਦਿਨਾ ਗੁਰਮਤਿ ਸਮਾਗਮਾਂ ਕਰਵਾਏ ਗਏ। ਜਿਸ ਵਿਚ ਵਿਸ਼ੇਸ਼ ਤੌਰ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੀ ਸ਼ਾਮਲ ਹੋਏ। ਉਨ੍ਹਾਂ ਨਾਲ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾ ਸਿੰਘਾ ਵੀ ਸਨ।

ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਉੜੀਸਾ ਦੇ ਮੁੱਖ ਮੰਤਰੀ ਸ੍ਰੀ ਨਵੀਨ ਪਟਨਾਇਕ ਨਾਲ ਉਨ੍ਹਾਂ ਦੀ ਰਿਹਾਇਸ਼ ਵਿਖੇ ਪੁੱਜ ਕੇ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਗੁਰਪੁਰਬ ਸਬੰਧੀ ਨਵੰਬਰ 2019 ਵਿਚ ਸੁਲਤਾਨਪੁਰ ਲੋਧੀ ਵਿਖੇ ਹੋਣ ਵਾਲੇ ਮੁੱਖ ਸਮਾਗਮ 'ਚ ਸ਼ਾਮਲ ਹੋਣ ਦਾ ਸੱਦਾ ਦਿੱਤਾ।

ਇਸ ਦੌਰਾਨ ਮੁੱਖ ਮਤਰੀ ਸ੍ਰੀ ਨਵੀਨ ਪਟਨਾਇਕ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਕਰਵਾਏ ਜਾਣ ਵਾਲੇ ਮੁੱਖ ਸਮਾਗਮ ਵਿਚ ਸੁਲਤਾਨਪੁਰ ਲੋਧੀ ਪੁੱਜਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸੱਦਾ ਪ੍ਰਵਾਨ ਕੀਤਾ। ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਉੜੀਸਾ ਸਰਕਾਰ ਵੱਲੋਂ ਵੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਗਾਮ ਕਰਵਾਇਆ ਜਾਵੇਗਾ। ਇਸ ਮੌਕੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਸ੍ਰੀ ਨਵੀਨ ਪਟਨਾਇਕ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮਾਡਲ ਨਾਲ ਸਨਮਾਨਿਤ ਕੀਤਾ।

ਇਸ ਸਮੇਂ ਮੀਤ ਸਕੱਤਰ ਸ. ਸਿਮਰਜੀਤ ਸਿੰਘ ਕੰਗ, ਸ. ਦਰਸ਼ਨ ਸਿੰਘ ਲੌਂਗੋਵਾਲ ਤੇ ਉੜੀਸਾ ਸਿੱਖ ਪ੍ਰਤੀਨਿਧ ਬੋਰਡ ਦੇ ਨੁਮਾਇੰਦੇ ਵੀ ਮੌਜੂਦ ਸਨ।

## ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਮੁੱਖ ਮੰਤਰੀ ਸ੍ਰੀ ਨਿਤਿਸ਼ ਕੁਮਾਰ ਨੇ ਗੁਰਦੁਆਰਾ ਸਾਹਿਬ ਨਾਨਕ ਸ਼ੀਤਲ ਕੁੰਡ ਦਾ ਰੱਖਿਆ ਨੀਂਹ ਪੱਥਰ


ਗੁਰਦੁਆਰਾ ਸਾਹਿਬ ਦਾ ਮਾਡਲ

ਅੰਮ੍ਰਿਤਸਰ, 11 ਜਨਵਰੀ- ਬਿਹਾਰ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਸਥਾਨ ਸ਼ੀਤਲ ਕੁੰਡ ਵਿਖੇ ਗੁਰਦੁਆਰਾ ਸਾਹਿਬ ਦੀ ਵਿਸ਼ਾਲ ਇਮਾਰਤ ਬਨਾਉਣ ਦਾ ਉਪਰਾਲਾ ਕੀਤਾ ਗਿਆ ਹੈ। ਇਸ ਗੁਰਦੁਆਰਾ ਸਾਹਿਬ ਦੀ ਇਮਾਰਤ ਦਾ ਬਿਹਾਰ ਦੇ ਮੁੱਖ ਮੰਤਰੀ ਨਿਤਿਸ਼ ਕੁਮਾਰ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਨੀਂਹ ਪੱਥਰ ਰੱਖਿਆ ਗਿਆ।

ਇਸ ਮੌਕੇ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਮੁੱਖ ਮੰਤਰੀ ਨਿਤਿਸ਼ ਕੁਮਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਨਾਲ ਸਿੱਖਾਂ ਦੇ ਦਿਲਾਂ ਵਿਚ ਉਨ੍ਹਾਂ ਦਾ ਆਦਰ ਸਤਿਕਾਰ ਹੋਰ ਵੱਧ ਗਿਆ ਹੈ। ਇਸ ਨਾਲ ਪੰਜਾਬ ਅਤੇ ਬਿਹਾਰ ਦੇ ਲੋਕਾਂ ਦਾ ਆਪਸੀ ਪਿਆਰ ਵਧੇਗਾ। ਉਨ੍ਹਾਂ ਬਿਹਾਰ ਦੇ ਮੁੱਖ ਮੰਤਰੀ ਸ੍ਰੀ ਨਿਤਿਸ਼ ਕੁਮਾਰ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਗੁਰਪੁਰਬ ਦੇ ਸ਼ਤਾਬਦੀ ਸਮਾਗਮਾਂ ਵਿਚ ਸ਼ਿਰਕਤ ਦਾ ਸੱਦਾ ਵੀ ਦਿੱਤਾ। ਭਾਈ ਲੌਂਗੋਵਾਲ ਨੇ ਦੱਸਿਆ ਕਿ ਇਸ ਗੁਰਦੁਆਰਾ ਸਾਹਿਬ ਦੀ ਸੁੰਦਰ ਇਮਾਰਤ ਦੀ ਕਾਰਸੇਵਾ ਬਾਬਾ ਮਹਿੰਦਰ ਸਿੰਘ ਜੀ ਯੂ. ਕੇ. ਵਾਲਿਆਂ ਵੱਲੋਂ ਕੀਤੀ ਜਾਵੇਗੀ, ਜੋ ਕਿ ਅਤਿ ਅਧੁਨਿਕ ਸਹੂਲਤਾਂ ਨਾਲ ਲੈਸ ਲੰਗਰ ਹਾਲ, ਪਾਰਕਿੰਗ ਅਤੇ ਅਤਿ ਸੁੰਦਰ ਦਰਬਾਰ ਸਾਹਿਬ ਸੰਗਤ ਦੇ ਸਹਿਯੋਗ ਨਾਲ ਉਸਾਰੀ ਕਰਵਾਉਣਗੇ। ਇਸ ਮੌਕੇ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਇਕਬਾਲ ਸਿੰਘ ਨੇ ਅਰਦਾਸ ਕੀਤੀ।

ਇਸ ਮੌਕੇ 'ਤੇ ਮੁੱਖ ਮੰਤਰੀ ਨਿਤਿਸ਼ ਕੁਮਾਰ ਨੇ ਸੰਗਤ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਚਰਨ ਛੋਹ ਪਵਿੱਤਰ ਹੋਏ ਇਸ ਸ਼ੀਤਲ ਕੁੰਡ ਦੇ ਸਥਾਨ 'ਤੇ ਖ਼ੂਬਸੂਰਤ ਇਮਾਰਤ ਉਸਾਰੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ 350 ਸਾਲਾ ਪ੍ਰਕਾਸ਼ ਗੁਰਪੁਰਬ ਵੱਡੇ ਪੱਧਰ 'ਤੇ ਮਨਾ ਕੇ ਅਸੀਂ ਆਪਣਾ ਫ਼ਰਜ਼ ਪੂਰਾ ਕੀਤਾ ਹੈ। ਉਨ੍ਹਾਂ ਦੱਸਿਆ ਕਿ ਟੈਂਟ ਸਿਟੀ ਦੀ ਜਗ੍ਹਾ ਪੱਕਾ ਕਨਵੈਨਸ਼ਨ ਬਣਾਇਆ ਜਾਵੇਗਾ, ਜਿਸ ਦਾ ਪ੍ਰਬੰਧ ਤਖ਼ਤ ਸ੍ਰੀ ਪਟਨਾ ਸਾਹਿਬ ਕੋਲ ਰਹੇਗਾ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਪ੍ਰਧਾਨ ਸ. ਅਵਤਾਰ ਸਿੰਘ ਹਿੱਤ, ਮੀਤ ਪ੍ਰਧਾਨ ਸ. ਗੁਰਮੀਤ ਸਿੰਘ, ਜਨਰਲ ਸਕੱਤਰ ਸ. ਮਹਿੰਦਰਪਾਲ ਸਿੰਘ ਢਿੱਲੋਂ, ਸ. ਤਰਲੋਚਨ ਸਿੰਘ, ਸ. ਕਮਿਕਕਰ ਸਿੰਘ, ਸ. ਹਰਬੰਸ ਸਿੰਘ ਅਤੇ ਸੰਗਤਾਂ ਹਾਜ਼ਰ ਸਨ।



### ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ

# ਸ਼ਬਦ ਗੁਰੂ ਯਾਤਰਾ ਤੇ ਗੁਰਮਤਿ ਸਮਾਗਮਾਂ ਪ੍ਰਤੀ ਸੰਗਤਾਂ 'ਚ ਭਾਰੀ ਉਤਸ਼ਾਹ

ਜਗਤ-ਜਲੰਦੇ ਦੇ ਉਧਾਰ ਲਈ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਸੰਸਾਰ 'ਤੇ ਆਗਮਨ ਸਮੁੱਚੀ ਮਨੁੱਖਤਾ ਲਈ ਧਾਰਮਿਕ, ਰਾਜਨੀਤਿਕ ਅਤੇ ਸਮਾਜਿਕ ਖੇਤਰ ਵਿਚ ਵਡਮੁੱਲੀ ਅਗਵਾਈ ਦੇਣ ਵਾਲਾ ਹੈ। ਗੁਰੂ ਜੀ ਨੇ ਮਨੁੱਖਤਾ ਅੰਦਰੋਂ ਕੂੜ ਦੀ ਕੰਧ ਢਾਹ ਕੇ ਸੱਚ ਦਾ ਸੰਚਾਰ ਕਰਨ ਲਈ ਵਡਮੁੱਲੇ ਸਿਧਾਂਤ ਪੇਸ਼ ਕੀਤੇ। ਗੁਰੂ ਜੀ ਵੱਲੋਂ ਬਖ਼ਸ਼ੇ ਪਾਵਨ ਉਪਦੇਸ਼ਾਂ ਅਤੇ ਸਿਧਾਂਤਾਂ ਨੇ ਹਿੰਦੁਸਤਾਨ ਦੇ ਇਤਿਹਾਸ ਨੂੰ ਬਦਲ ਕੇ ਰੱਖ ਦਿੱਤਾ। ਗੁਰੂ ਸਾਹਿਬ ਨੇ ਧਰਮ ਨੂੰ ਸਿਰਫ਼ ਅਧਿਆਤਮਿਕਤਾ ਤਕ ਹੀ ਸੀਮਤ ਨਹੀਂ ਰੱਖਿਆ ਸਗੋਂ ਮਨੁੱਖੀ-ਜੀਵਨ ਦੀ ਹਰ ਪੱਖ ਤੋਂ ਅਗਵਾਈ ਕਰਨ ਦੇ ਯੋਗ ਬਣਾਇਆ। ਗੁਰੂ ਸਾਹਿਬ ਨੇ 'ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ' ਦੇ ਉਪਦੇਸ਼ ਰਾਹੀਂ ਮਨੁੱਖ ਨੂੰ ਸਚਾਈ, ਨਿਮਰਤਾ, ਦਇਆ, ਸੇਵਾ, ਸਬਰ, ਸੰਤੋਖ, ਪਰਉਪਕਾਰ ਆਦਿ ਗੁਣਾਂ ਦੇ ਧਾਰਨੀ ਹੋ ਆਤਮ-ਨਿਰਭਰ ਤੇ ਸਵੈਮਾਣ ਵਾਲਾ ਜੀਵਨ ਜੀਣ ਦੇ ਯੋਗ ਬਣਾਇਆ।

ਇਸ ਸਾਲ ਨਵੰਬਰ ਮਹੀਨੇ ਸਮੁੱਚੀ ਕੌਮ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550ਵਾਂ ਪ੍ਰਕਾਸ਼ ਪੁਰਬ ਮਨਾਉਣ ਜਾ ਰਹੀ ਹੈ। ਸਿੱਖ ਕੌਮ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਫਲਸ਼ਫੇ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਸਿੱਖ ਜਥੇਬੰਦੀਆਂ ਸਭਾ ਸੁਸਾਇਟੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਪੂਰੇ ਦੇਸ਼ ਅੰਦਰ ਗੁਰਮਤਿ ਸਮਾਗਮਾਂ ਦੀ ਲੜੀ ਦਾ ਅਰੰਭ ਕੀਤਾ ਗਿਆ ਹੈ। ਇਹ ਗੁਰਮਤਿ ਸਮਾਗਮ ਜਿਥੇ ਪੰਜਾਬ ਦੇ ਵੱਖ-ਵੱਖ ਸਥਾਨਾ 'ਤੇ ਹੋਣਗੇ ਉਥੇ ਹਰ ਸਟੇਟ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਕਰਵਾਏ ਜਾਣਗੇ। ਪਿਛਲੇ ਦਿਨੀ ਉੜੀਸਾ ਦੀ ਸੰਗਤ ਦੇ ਸਹਿਯੋਗ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ-ਛੋਹ ਪ੍ਰਾਪਤ ਧਰਤੀ ਗੁਰਦੁਆਰਾ ਦਾਤਣ ਸਾਹਿਬ ਕੱਟਕ ਵਿਖੇ ਗੁਰਮਤਿ ਸਮਾਗਮ ਕਰਵਾਏ ਗਏ ਸਨ। ਇਸ ਤੋਂ ਪਹਿਲਾਂ ਉੜੀਸਾ ਸਿੱਖ ਪ੍ਰਤੀਨਿਧ ਬੋਰਡ ਦੇ ਸਹਿਯੋਗ ਨਾਲ ਧਰਮ ਪ੍ਰਚਾਰ ਕਮੇਟੀ ਵੱਲੋਂ 30 ਦਸੰਬਰ, 2018 ਤੋਂ ਲੈ ਕੇ 14 ਜਨਵਰੀ, 2019 ਤੱਕ ਉੜੀਸਾ ਦੇ ਵੱਖ-ਵੱਖ ਸਾਥਾਨਾਂ ਤੇ ਗੁਰਮਤਿ ਸਮਾਗਮਾਂ ਦੀ ਲੜੀ ਚਲਾਈ ਗਈ। 19 ਜਨਵਰੀ ਨੂੰ ਜਗਨਨਾਥਪੁਰੀ ਤੋਂ ਕੱਟਕ ਤੱਕ ਵਿਸ਼ੇਸ ਨਗਰ ਕੀਰਤਨ ਸਜਾਇਆ ਗਿਆ। ਗੁਰੂ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਨ੍ਹਾਂ ਸਮਾਗਮਾਂ ਵਿਚ ਸੰਗਤਾਂ ਦਾ ਉਤਸ਼ਾਹ ਵੇਖਿਆਂ ਹੀ ਬਣਦਾ ਸੀ।

ਇਸੇ ਤਰ੍ਹਾਂ 7 ਜਨਵਰੀ ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਵਿਸ਼ੇਸ ਤੌਰ ਤੇ 'ਸ਼ਬਦ ਗੁਰੂ ਯਾਤਰਾ' ਦਾ ਅਰੰਭ ਕੀਤਾ ਗਿਆ, ਜਿਸ ਰਾਹੀਂ ਪੂਰੇ ਪੰਜਾਬ ਅੰਦਰ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿਖਿਆਵਾਂ ਨੂੰ ਪ੍ਰਚਾਰਨ ਅਤੇ ਸ਼ਤਾਬਦੀ ਸਮਾਗਮਾਂ ਪ੍ਰਤੀ ਸੰਗਤਾਂ ਨੂੰ ਜਾਗਰੂਪ ਕਰਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਇਸ ਯਾਤਰਾ ਦੇ ਨਾਲ ਗੁਰੂ ਸਾਹਿਬਾਨ ਦੀਆਂ ਪਾਵਨ ਨਿਸ਼ਾਨੀਆਂ ਵਾਲੀ ਬਸ ਵੀ ਸ਼ਾਮਲ ਹੈ। 7 ਜਨਵਰੀ ਤੋਂ ਅਰੰਭ ਹੋਈ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸ੍ਰੀ ਬੇਰ ਸਾਹਿਬ ਤੋਂ ਚੱਲ ਕੇ- ਸ੍ਰੀ ਗੋਇੰਦਵਾਲ ਸਾਹਿਬ, ਤਰਨ ਤਾਰਨ, ਪਹੂਵਿੰਡ, ਪੱਟੀ, ਆਰਫਕੇ (ਫਿਰੋਜਪੁਰ), ਗੁਰਦੁਆਰਾ ਜਾਮਣੀ ਸਾਹਿਬ ਬਜੀਦਪੁਰ, ਸੁਨੇਰ (ਜੀਰਾ), ਧਰਮਕੋਟ, ਝੰਡੇਆਣਾ, ਚੰਦ ਪੁਰਾਣਾ, ਭਦੌੜ, ਹੰਡਿਆਇਆ, ਗੁਰਦੁਆਰਾ ਤਪ ਅਸਥਾਨ ਬੀਬੀ ਪ੍ਰਧਾਨ ਕੌਰ ਜੀ ਬਰਨਾਲਾ, ਸ਼ੇਰਪੁਰ, ਪਿੰਡ ਭਲਵਾਨ, ਗੁਰਦੁਆਰਾ ਨਾਨਕਿਆਣਾ ਸਾਹਿਬ ਸੰਗਰੂਰ, ਗੁਰਦੁਆਰਾ ਸਾਹਿਬ ਨਾਨਕਸਰ ਚੀਮਾਂ, ਠੂਠਿਆਂਵਾਲੀ, ਰਾਮਪੁਰਾ, ਗੁਰੂਸਰ ਮਹਿਰਾਜ, ਗੁਰਦੁਆਰਾ ਪਾ: ਛੇਵੀਂ, ਨਥਾਣਾ, ਹਾਜੀ ਰਤਨ ਬਠਿੰਡਾ, ਗੁਰੂ ਕੀ ਢਾਬ ਤੇ ਸੰਧਵਾਂ ਵਿਖੇ ਠਹਿਰਾਓ ਕਰਦੀ ਹੋਈ ਅਗਲੇ ਪੜਾਵਾਂ ਲਈ ਨਿਰੰਤਰ ਜਾਰੀ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਰੰਭ ਹੋਈ ਇਸ ਯਾਤਰਾ ਪ੍ਰਤੀ ਸੰਗਤਾਂ ਵਿਚ ਭਾਰੀ ਉਤਸ਼ਾਹ ਹੈ। ਸ਼ਬਦ ਗੁਰੂ ਯਾਤਰਾ ਦੇ ਸਵਾਗਤ ਲਈ ਰਸਤੇ ਵਿਚ ਸੰਗਤਾਂ ਵੱਲੋਂ ਥਾਂ-ਥਾਂ ਗੇਟ ਬਨਾਉਣ ਤੋਂ ਇਲਾਵਾ ਵੱਖ-ਵੱਖ ਤਰ੍ਹਾਂ ਨਾਲ ਸਜਾਵਟਾਂ ਕੀਤੀਆਂ ਗਈਆਂ ਸਨ। ਵੱਖ-ਵੱਖ ਥਾਵਾਂ 'ਤੇ ਲਗਾਏ ਲੰਗਰਾਂ ਵਿਚ ਸੰਗਤਾਂ ਨੇ ਬੜੀ ਸ਼ਰਧਾ ਨਾਲ ਸੇਵਾ ਕੀਤੀ।

ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਵਾਲੇ ਸਾਲ ਉਨ੍ਹਾਂ ਦੀਆਂ ਸਿਖਿਆਵਾਂ ਤੋਂ ਸਮੁੱਚੀ ਮਨੁੱਖਤਾ ਨੂੰ ਜਾਣੂ ਕਰਵਾਉਣ ਲਈ ਸਾਨੂੰ ਸਾਰਿਆਂ ਨੂੰ ਰਲ ਕੇ ਜਤਨ ਕਰਨ ਦੀ ਲੋੜ ਹੈ। ਸਾਡੇ ਲਈ ਇਹ ਮਾਨ ਵਾਲੀ ਗੱਲ ਹੈ ਕਿ ਗੁਰੂ ਜੀ ਦਾ 550ਵਾਂ ਪ੍ਰਕਾਸ਼ ਪੁਰਬ ਸਾਡੇ ਜੀਵਨ ਵਿਚ ਆ ਰਿਹਾ ਹੈ। ਇਸ ਲਈ ਹੋਰ ਵੀ ਜਰੂਰੀ ਹੈ ਕਿ ਅਸੀਂ ਆਪਣੇ ਅੰਦਰੋਂ ਝੂਠ, ਬੇਈਮਾਨੀ, ਕੂੜ-ਕੁਸੱਤ ਜਿਹੀਆਂ ਬੁਰਾਈਆਂ ਦਾ ਤਿਆਗ ਕਰਦਿਆਂ ਸੱਚ-ਆਚਾਰ ਦੇ ਧਾਰਨੀ ਬਣੀਏ। ਗੁਰੂ ਸਾਹਿਬ ਦੇ ਮਿਸ਼ਨ ਨੂੰ ਘਰ-ਘਰ ਪਹੁੰਚਾਉਣ ਲਈ ਆਓ, ਇਨ੍ਹਾਂ ਸ਼ਤਾਬਦੀ ਸਮਾਗਮਾਂ ਨੂੰ ਸਫਲ ਕਰਨ ਲਈ ਆਪਣਾ ਬਣਦਾ ਯੋਗਦਾਨ ਪਾਈਏ!

-ਬਲਵਿੰਦਰ ਸਿੰਘ ਜੌੜਾਸਿੰਘਾ

### ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਲਏ ਗਏ ਅਹਿਮ ਫੈਸਲੇ

# ਸੰਗਤਾਂ ਨੂੰ ਆਪਣੇ ਵਾਹਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਨਜ਼ਦੀਕ ਲਿਆਉਣ ਦੀ ਬਜਾਏ ਪਾਰਕਿੰਗ ਵਿਚ ਲਗਾਉਣ ਦੀ ਕੀਤੀ ਅਪੀਲ



ਤਲਵੰਡੀ ਸਾਬੋ, 4 ਜਨਵਰੀ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਹੋਈ ਇਕੱਤਰਤਾ ਦੌਰਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਗਤਾਂ ਨੂੰ ਪਿੰਨੀ ਪ੍ਰਸ਼ਾਦ ਦੇਣ ਲਈ ਪਲਾਸਟਿਕ ਦੇ ਲਿਫ਼ਾਫ਼ਿਆਂ ਦੀ ਥਾਂ ਵਾਤਾਵਰਨ ਪੱਖੀ ਲਿਫ਼ਾਫ਼ੇ ਲਾਗੂ ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਦੀਆਂ ਨਿੱਜੀ ਫਾਈਲਾਂ ਦਾ ਸਾਰਾ ਰੀਕਾਰਡ ਕੰਪਿਊਟਰਾਈਜਡ ਕਰਨ ਨੂੰ ਵੀ ਪ੍ਰਵਾਨਗੀ ਦਿੱਤੀ ਗਈ।

ਇਕੱਤਰਤਾ ਮਗਰੋਂ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਵਾਤਾਵਰਨ ਦੀ ਸ਼ੁੱਧਤਾ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਇਸੇ ਤਹਿਤ ਹੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਪਿੰਨੀ ਪ੍ਰਸ਼ਾਦ ਵਰਤਾਉਣ ਲਈ ਵਰਤੋਂ ਵਿਚ ਲਿਆਂਦੇ ਜਾਣ ਵਾਲੇ ਲਿਫ਼ਾਫ਼ੇ ਪਲਾਸਟਿਕ ਦੀ ਥਾਂ ਵਾਤਾਵਰਨ ਪੱਖੀ ਲਾਗੂ ਕਰਨ ਦਾ ਫੈਸਲਾ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਵਿਖੇ ਵੀ ਪਲਾਸਟਿਕ ਦੇ ਲਿਫ਼ਾਫ਼ੇ ਬੰਦ ਕੀਤੇ ਜਾ ਚੁੱਕੇ ਹਨ। ਭਾਈ ਲੌਂਗੋਵਾਲ ਨੇ ਕਿਹਾ ਕਿ ਭਵਿੱਖ ਵਿਚ ਇਸ ਦਾ ਹੋਰ ਵਿਸਥਾਰ ਕੀਤਾ ਜਾਵੇਗਾ। ਇਸੇ ਦੀ ਰੋਸ਼ਨੀ ਵਿਚ ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਚੌਗਿਰਦੇ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਦਫ਼ਤਰੀ ਗੱਡੀਆਂ ਸਮੇਤ ਆਪਣੀਆਂ ਨਿੱਜੀ ਗੱਡੀਆਂ ਦਫ਼ਤਰ ਕੰਪਲੈਕਸ ਤੋਂ ਬਾਹਰ ਰੱਖਣ ਦਾ ਫੈਸਲਾ ਕੀਤਾ ਹੈ, ਜਿਸ ਦੀ ਇਕੱਤਰਤਾ ਦੌਰਾਨ ਸ਼ਲਾਘਾ ਕੀਤੀ ਗਈ ਹੈ। ਉਨ੍ਹਾਂ ਸੰਗਤ ਨੂੰ ਵੀ ਅਪੀਲ ਹੈ ਕਿ ਉਹ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਨਜ਼ਦੀਕ ਆਪਣੇ ਵਾਹਨ ਲਿਆਉਣ ਦੀ ਬਜਾਏ ਨਿਯਤ ਪਾਰਕਿੰਗ ਵਿਚ ਹੀ ਲਗਾਉਣ।

ਉਨ੍ਹਾਂ ਹੋਰ ਫੈਸਲਿਆਂ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਸਬੰਧੀ ਸਮਾਗਮ ਉਲੀਕਣ ਲਈ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਪਾਕਿਸਤਾਨ ਜਾਣਗੇ, ਤਾਂ ਜੋ ਉਥੋਂ ਸਜਾਏ ਜਾਣ ਵਾਲੇ ਨਗਰ ਕੀਰਤਨ ਅਤੇ ਗੁਰਮਤਿ ਸਮਾਗਮ ਸਬੰਧੀ ਅੰਤਮ ਨਿਰਣਾ ਲਿਆ ਜਾ ਸਕੇ। ਉਨ੍ਹਾਂ ਕਿਹਾ ਕਿ 550 ਸਾਲਾ ਪ੍ਰਕਾਸ਼ ਪੁਰਬ ਸਿੱਖ ਜਗਤ ਵੱਲੋਂ ਕੌਮਾਂਤਰੀ ਪੱਧਰ 'ਤੇ ਮਨਾਇਆ ਜਾਣਾ ਹੈ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਇਸ ਸਬੰਧੀ ਸਮਾਗਮਾਂ ਦੀ ਆਰੰਭਤਾ ਕੀਤੀ ਜਾ ਚੁੱਕੀ ਹੈ।

ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਇਤਿਹਾਸਕ ਗੁਰਪੁਰਬ ਨੂੰ ਸਮਰਪਿਤ ਸੋਨੇ ਅਤੇ ਚਾਂਦੀ ਦੇ ਯਾਦਗਾਰੀ ਸਿੱਕੇ ਤਿਆਰ ਕੀਤੇ ਗਏ ਹਨ। ਇਹ ਯਾਦਗਾਰੀ ਸਿੱਕੇ ਸ੍ਰੀ ਅੰਮ੍ਰਿਤਸਰ ਸਥਿਤ ਧਰਮ ਪ੍ਰਚਾਰ ਕਮੇਟੀ ਦੇ ਦਫ਼ਤਰ ਤੋਂ ਮਿਲਣਗੇ ਅਤੇ ਇਨ੍ਹਾਂ ਦਾ ਰੇਟ ਰੋਜ਼ਾਨਾ ਦੇ ਅਖ਼ਬਾਰੀ ਰੇਟ ਅਨੁਸਾਰ ਹੋਵੇਗਾ। ਸ਼੍ਰੋਮਣੀ ਕਮੇਟੀ ਪ੍ਰਧਾਨ ਅਨੁਸਾਰ ਬੀਤੇ ਸਮੇਂ ਵਿਚ ਫ਼ਾਰਗ ਕੀਤੇ ਮੁਲਾਜ਼ਮਾਂ ਸਬੰਧੀ ਇਕ ਸਬ-ਕਮੇਟੀ ਬਣਾਈ ਗਈ ਹੈ, ਜੋ 15 ਦਿਨਾਂ ਅੰਦਰ ਆਪਣੀ ਰਿਪੋਰਟ ਦੇਵੇਗੀ। ਉਨ੍ਹਾਂ ਦੱਸਿਆ ਕਿ ਭਗਤ ਪੂਰਨ ਸਿੰਘ ਜੀ ਵੱਲੋਂ ਆਰੰਭੇ ਗਏ ਲੋਕ ਭਲਾਈ ਕਾਰਜ ਕਰਨ ਵਾਲੀ ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਨੂੰ 15 ਲੱਖ ਰੁਪਏ ਦੀ ਸਹਾਇਤਾ ਦੇਣ ਨੂੰ ਵੀ ਪ੍ਰਵਾਨਗੀ ਦਿੱਤੀ ਗਈ ਹੈ।

ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਿੱਕਰ ਸਿੰਘ ਚੰਨੂ, ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਮੈਂਬਰਾਨ ਭਾਈ ਮਨਜੀਤ ਸਿੰਘ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਅਮਰੀਕ ਸਿੰਘ ਕੋਟ ਸ਼ਮੀਰ, ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਭੁਪਿੰਦਰ ਸਿੰਘ ਭਲਵਾਨ, ਸ. ਜਰਨੈਲ ਸਿੰਘ ਕਰਤਾਰਪੁਰ, ਸ. ਤਾਰਾ ਸਿੰਘ ਸੱਲਾ, ਸ. ਅਮਰੀਕ ਸਿੰਘ ਵਿਛੋਆ, ਸ. ਸ਼ਿੰਗਾਰਾ ਸਿੰਘ ਲੋਹੀਆਂ, ਸ. ਜਗਜੀਤ ਸਿੰਘ ਤਲਵੰਡੀ, ਬੀਬੀ ਜਸਬੀਰ ਕੌਰ ਜੱਫਰਵਾਲ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਮਹਿੰਦਰ ਸਿੰਘ ਆਹਲੀ, ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਸਿਮਰਜੀਤ ਸਿੰਘ ਕੰਗ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਸ. ਕਰਨ ਸਿੰਘ ਮੈਨੇਜਰ ਤਖ਼ਤ ਸ੍ਰੀ ਦਮਦਮਾ ਸਾਹਿਬ ਸਮੇਤ ਹੋਰ ਹਾਜ਼ਰ ਸਨ।

# ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 24 ਫਰਵਰੀ ਨੂੰ ਹੋਵੇਗਾ ਅਹਿਮਦਾਬਾਦ ਵਿਖੇ ਵਿਸ਼ਾਲ ਗੁਰਮਤਿ ਸਮਾਗਮ



ਅੰਮ੍ਰਿਤਸਰ, 15 ਜਨਵਰੀ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਗੁਜਰਾਤ ਦੀ ਸਿੱਖ ਸੰਗਤ ਅਤੇ ਉਥੋਂ ਦੀ ਸੂਬਾ ਸਰਕਾਰ ਵੱਲੋਂ 24 ਫ਼ਰਵਰੀ ਨੂੰ ਇਕ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ। ਇਹ ਸਮਾਗਮ ਗੁਜਰਾਤ ਦੇ ਸ਼ਹਿਰ ਅਹਿਮਦਾਬਾਦ ਵਿਖੇ ਹੋਵੇਗਾ।

ਇਸ ਸਬੰਧ ਵਿਚ ਘੱਟਗਿਣਤੀ ਕਮਿਸ਼ਨ ਗੁਜਰਾਤ ਦੀ ਚੇਅਰਪਰਸਨ ਅਤੇ ਗੁਰਮਤਿ ਸਮਾਗਮ ਦੀ ਕਨਵੀਨਰ ਬੀਬੀ ਪਰਮਜੀਤ ਕੌਰ ਛਾਬੜਾ, ਗੁਰੂ ਨਾਨਕ ਐਜੂਕੇਸ਼ਨ ਸੁਸਾਇਟੀ ਗੁਜਰਾਤ ਦੇ ਚੇਅਰਮੈਨ ਸ. ਹਰਭਜਨ ਸਿੰਘ, ਗੁਰਦੁਆਰਾ ਗੁਰੂ ਨਾਨਕ ਦਰਬਾਰ ਅਹਿਮਦਾਬਾਦ ਦੇ ਸਕੱਤਰ ਸ. ਰਜਿੰਦਰ ਸਿੰਘ ਅਤੇ ਗੁਰਦੁਆਰਾ ਸਾਹਿਬ ਬੇਟ ਦੁਆਰਕਾ ਦੇ ਟਰੱਸਟੀ ਸ. ਗੁਰਚਰਨ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨਾਲ ਮੁਲਾਕਾਤ ਕਰਕੇ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਡਾ. ਰੂਪ ਸਿੰਘ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਨੂੰ ਸਮਾਗਮ ਵਿਚ ਸ਼ਾਮਲ ਹੋਣ ਦਾ ਸੱਦਾ ਵੀ ਦਿੱਤਾ।

ਡਾ. ਰੂਪ ਸਿੰਘ ਨੇ ਦੱਸਿਆ ਕਿ ਪਹਿਲੇ ਪਾਤਸ਼ਾਹ ਜੀ ਦਾ 550ਵਾਂ ਪ੍ਰਕਾਸ਼ ਗੁਰਪੁਰਬ ਸਮੁੱਚੇ ਸਿੱਖ ਜਗਤ ਵੱਲੋਂ ਕੌਮਾਂਤਰੀ ਪੱਧਰ 'ਤੇ ਮਨਾਇਆ ਜਾ ਰਿਹਾ ਹੈ ਅਤੇ ਇਸੇ ਸਬੰਧ ਵਿਚ ਹੀ ਵੱਖ-ਵੱਖ ਰਾਜਾਂ ਵਿਚ ਗੁਰਮਤਿ ਸਮਾਗਮ ਕੀਤੇ ਜਾ ਰਹੇ ਹਨ। ਉਨ੍ਹਾਂ ਗੁਜਰਾਤ ਸਰਕਾਰ ਵੱਲੋਂ ਕੀਤੇ ਜਾ ਰਹੇ ਗੁਰਮਤਿ ਸਮਾਗਮ ਲਈ ਹਰ ਤਰ੍ਹਾਂ ਦੇ ਸਹਿਯੋਗ ਦਾ ਭਰੋਸਾ ਦਿੱਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ ਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਗੁਜਰਾਤ ਤੋਂ ਆਏ ਵਫ਼ਦ ਮੈਂਬਰਾਂ ਨੂੰ ਸਨਮਾਨਿਤ ਵੀ ਕੀਤਾ।

ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਗੁਜਰਾਤ ਵਿਖੇ ਚੱਲ ਰਹੇ ਸਿੱਖ ਮਿਸ਼ਨ ਦੇ ਇੰਚਾਰਜ ਭਾਈ ਪਰਮਜੀਤ ਸਿੰਘ ਅਤੇ ਪ੍ਰਚਾਰਕ ਭਾਈ ਸ਼ਿਵਤਾਰ ਸਿੰਘ ਵੀ ਮੌਜੂਦ ਸਨ। ਇਸੇ ਦੌਰਾਨ ਗੁਜਰਾਤ ਤੋਂ ਪਹੁੰਚੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨ ਦੀਦਾਰੇ ਵੀ ਕੀਤੇ।

ਸਫ਼ਾ 1 ਦਾ ਬਾਕੀ...

### 1984 ਦੇ ਦੋਸ਼ੀਆਂ ਨੂੰ ਸਜ਼ਾਵਾਂ...

ਪਰੰਤੂ ਅਜੇ ਵੀ ਜਗਦੀਸ਼ ਟਾਈਟਲਰ ਵਰਗੇ ਹੋਰ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣਾ ਬਾਕੀ ਹੈ। ਉਨ੍ਹਾਂ ਕਿਹਾ ਕਿ ਗਵਾਹਾਂ ਨੇ ਆਪਣੀਆਂ ਜਾਨਾਂ ਜੋਖਮ ਵਿਚ ਪਾ ਕੇ ਤਿੰਨ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਵਿਚ ਵੱਡੀ ਭੂਮਿਕਾ ਨਿਭਾਈ ਹੈ ਜਿਸ ਲਈ ਗਵਾਹਾਂ ਦੀ ਹਿੰਮਤ ਅੱਗੇ ਉਨ੍ਹਾਂ ਦਾ ਸਿਰ ਝੁਕਦਾ ਹੈ। ਉਨ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗਵਾਹਾਂ ਤੇ ਵਕੀਲਾਂ ਦੇ ਸਨਮਾਨ ਨੂੰ ਸਮੁੱਚੀ ਸਿੱਖ ਕੌਮ ਵੱਲੋਂ ਕੀਤਾ ਗਿਆ ਸਨਮਾਨ ਕਿਹਾ ਅਤੇ 1984 ਸਿੱਖ ਨਸਲਕੁਸ਼ੀ ਦੇ ਪੀੜ੍ਹਤਾਂ ਨਾਲ ਖੜ੍ਹਨ ਦੀ ਵਚਨਬੱਧਤਾ ਦੁਹਰਾਈ।

ਇਸ ਮੌਕੇ 1984 ਕਤਲੇਆਮ ਦੀ ਪੀੜ੍ਹਤ ਬੀਬੀ ਜਗਦੀਸ਼ ਕੌਰ ਭਾਵੁਕ ਹੁੰਦਿਆਂ ਕਿਹਾ ਕਿ ਬੀਤੇ 34 ਸਾਲਾਂ ਅੰਦਰ ਉਹ ਡੂੰਘੀ ਮਾਨਸਿਕ ਪੀੜਾ 'ਚੋਂ ਲੰਘੇ ਹਨ। ਇਸ ਦੌਰਾਨ ਉਨ੍ਹਾਂ ਨੂੰ ਡਰਾਉਣ ਧਮਕਾਉਣ ਤੇ ਖਰੀਦਣ ਲਈ ਦੋਸ਼ੀਆਂ ਵੱਲੋਂ ਹਰ ਹੀਲਾ ਵਰਤਿਆ ਗਿਆ ਪਰੰਤੂ ਉਨ੍ਹਾਂ ਨੇ ਇਨਸਾਫ ਮਿਲਣ ਤਕ ਸੰਘਰਸ਼ ਜਾਰੀ ਰੱਖਣ ਦੀ ਕਸਮ ਨਿਭਾਈ ਹੈ। ਉਨ੍ਹਾਂ ਆਖਿਆ ਕਿ ਸਾਡੀ ਲੜਾਈ ਅਜੇ ਖਤਮ ਨਹੀਂ ਹੋਈ। ਬੀਬੀ ਜਗਦੀਸ਼ ਕੌਰ ਨੇ ਵੀ ਰਾਜੀਵ ਗਾਂਧੀ ਖਿਲਾਫ ਪਰਚਾ ਦਰਜ ਕਰਨ ਅਤੇ ਭਾਰਤ ਰਤਨ ਵੀ ਵਾਪਸ ਲੈਣ ਦੀ ਮੰਗ ਕੀਤੀ। ਇਸ ਸਮੇਂ ਸਟੇਜ ਦੀ ਸੇਵਾ ਭਾਈ ਅਮਰਜੀਤ ਸਿੰਘ ਚਾਵਲਾ ਨੇ ਨਿਭਾਈ।

ਇਸ ਮੌਕੇ ਸਾਬਕਾ ਪ੍ਰਧਾਨ ਸ਼੍ਰੋਮਣੀ ਕਮੇਟੀ ਬੀਬੀ ਜਗੀਰ ਕੌਰ, ਜੂਨੀਅਰ ਮੀਤ ਪ੍ਰਧਾਨ ਸ. ਬਿੱਕਰ ਸਿੰਘ ਚੰਨੂ, ਜਨਰਲ ਸਕੱਤਰ ਜਥੇ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਮੈਂਬਰ ਭਾਈ ਮਨਜੀਤ ਸਿੰਘ, ਸ. ਭੁਪਿੰਦਰ ਸਿੰਘ ਭਲਵਾਨ, ਸ. ਸ਼ਿੰਗਾਰਾ ਸਿੰਘ ਲੋਹੀਆਂ, ਸ. ਜਰਨੈਲ ਸਿੰਘ ਕਰਤਾਰਪੁਰ ਤੇ ਬੀਬੀ ਜਸਬੀਰ ਕੌਰ ਜਫਰਵਾਲ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਰਜਿੰਦਰ ਸਿੰਘ ਮਹਿਤਾ ਤੇ ਸ. ਬਲਦੇਵ ਸਿੰਘ ਚੂੰਘਾ, ਸਾਬਕਾ ਵਿਧਾਇਕ ਸ. ਵੀਰ ਸਿੰਘ ਲੋਪੋਕੇ, ਦਿੱਲੀ ਕਮੇਟੀ ਦੇ ਜਨਰਲ ਸਕੱਤਰ ਸ. ਮਨਜਿੰਦਰ ਸਿੰਘ ਸਿਰਸਾ, ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਜਰਨੈਲ ਸਿੰਘ ਡੋਗਰਾਂਵਾਲਾ, ਸ. ਅਵਤਾਰ ਸਿੰਘ ਵਣਵਾਲਾ, ਸ. ਭਗਵੰਤ ਸਿੰਘ ਸਿਆਲਕਾ, ਸ. ਰਤਨ ਸਿੰਘ ਜਫਰਵਾਲ, ਸ. ਸੁਰਜੀਤ ਸਿੰਘ ਭਿੱਟੇਵਡ, ਸ. ਗੁਰਤੇਜ ਸਿੰਘ ਢੱਡੇ, ਸ. ਬਲਜੀਤ ਸਿੰਘ ਜਲਾਲਉਸਮਾਂ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਅਮਰਜੀਤ ਸਿੰਘ ਬੰਡਾਲਾ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਪਰਮਜੀਤ ਸਿੰਘ ਰਾਏਪੁਰ, ਸ. ਰਣਜੀਤ ਸਿੰਘ ਕਾਹਲੋਂ, ਸ. ਰਵਿੰਦਰ ਸਿੰਘ ਖਾਲਸਾ, ਸ. ਬਲਦੇਵ ਸਿੰਘ ਕਲਿਆਣਾ, ਸ. ਗੁਰਨਾਮ ਸਿੰਘ ਜੱਸਲ, ਬਾਬਾ ਚਰਨਜੀਤ ਸਿੰਘ ਜੱਸੋਵਾਲ, ਸ. ਕੁਲਦੀਪ ਸਿੰਘ ਤੇੜਾ, ਸ. ਸੁਖਵਿੰਦਰ ਸਿੰਘ ਅਗਵਾਨ, ਬੀਬੀ ਜੋਗਿੰਦਰ ਕੌਰ ਬਠਿੰਡਾ, ਬੀਬੀ ਸਵਰਨ ਕੌਰ ਤੇੜਾ ਤੇ ਸ. ਕੁਲਦੀਪ ਸਿੰਘ ਤੇੜਾ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਬਾਠ ਤੇ ਸ. ਬਲਵਿੰਦਰ ਸਿੰਘ ਜੌੜਾ ਸਿੰਘਾ, ਇੰਜੀ. ਸੁਖਮਿੰਦਰ ਸਿੰਘ ਨਿੱਜੀ ਸਕੱਤਰ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ ਤੇ ਸ. ਪਰਮਜੀਤ ਸਿੰਘ ਸਰੋਆ, ਮੀਤ ਸਕੱਤਰ ਸ. ਸਿਮਰਜੀਤ ਸਿੰਘ ਕੰਗ ਤੇ ਸ. ਕੁਲਵਿੰਦਰ ਸਿੰਘ ਰਮਦਾਸ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਤੇ ਸ. ਗੁਰਿੰਦਰ ਸਿੰਘ ਮਥਰੇਵਾਲ ਤੋਂ ਇਲਾਵਾ ਗਵਾਹਾਂ ਤੇ ਵਕੀਲਾਂ ਦੇ ਪਰਿਵਾਰਕ ਮੈਂਬਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧਿਕਾਰੀ, ਕਰਮਚਾਰੀ ਤੇ ਸੰਗਤਾਂ ਹਾਜ਼ਰ ਸਨ।

ਮੁੱਖ ਸੰਪਾਦਕ:
ਬਲਵਿੰਦਰ ਸਿੰਘ ਜੌੜਾਸਿੰਘਾ
ਸਹਾਇਕ:
ਜਗਤਾਰ ਸਿੰਘ ਖੋਦੇਬੇਟ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ, ਗੁਰਦੁਆਰਾ ਰਾਮਸਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ।

# ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਪ੍ਰਚਾਰਕ ਸਾਹਿਬਾਨ ਦੀ ਦੋ ਰੋਜ਼ਾ ਕਾਰਜਸ਼ਾਲਾ ਸੰਪੰਨ

## ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਤੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕੀਤੀ ਸ਼ਮੂਲੀਅਤ




ਤਲਵੰਡੀ ਸਾਬੋ, 4 ਜਨਵਰੀ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਭਾਈ ਡੱਲ ਸਿੰਘ ਦੀਵਾਨ ਹਾਲ ਵਿਖੇ ਦੋ ਰੋਜਾ ਪ੍ਰਚਾਰਕ ਕਾਰਜਸ਼ਾਲਾ ਲਗਾਈ ਗਈ। ਇਸ ਕਾਰਜਸ਼ਾਲਾ ਦੇ ਦੂਸਰੇ ਤੇ ਆਖ਼ਰੀ ਦਿਨ ਜਿਥੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਪ੍ਰਚਾਰਕਾਂ ਨਾਲ ਵਿਚਾਰ ਸਾਂਝੇ ਕੀਤੇ, ਉਥੇ ਹੀ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।

ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਪ੍ਰਚਾਰਕ ਸ਼੍ਰੇਣੀ ਸਿੱਖ ਕੌਮ ਦੀ ਰੀੜ ਦੀ ਹੱਡੀ ਹੈ ਅਤੇ ਇਸ ਦੀ ਜ਼ੁੰਮੇਵਾਰੀ ਸੰਗਤਾਂ ਨੂੰ ਗੁਰਮਤਿ ਫ਼ਲਸਫ਼ੇ ਤੋਂ ਜਾਣੂ ਕਰਵਾਉਣ ਦੇ ਨਾਲ-ਨਾਲ ਕੌਮੀ ਮਾਮਲਿਆਂ ਸਬੰਧੀ ਸੰਗਤਾਂ ਦੇ ਸ਼ੰਕੇ ਨਵਿਰਤ ਕਰਨ ਦੀ ਵੀ ਹੈ। ਉਨ੍ਹਾਂ ਪ੍ਰਚਾਰਕਾਂ ਨੂੰ ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਘਰ ਘਰ ਤੱਕ ਪਹੁੰਚਾਉਣ ਦੀ ਪ੍ਰੇਰਣਾ ਕਰਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਪ੍ਰਕਾਸ਼ ਪੁਰਬ ਸਬੰਧੀ ਵੱਧ ਤੋਂ ਵੱਧ ਧਰਮ ਪ੍ਰਚਾਰ ਕਰਨ ਲਈ ਕਿਹਾ। ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਅੱਜ ਗੁਰੂ ਘਰਾਂ ਅੰਦਰ ਧਾਰਮਿਕ ਦੀਵਾਨਾਂ ਦੇ ਰੂਪ ਵਿਚ ਸਮਾਗਮ ਕਰਨ ਦੇ ਨਾਲ-ਨਾਲ ਸੰਵਾਦ ਵਿਧੀ ਵੀ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਪ੍ਰਚਾਰਕ ਸ਼੍ਰੇਣੀ ਗੁਰਦੁਆਰਾ ਸਾਹਿਬਾਨ ਅੰਦਰ ਸੰਗਤਾਂ ਨਾਲ ਗਰਮਤਿ ਵਿਚਾਰਾਂ ਕਰਨ ਦੇ ਨਾਲ-ਨਾਲ ਸੱਥਾਂ, ਖੇਡ ਕਲੱਬਾਂ, ਸਕੂਲਾਂ ਕਾਲਜਾਂ ਅਤੇ ਪਰਿਵਾਰਾਂ ਅੰਦਰ ਜਾ ਕੇ ਗੁਰਮਤਿ ਦਾ ਪ੍ਰਚਾਰ ਕਰਨ। ਇਸ ਮੌਕੇ ਭਾਈ ਲੌਂਗੋਵਾਲ ਨੇ ਐਲਾਨ ਕੀਤਾ ਕਿ ਜਿਥੇ ਵਧੀਆ ਕਾਰਗੁਜ਼ਾਰੀ ਵਾਲੇ ਪ੍ਰਚਾਰਕਾਂ ਨੂੰ ਸਨਮਾਨਿਤ ਕੀਤਾ ਜਾਵੇਗਾ, ਉਥੇ ਹੀ 15 ਹਜ਼ਾਰ ਤੋਂ ਘੱਟ ਤਨਖ਼ਾਹ ਵਾਲੇ ਪ੍ਰਚਾਰਕਾਂ ਨੂੰ 1 ਹਜ਼ਾਰ ਅਤੇ 15 ਹਜ਼ਾਰ ਤੋਂ ਵੱਧ ਤਨਖ਼ਾਹ ਵਾਲੇ ਪ੍ਰਚਾਰਕਾਂ ਨੂੰ 500 ਸੌ ਰੁਪਏ ਮਾਸਿਕ ਤਨਖ਼ਾਹ ਵਿਚ ਵਾਧਾ ਕੀਤਾ ਜਾਵੇਗਾ।

ਇਸ ਦੋ ਰੋਜ਼ਾ ਵਰਕਸ਼ਾਪ ਦੌਰਾਨ ਸਾਬਕਾ ਪ੍ਰੋ. ਮਨਜੀਤ ਸਿੰਘ, ਡਾ. ਗੁਰਮੇਲ ਸਿੰਘ, ਡਾ. ਸਰਬਜੀਤ ਸਿੰਘ ਰੇਣੂਕਾ, ਪ੍ਰੋ. ਮਨਿੰਦਰਪਾਲ ਸਿੰਘ, ਡਾ. ਰੂਪ ਸਿੰਘ, ਸ. ਜਸਵੰਤ ਸਿੰਘ, ਡਾ. ਅਵੀਨਿੰਦਰਪਾਲ ਸਿੰਘ, ਡਾ. ਹਰਸ਼ਿੰਦਰ ਕੌਰ, ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਪ੍ਰਚਾਰਕਾਂ ਨਾਲ ਵੱਖ ਵੱਖ ਵਿਸ਼ਿਆਂ 'ਤੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਜੂਨੀਅਰ ਮੀਤ ਪ੍ਰਧਾਨ ਸ. ਬਿੱਕਰ ਸਿੰਘ ਚੰਨੂ, ਅੰਤ੍ਰਿੰਗ ਮੈਂਬਰ ਸ. ਅਮਰੀਕ ਸਿੰਘ ਕੋਟਸ਼ਮੀਰ, ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਜਗਸੀਰ ਸਿੰਘ ਮਾਂਗੇਆਣਾ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਜਥੇਦਾਰ ਅਵਤਾਰ ਸਿੰਘ ਵਣਵਾਲਾ, ਸ. ਮਨਜੀਤ ਸਿੰਘ ਬੱਪੀਆਣਾ, ਸ. ਸੁਖਵਰਸ਼ ਸਿੰਘ ਪੰਨੂੰ, ਬੀਬੀ ਜੋਗਿੰਦਰ ਕੌਰ ਬਠਿੰਡਾ, ਸ. ਰਤਨ ਸਿੰਘ ਜੱਫਰਵਾਲ, ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਭਾਈ ਸੁਖਜੀਤ ਸਿੰਘ ਘਨੱਈਆ, ਮੀਤ ਸਕੱਤਰ ਸ. ਸਿਮਰਜੀਤ ਸਿੰਘ ਕੰਗ, ਮੈਨੇਜਰ ਸ. ਕਰਨ ਸਿੰਘ, ਸ. ਮੋਹਨ ਸਿੰਘ ਬੰਗੀ, ਸ. ਮਿੱਠੂ ਸਿੰਘ ਕਾਹਨੇਕੇ, ਸ. ਸੁਰਜੀਤ ਸਿਸੰਘ ਰਾਏਪੁਰ, ਸ. ਮੇਜਰ ਸਿੰਘ ਢਿਲੋਂ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਇੰਚਾਰਜ ਸ. ਭੋਲਾ ਸਿੰਘ, ਪ੍ਰਚਾਰਕ ਭਾਈ ਪ੍ਰਮਿੰਦਰ ਸਿੰਘ, ਭਾਈ ਸਰਬਜੀਤ ਸਿੰਘ ਢੋਟੀਆਂ, ਭਾਈ ਵਰਿਆਮ ਸਿੰਘ, ਭਾਈ ਜੱਜ ਸਿੰਘ, ਬੀਬੀ ਹਰਪ੍ਰੀਤ ਕੌਰ, ਭਾਈ ਗੁਰਤੇਜ ਸਿੰਘ ਢੀਂਡਸਾ ਅਤੇ ਹੋਰ ਸ਼ਾਮਲ ਸਨ।

# ਸਿੱਖ ਮਿਸ਼ਨ ਗੁਜਰਾਤ ਵੱਲੋਂ ਭਾਵਨਗਰ ਵਿਖੇ ਕਰਵਾਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਸਿੰਧੀ ਸਮਾਜ ਦੇ 23 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ



ਭਾਵਨਗਰ- ਧਰਮ ਪ੍ਰਚਾਰ ਕਮੇਟੀ ਅਧੀਨ ਗੁਜਰਾਤ ਵਿਖੇ ਕਾਰਜਸ਼ੀਲ ਸਿੱਖ ਮਿਸ਼ਨ ਅਹਿਮਦਾਬਾਦ ਗੁਜਰਾਤ ਵੱਲੋਂ ਭਾਵਨਗਰ ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਸਿੱਖ ਮਿਸ਼ਨ ਗੁਜਰਾਤ ਦੇ ਇੰਚਾਰਜ ਭਾਈ ਪਰਮਜੀਤ ਸਿੰਘ ਤੇ ਪ੍ਰਚਾਰਕ ਭਾਈ ਸ਼ਿਵਤਾਰ ਸਿੰਘ ਨੇ ਸੰਗਤਾਂ ਨੂੰ ਸਿੱਖ ਇਤਿਹਾਸ ਤੋਂ ਜਾਣੂ ਕਰਵਾਉਂਦਿਆਂ ਅੰਮ੍ਰਿਤ ਛਕਣ ਦੀ ਪ੍ਰੇਰਨਾ ਕੀਤੀ। ਇਸ ਮੌਕੇ ਹੋਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਸਿੰਧੀ ਸਮਾਜ ਚੋਂ 23 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਖਾਲਸਾ ਪੰਥ ਵਿਚ ਪ੍ਰਵੇਸ਼ ਕੀਤਾ।

ਸ੍ਰੀ ਗੁਰੂ ਗੋਬਿੰਦ ਸਿੰਘ ਸਿੱਖ ਸੰਗਤ ਸੇਵਾ ਸੁਸਾਇਟੀ ਭਾਵਨਗਰ ਦੇ ਵਿਸ਼ੇਸ ਸਹਿਯੋਗ ਨਾਲ ਕਰਵਾਏ ਗਏ ਇਸ ਗੁਰਮਤਿ ਸਮਾਗਮ ਵਿਚ ਭਾਈ ਮਹਿੰਦਰ ਸਿੰਘ ਹੈੱਡ ਗ੍ਰੰਥੀ, ਭਾਈ ਭਾਰਤ ਸਿੰਘ, ਭਾਈ ਜਗਜੀਤ ਸਿੰਘ, ਭਾਈ ਨਾਨਕ ਸਿੰਘ, ਭਾਈ ਤੀਰਥ ਸਿੰਘ ਤੇ ਭਾਈ ਹਤੇਸ਼ ਸਿੰਘ ਨੇ ਅਹਿਮ ਸੇਵਾਵਾਂ ਨਿਭਾਈਆਂ।

ਇਥੇ ਜਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਸਿੱਖ ਮਿਸ਼ਨ ਗੁਜਰਾਤ ਵੱਲੋਂ ਕਰਵਾਏ ਗਏ ਵੱਖ-ਵੱਖ ਗੁਰਮਤਿ ਸਮਾਗਮਾਂ ਸਮੇਂ ਵੀ ਬਹੁਤ ਸਾਰੇ ਸਿੰਧੀ ਸਿੱਖਾਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ ਹੈ।

# ਹਲਕਾ ਧਾਰੀਵਾਲ ਦੇ ਪਿੰਡਾਂ ਵਿਚ ਕਰਵਾਏ ਜਾ ਰਹੇ ਹਨ ਧਾਰਮਿਕ ਸਮਾਗਮ



ਧਾਰੀਵਾਲ- ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਹਕਲਾ ਧਾਰੀਵਾਲ ਦੇ ਵੱਖ-ਵੱਖ ਪਿੰਡਾਂ ਵਿਚ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬੀਬੀ ਜਸਬੀਰ ਕੌਰ ਜਫਰਵਾਲ ਅੰਤ੍ਰਿਗ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਜਥੇਦਾਰ ਰਤਨ ਸਿੰਘ ਜਫਰਵਾਲ ਦੇ ਉਪਰਾਲੇ ਨਾਲ ਕਰਵਾਏ ਜਾ ਰਹੇ ਇਨ੍ਹਾਂ ਸਮਾਗਮਾਂ ਦੀ ਹਲਕੇ ਵਿਚ ਅਰੰਭਤਾ ਪਿੰਡ ਕਲੇਰ ਤੋਂ ਕੀਤੀ ਗਈ। ਸ਼ਬਦ ਚੌਂਕੀ ਦੇ ਰੂਪ ਵਿਚ ਸ਼ਬਦ ਕੀਰਤਨ ਕਰਦਿਆਂ ਸੰਗਤਾਂ ਨੂੰ ਗੁਰਮਤਿ ਸਮਾਗਮ ਲਈ ਪ੍ਰੇਰਨਾ ਕੀਤੀ ਗਈ। ਉਪਰੰਤ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਵਿਚ ਜਥੇਦਾਰ ਰਤਨ ਸਿੰਘ ਜਫਰਵਾਲ ਅਤੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ ਨੇ ਸੰਗਤਾਂ ਨੂੰ ਅੰਮ੍ਰਿਤ ਛੱਕਣ ਲਈ ਪ੍ਰੇਰਨਾ ਕੀਤੀ। ਇਸ ਮੌਕੇ ਭਾਈ ਗੁਰਵਿੰਦਰ ਸਿੰਘ ਵੜੈਚ, ਭਾਈ ਲਖਬੀਰ ਸਿੰਘ ਤੇ ਬੀਬੀ ਰਾਜਬੀਰ ਕੌਰ ਪ੍ਰਚਾਰਕ, ਭਾਈ ਹਰਜੀਤ ਸਿੰਘ ਗ੍ਰੰਥੀ, ਭਾਈ ਲੱਖਾ ਸਿੰਘ ਦਰਦੀ ਢਾਡੀ ਭਾਈ ਸੰਦੀਪ ਸਿੰਘ ਤੇ ਭਾਈ ਪਾਲ ਸਿੰਘ ਸਮੇਤ ਸੰਗਤਾਂ ਹਾਜਰ ਸਨ।

# ਜਿਲ੍ਹਾ ਬਠਿੰਡਾ ਦੇ ਪਿੰਡ ਅਕਲੀਆ ਕਲਾਂ ਵਿਖੇ ਕਰਵਾਏ ਗਏ ਗਤਕਾ ਮੁਕਾਬਲੇ

ਬਠਿੰਡਾ- ਸ਼ਹੀਦ ਬਾਬਾ ਦੀਪ ਸਿੰਘ ਜੀ ਗੱਤਕਾ ਸੋਸਾਇਟੀ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਪਿਛਲੇ ਦਿਨੀਂ ਪਿੰਡ ਅਕਲੀਆ ਕਲਾਂ ਵਿਖੇ ਗੱਤਕਾ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਸਮੇਂ ਮੁੱਖ ਮਹਿਮਾਨ ਵਜੋਂ ਭਾਈ ਅਮਰੀਕ ਸਿੰਘ ਕੋਟਸ਼ਮੀਰ ਅੰਤ੍ਰਿੰਗ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪਹੁੰਚੇ। ਇਸ ਸਮੇਂ ਉਹਨਾਂ ਨੇ ਸੰਗਤ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਸੰਗਤਾਂ ਨੂੰ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਪ੍ਰੇਰਨਾ ਕੀਤੀ। ਉਨ੍ਹਾਂ ਪ੍ਰਬੰਧਕਾਂ ਦਾ ਅਜਿਹੇ ਸਮਾਗਮ ਲਈ ਧੰਨਵਾਦ ਕਰਦਿਆਂ ਮੁਕਾਬਲਿਆਂ ਵਿਚ ਸ਼ਾਮਲ ਹੋਣ ਵਾਲੇ ਬੱਚਿਆਂ ਨੂੰ ਆਸ਼ੀਰਵਾਦ ਦਿੱਤਾ ਗਿਆ। ਸ਼ਹੀਦ ਬਾਬਾ ਦੀਪ ਸਿੰਘ ਗੱਤਕਾ ਸੋਸਾਇਟੀ ਵੱਲੋਂ ਅੰਤ੍ਰਿੰਗ ਮੈਂਬਰ ਭਾਈ ਅਮਰੀਕ ਸਿੰਘ ਕੋਟਸ਼ਮੀਰ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਮੁਕਾਬਲੇ ਵਿਚ ਜੇਤੂ ਰਹਿਣ ਵਾਲੇ ਬੱਚਿਆਂ ਨੂੰ ਭਾਈ ਅਮਰੀਕ ਸਿੰਘ ਕੋਟਸ਼ਮੀਰ, ਸ. ਬਲਕਾਰ ਸਿੰਘ ਬਰਾੜ, ਸ. ਸਵਰਨ ਸਿੰਘ ਸਰਪੰਚ ਅਕਲੀਆ ਕਲਾਂ, ਸ. ਜਸਵਿੰਦਰ ਸਿੰਘ ਅਕਲੀਆਂ ਕਲਾਂ ਤੇ ਸ. ਪ੍ਰੇਮ ਸਿੰਘ ਪ੍ਰਧਾਨ ਸ਼ਹੀਦ ਬਾਬਾ ਦੀਪ ਸਿੰਘ ਗੱਤਕਾ ਸੋਸਾਇਟੀ ਅਕਲੀਆਂ ਕਲਾਂ ਨੇ ਸਨਮਾਨਤ ਕੀਤਾ। ਇਸ ਮੌਕੇ ਪਿੰਡ ਅਕਲੀਆਂ ਕਲਾਂ ਦੀ ਗੁਰਦੁਆਰਾ ਕਮੇਟੀ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।



# ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ 52ਵੇਂ ਹਫਤਾਵਾਰੀ ਗੁਰਮਤਿ ਸਮਾਗਮ ਸਮੇਂ 225 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ



ਤਲਵੰਡੀ ਸਾਬੋ, 20 ਜਨਵਰੀ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਤੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਰੰਭ ਕੀਤੀ ਗਈ ਗੁਰਮਤਿ ਪ੍ਰਚਾਰ ਲਹਿਰ ਤੇ ਹਫ਼ਤਾਵਾਰੀ ਸਮਾਗਮਾਂ ਦੀ ਲੜੀ ਤਹਿਤ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ 52ਵਾਂ ਹਫ਼ਤਾਵਾਰੀ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਭਾਈ ਭੋਲਾ ਸਿੰਘ ਇੰਚਾਰਜ, ਸਬ-ਆਫਿਸ ਧਰਮ ਪ੍ਰਚਾਰ ਕਮੇਟੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵਲੋਂ ਚਲਾਈ ਗੁਰਮਤਿ ਪ੍ਰਚਾਰ ਵਹੀਰ ਦੀ ਪ੍ਰੇਰਨਾ ਸਦਕਾ ਵੱਖ-ਵੱਖ ਇਲਾਕਿਆਂ ਤੋਂ 225 ਪ੍ਰਾਣੀਆਂ ਨੇ ਤਖਤ ਸ੍ਰੀ ਦਮਦਮਾ ਸਾਹਿਬ ਪਹੁੰਚ ਕੇ ਗੁਰਦੁਆਰਾ ਬਾਬਾ ਬੀਰ ਸਿੰਘ ਬਾਬਾ ਧੀਰ ਸਿੰਘ ਵਿਖੇ ਹੋਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਖੰਡੇ ਬਾਟੇ ਦੀ ਪਾਹੁਲ ਛਕੀ। ਇਸ ਹਫ਼ਤਾਵਾਰੀ ਸਮਾਗਮ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ, ਢਾਡੀ ਅਤੇ ਕਵੀਸ਼ਰ ਸਿੰਘਾਂ ਵੱਲੋਂ ਹਾਜ਼ਰੀ ਭਰੀ ਗਈ। ਇਸ ਮੌਕੇ ਭਾਈ ਕਰਨ ਸਿੰਘ ਮੈਨੇਜਰ ਤਖ਼ਤ ਸ੍ਰੀ ਦਮਦਮਾ ਸਾਹਿਬ, ਭਾਈ ਗੁਰਦੀਪ ਸਿੰਘ ਦੁਫੇੜਾ ਮੀਤ ਮੈਨੇਜਰ, ਭੁਪਿੰਦਰ ਸਿੰਘ ਲਹਿਰੀ, ਭਾਈ ਬਲਵੀਰ ਸਿੰਘ ਰਾਏਪੁਰ, ਭਾਈ ਸਵਰਨ ਸਿੰਘ, ਬਲਵੀਰ ਸਿੰਘ ਤੇ ਅਮਨਦੀਪ ਸਿੰਘ ਆਦਿ ਹਾਜ਼ਰ ਸਨ।

# ਸਰਦੂਲਗੜ੍ਹ ਦੇ ਪਿੰਡ ਰਾਏਪੁਰ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਸਮੇਂ 50 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ

ਸਰਦੂਲਗੜ੍ਹ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਅਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਅਰੰਭੀ ਗਈ ਪ੍ਰਚਾਰ ਲਹਿਰ ਤਹਿਤ ਹਲਕਾ ਸਰਦੂਲਗੜ੍ਹ ਦੇ ਪਿੰਡ ਰਾਏਪੁਰ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ।



ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਰਾਏਪੁਰ ਦੇ ਵਿਸ਼ੇਸ ਉਪਰਾਲੇ ਨਾਲ ਕਰਵਾਏ ਕਰਵਾਏ ਗਏ ਇਸ ਸਮਾਗਮ ਤੋਂ ਪਹਿਲਾਂ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਜਗਤਾਰ ਸਿੰਘ ਜੋੜਕੀਆਂ, ਭਾਈ ਅਮਰਦੀਪ ਸਿੰਘ ਤੇ ਭਾਈ ਗੁਰਮੀਤ ਸਿੰਘ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਸਮਾਗਮ ਕਰਕੇ ਸੰਗਤਾਂ ਨੂੰ ਅੰਮ੍ਰਿਤ ਛੱਕਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਹੋਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 50 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ।

## ਜਗਨਨਾਥ ਪੁਰੀ ਤੋਂ ਗੁਰਦੁਆਰਾ ਦਾਤਣ ਸਾਹਿਬ ਕੱਟਕ ਤੱਕ ਸਜਾਇਆ ਵਿਸ਼ਾਲ ਨਗਰ ਕੀਰਤਨ

# ਜਗਨਨਾਥ ਪੁਰੀ ਵਿਖੇ ਗੁਰਦੁਆਰਾ ਬਾਉਲੀ ਸਾਹਿਬ ਦੀ ਆਲੀਸ਼ਾਨ ਇਮਾਰਤ ਉਸਾਰੀ ਜਾਵੇਗੀ-ਭਾਈ ਲੌਂਗੋਵਾਲ





ਅੰਮ੍ਰਿਤਸਰ, 19 ਜਨਵਰੀ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉੜੀਸਾ ਸਿੱਖ ਪ੍ਰਤੀਨਿਧ ਬੋਰਡ ਦੇ ਸਹਿਯੋਗ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਗੁਰਦੁਆਰਾ ਬਾਉਲੀ ਸਾਹਿਬ ਜਗਨਨਾਥ ਪੁਰੀ ਤੋਂ ਗੁਰਦੁਆਰਾ ਦਾਤਣ ਸਾਹਿਬ ਕੱਟਕ ਤੱਕ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨਛੋਹ ਪ੍ਰਾਪਤ ਧਰਤੀ ਜਗਨਨਾਥ ਪੁਰੀ ਵਿਖੇ ਗੁਰੂ ਸਾਹਿਬ ਨੇ ਜਗਤ ਪ੍ਰਸਿੱਧ ਮਹਾਨ ਰਚਨਾ ਆਰਤੀ ਦਾ ਉਚਾਰਨ ਕੀਤਾ ਸੀ। ਇਥੇ ਗੁਰੂ ਸਾਹਿਬ ਜੀ ਦੀ ਯਾਦ ਵਿਚ ਇਤਿਹਾਸਕ ਗੁਰਦੁਆਰਾ ਬਾਉਲੀ ਸਾਹਿਬ ਸਥਿਤ ਹੈ, ਜਿਥੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਨਗਰ ਕੀਰਤਨ ਦੀ ਅਰੰਭਤਾ ਹੋਈ। ਇਸ ਮੌਕੇ ਖ਼ਾਸ ਗੱਲ ਇਹ ਰਹੀ ਕਿ ਉਚੇਚੇ ਤੌਰ 'ਤੇ ਪੁੱਜੇ ਉੜੀਸਾ ਸਰਕਾਰ ਦੇ ਪ੍ਰਿੰਸੀਪਲ ਸਕੱਤਰ ਨੇ ਗੁਰੂ ਸਾਹਿਬ ਦੇ ਇਤਿਹਾਸਕ ਅਸਥਾਨ ਦੀ ਸੇਵਾ-ਸੰਭਾਲ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਜ਼ੁੰਮੇਵਾਰੀ ਸੌਂਪ ਦਿੱਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਉੜੀਸਾ ਸਰਕਾਰ ਵੱਲੋਂ ਗੁਰੂ ਸਾਹਿਬ ਦੇ ਅਸਥਾਨ ਦੀ ਸੇਵਾ-ਸੰਭਾਲ ਦੀ ਜ਼ੁੰਮੇਵਾਰੀ ਸ਼੍ਰੋਮਣੀ ਕਮੇਟੀ ਨੂੰ ਦੇਣ ਲਈ ਧੰਨਵਾਦ ਕੀਤਾ। ਭਾਈ ਲੌਂਗੋਵਾਲ ਨੇ ਇਸ ਮੌਕੇ ਐਲਾਨ ਕੀਤਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਥੇ ਗੁਰਦੁਆਰਾ ਸਾਹਿਬ ਦੀ ਖ਼ੂਬਸੂਰਤ ਇਮਾਰਤ ਉਸਾਰੀ ਜਾਵੇਗੀ। ਭਾਈ ਲੌਂਗੋਵਾਲ ਨੇ ਕਿਹਾ ਕਿ ਉੜੀਸਾ ਸਰਕਾਰ ਦੇ ਫੈਸਲੇ ਨਾਲ ਦੁਨੀਆਂ ਦੇ ਸਿੱਖਾਂ ਦੀ ਚਿਰਾਂ ਤੋਂ ਚੱਲ ਰਹੀ ਮੰਗ ਪੂਰੀ ਹੋਈ ਹੈ, ਜਿਸ ਨਾਲ ਗੁਰੂ ਨਾਨਕ ਨਾਮ ਲੇਵਾ ਸੰਗਤ ਗੁਰੂ ਸਾਹਿਬ ਦੇ ਅਸਥਾਨ ਦੇ ਦਰਸ਼ਨ ਕਰ ਸਕੇਗੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਖ਼ੁਸ਼ਵਿੰਦਰ ਸਿੰਘ ਭਾਟੀਆ, ਮੈਂਬਰ ਸ. ਗੁਰਮੀਤ ਸਿੰਘ ਬੂਹ, ਭਾਈ ਅਜਾਇਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂੰ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਮੀਤ ਸਕੱਤਰ ਸ. ਸਿਮਰਜੀਤ ਸਿੰਘ ਕੰਗ, ਸ. ਕਰਮਬੀਰ ਸਿੰਘ ਕਿਆਮਪੁਰ, ਸ੍ਰੀ ਪ੍ਰਦੀਪ ਮਹਾਪਾਤਰਾ ਆਈ.ਏ.ਐਸ. ਜਗਨਨਾਥ ਮੰਦਰ ਟਰੱਸਟ, ਸ੍ਰੀ ਬਿਜੈ ਸਾਹੂ ਚੇਅਰਮੈਨ ਜਗਨਨਾਥ ਮੰਦਰ ਟਰੱਸਟ, ਸ੍ਰੀ ਮਧੂਸੂਦਨ ਦਾਸ ਏ.ਡੀ.ਐਮ. ਜਗਨਨਾਥ ਮੰਦਰ ਟਰੱਸਟ, ਮਹੇਸ਼ਵਰ ਮਹੰਤੀ ਸੈਰ-ਸਪਾਟਾ ਮੰਤਰੀ ਉੜੀਸਾ, ਸ. ਜਗਮੋਹਨ ਸਿੰਘ ਗਿੱਲ ਇੰਚਾਰਜ ਸਿੱਖ ਮਿਸ਼ਨ ਕਲਕੱਤਾ, ਸ. ਦਿਲਸ਼ਾਹ ਸਿੰਘ ਅਨੰਦ ਦਾ ਵਿਸ਼ੇਸ਼ ਤੌਰ 'ਤੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਉੜੀਸਾ ਸਿੱਖ ਪ੍ਰਤੀਨਿਧ ਬੋਰਡ ਵੱਲੋਂ ਸਨਮਾਨ ਕੀਤਾ ਗਿਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸ. ਗੁਰਮੀਤ ਸਿੰਘ ਇੰਚਾਰਜ, ਸ. ਗੁਰਦੀਪ ਸਿੰਘ ਰੋੜਕਿਲ੍ਹਾ, ਸ. ਗੁਰਮੀਤ ਸਿੰਘ ਰੋੜਕਿਲ੍ਹਾ, ਸ. ਗੁਰਮੁੱਖ ਸਿੰਘ ਪ੍ਰਧਾਨ ਸੈਂਟਰਲ ਗੁਰਦੁਆਰਾ, ਸ. ਇੰਦਰਜੀਤ ਸਿੰਘ ਟਾਟਾ ਨਗਰ ਮੀਤ ਪ੍ਰਧਾਨ ਤਖ਼ਤ ਸ੍ਰੀ ਪਟਨਾ ਸਾਹਿਬ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਸ. ਰਾਜਿੰਦਰ ਸਿੰਘ ਚਾਹਲ, ਸ. ਜਤਿੰਦਰ ਸਿੰਘ ਖਲਕਪੁਰਾ, ਭਾਈ ਜਗਦੇਵ ਸਿੰਘ ਹੈੱਡ ਪ੍ਰਚਾਰਕ, ਭਾਈ ਗੁਰਬਚਨ ਸਿੰਘ ਕਲਸੀਆਂ, ਭਾਈ ਮਨਮੀਤ ਸਿੰਘ ਪ੍ਰਚਾਰਕ, ਭਾਈ ਰਣਜੀਤ ਸਿੰਘ ਪ੍ਰਚਾਰਕ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤ ਮੌਜੂਦ ਸੀ।

# 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੱਟਕ ਵਿਖੇ ਵਿਸ਼ਾਲ ਗੁਰਮਤਿ ਸਮਾਗਮ







ਅੰਮ੍ਰਿਤਸਰ, 20 ਜਨਵਰੀ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਉੜੀਸਾ ਵਿਚ ਗੁਰਦੁਆਰਾ ਗੁਰੂ ਨਾਨਕ ਦਾਤਣ ਸਾਹਿਬ ਕੱਟਕ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕੀਤਾ ਗਿਆ। ਇਸ ਸਮਾਗਮ ਵਿਚ ਉੜੀਸਾ ਸਿੱਖ ਪ੍ਰਤੀਨਿਧ ਬੋਰਡ, ਸਿੰਘ ਸਭਾਵਾਂ ਤੇ ਹੋਰ ਗੁਰਦੁਆਰਾ ਕਮੇਟੀਆਂ ਨੇ ਵਿਸ਼ੇਸ਼ ਸਹਿਯੋਗ ਦਿੱਤਾ। ਸ਼੍ਰੋਮਣੀ ਕਮੇਟੀ ਵੱਲੋਂ ਉੜੀਸਾ ਵਿਚ ਦੋ ਦਿਨਾ ਸਮਾਗਮਾਂ ਤਹਿਤ ਗੁਰਦੁਆਰਾ ਬਾਉਲੀ ਸਾਹਿਬ ਜਗਨਨਾਥ ਪੁਰੀ ਤੋਂ ਗੁਰਦੁਆਰਾ ਦਾਤਣ ਸਾਹਿਬ ਕੱਟਕ ਤੱਕ ਨਗਰ ਕੀਰਤਨ ਸਜਾਇਆ ਗਿਆ ਸੀ। ਜ਼ਿਕਰਯੋਗ ਹੈ ਕਿ ਦੋਵੇਂ ਹੀ ਗੁਰਦੁਆਰਾ ਸਾਹਿਬ ਪਹਿਲੇ ਪਾਤਸ਼ਾਹ ਜੀ ਦੀ ਚਰਨ ਛੋਹ ਪ੍ਰਾਪਤ ਹਨ। ਗੁਰਦੁਆਰਾ ਦਾਤਣ ਸਾਹਿਬ ਵਿਖੇ ਹੋਏ ਗੁਰਮਤਿ ਸਮਾਗਮ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸ਼੍ਰੋਮਣੀ ਕਮੇਟੀ ਉੜੀਸਾ ਸੂਬੇ ਅੰਦਰ ਸਿੱਖੀ ਦੇ ਪ੍ਰਚਾਰ ਲਈ ਵੱਡੇ ਯਤਨ ਕਰੇਗੀ ਅਤੇ ਜਿਥੇ-ਜਿਥੇ ਵੀ ਪ੍ਰਚਾਰਕਾਂ ਤੇ ਧਾਰਮਿਕ ਅਧਿਆਪਕਾਂ ਦੀ ਲੋੜ ਹੋਵੇਗੀ ਉਸ ਦੀ ਪੂਰਤੀ ਕੀਤੀ ਜਾਵੇਗੀ। ਉਨ੍ਹਾਂ ਗੁਰਦੁਆਰਾ ਬਾਉਲੀ ਸਾਹਿਬ ਜਗਨਨਾਥਪੁਰੀ ਦੇ ਨਿਰਮਾਣ ਦੀ ਜਿੰਮੇਵਾਰੀ ਸ਼੍ਰੋਮਣੀ ਕਮੇਟੀ ਨੂੰ ਦੇਣ ਲਈ ਉੜੀਸਾ ਦੇ ਮੁੱਖ ਮੰਤਰੀ ਅਤੇ ਜਗਨਨਾਥ ਪੁਰੀ ਮੰਦਰ ਟ੍ਰਸਟ ਦਾ ਧੰਨਵਾਦ ਕਰਦਿਆ ਕਿਹਾ ਕਿ ਇਹ ਸਿੱਖ ਸੰਗਤ ਦੀਆਂ ਭਾਵਨਾਵਾਂ ਅਨੁਸਾਰ ਲਿਆ ਗਿਆ ਫੈਸਲਾ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਜਿਥੇ ਗੁਰਦੁਆਰਾ ਦਾਤਣ ਸਾਹਿਬ ਦੀ ਲਾਇਬ੍ਰੇਰੀ ਲਈ ਧਾਰਮਿਕ ਪੁਸਤਕਾਂ ਦਾ ਐਲਾਨ ਕੀਤਾ ਉਥੇ ਹੀ ਇੱਕ ਲੱਖ ਰੁਪਏ ਦੀ ਸਕਾਇਤਾ ਦਾ ਚੈਕ ਵੀ ਦਿੱਤਾ।

ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਨੇ ਸੰਗਤ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਬਾਣੀ ਤੇ ਬਾਣੇ ਨਾਲ ਜੁੜਨ ਦੀ ਪ੍ਰੇਰਨਾ ਕੀਤੀ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਇਸ ਮੌਕੇ ਹੋਏ ਅੰਮ੍ਰਿਤ ਸੰਚਾਰ ਦੌਰਾਨ 22 ਪ੍ਰਾਣੀ ਗੁਰੂ ਵਾਲੇ ਬਣੇ ਜਿਨ੍ਹਾਂ ਨੂੰ ਕਕਾਰ ਸ਼੍ਰੋਮਣੀ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਖ਼ੁਸ਼ਵਿੰਦਰ ਸਿੰਘ ਭਾਟੀਆ, ਮੈਂਬਰ ਸ. ਗੁਰਮੀਤ ਸਿੰਘ ਬੂਹ, ਭਾਈ ਅਜਾਇਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂੰ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਮੀਤ ਸਕੱਤਰ ਸ. ਸਿਮਰਜੀਤ ਸਿੰਘ ਕੰਗ, ਸ. ਕਰਮਬੀਰ ਸਿੰਘ ਕਿਆਮਪੁਰ ਨੂੰ ਸਥਾਨਕ ਸਿੱਖ ਆਗੂਆਂ ਨੇ ਸਨਮਾਨਿਤ ਕੀਤਾ। ਇਸ ਤੋਂ ਇਲਾਵਾ ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਸਥਾਨਕ ਵਿਧਾਇਕ ਸ੍ਰੀ ਪ੍ਰਵਾਤ ਰੰਜਨ ਵਿਸਵਾਲ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਨਮਾਨਿਤ ਕੀਤਾ।

ਇਸ ਮੌਕੇ ਹੋਰਨਾ ਤੋਂ ਇਲਾਵਾ ਸ. ਜਗਮੋਹਨ ਸਿੰਘ ਗਿੱਲ ਇੰਚਾਰਜ ਸਿੱਖ ਮਿਸ਼ਨ ਕਲਕੱਤਾ, ਸ. ਗੁਰਮੀਤ ਸਿੰਘ ਇੰਚਾਰਜ, ਸ. ਗੁਰਦੀਪ ਸਿੰਘ ਰੋੜਕਿਲ੍ਹਾ, ਸ. ਗੁਰਮੀਤ ਸਿੰਘ ਰੋੜਕਿਲ੍ਹਾ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਭਾਈ ਜਗਦੇਵ ਸਿੰਘ ਹੈੱਡ ਪ੍ਰਚਾਰਕ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤ ਮੌਜੂਦ ਸੀ।

### ਉੜੀਸਾ ਵਿਖੇ ਵੱਖ-ਵੱਖ ਸ਼ਹਿਰਾਂ 'ਚ ਕਰਵਾਏ ਗਏ ਗੁਰਮਤਿ ਸਮਾਗਮ

ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਵੱਖ-ਵੱਖ ਸੂਬਿਆਂ ਵਿਚ ਆਰੰਭੀ ਗਈ ਗੁਰਮਤਿ ਸਮਾਗਮਾਂ ਦੀ ਲੜੀ ਤਹਿਤ ਉੜੀਸਾ ਦੇ ਗੁਰਦੁਆਰਾ ਸ੍ਰੀ ਗੁਰੂ ਨਾਨਕ ਸੰਗਤ ਸਾਹਿਬ ਬਦਰਾਕ, ਗੁਰਦੁਆਰਾ ਗੁਰੂ ਅਰਜਨ ਦੇਵ ਜੀ ਰੋਰਕੇਲਾ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰਾਜਗੰਗਪੁਰ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਜਾਰਸਗੁਡਾ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਬੇਪਲਹਾਰ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਬਰਾਜਰਾਜਨਗਰ, ਗੁਰਦੁਆਰਾ ਗੁਰੂ ਨਾਨਕ ਦਰਬਾਰ ਬਰਾਏਪਾਲੀ (ਸੰਭਲਪੁਰ), ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਬਾਰਗੜ੍ਹ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਭਵਾਨੀਪਟਨਾ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮੋਦੀਪਾਰਾ (ਸੰਭਲਪੁਰ), ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਜੀ, ਵੇਦਵਿਆਸ (ਰੋਰਕੇਲਾ), ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਬਰਬਿਲ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਕਿਉਂਜਾਰ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਤਾਲਚਰ ਆਦਿ ਵਿਖੇ ਗੁਰਮਤਿ ਸਮਾਗਮ ਕਰਵਾਏ ਗਏ ਹਨ। ਇਨ੍ਹਾਂ ਸਮਾਗਮਾਂ ਵਿਚ ਉੜੀਸਾ ਸਿੱਖ ਪ੍ਰਤੀਨਿਧ ਬੋਰਡ ਦੇ ਪ੍ਰਧਾਨ ਸ. ਮਹਿੰਦਰ ਸਿੰਘ ਭੁਵਨੇਸ਼ਵਰ, ਸ. ਗੁਰਮੀਤ ਸਿੰਘ ਸਾਬਕਾ ਪ੍ਰਧਾਨ ਗੁਰਦੁਆਰਾ ਸਾਹਿਬ ਰੋੜਕਿਲ੍ਹਾ, ਸ. ਗੁਰਦੀਪ ਸਿੰਘ ਸਾਬਕਾ ਸਕੱਤਰ ਰੋੜਕਿਲ੍ਹਾ, ਬੀਬੀ ਪਰਮਜੀਤ ਕੌਰ ਭਦਰੱਕ, ਸ. ਗੁਰਦੇਵ ਸਿੰਘ ਕੱਟਕ, ਸ. ਨਿਰਮਲ ਸਿੰਘ, ਸ. ਬਲਦੇਵ ਸਿੰਘ, ਗਿਆਨੀ ਭਗਵੰਤ ਸਿੰਘ ਹੈੱਡ ਗ੍ਰੰਥੀ ਸਮੇਤ ਹੋਰ ਸ਼ਖ਼ਸੀਅਤਾਂ ਨੇ ਭਰਵਾਂ ਸਹਿਯੋਗ ਦਿੱਤਾ।



ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਗੁਰਦੁਆਰਾ ਗੁਰੂ ਨਾਨਕ ਦਾਤਣ ਸਾਹਿਬ, ਕਟਕ (ਉੜੀਸਾ) ਵਿਖੇ ਪਹੁੰਚੇ ਪੰਜ ਪਿਆਰੇ ਸਾਹਿਬਾਨ ਵੱਲੋਂ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ ਜਿਸ ਵਿਚ 22 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਛਕ ਕੇ ਖ਼ਾਲਸਾ ਪੰਥ ਵਿਚ ਪ੍ਰਵੇਸ਼ ਕੀਤਾ



ਸ਼੍ਰੋਮਣੀ ਕਮੇਟੀ ਹਲਕਾ ਬਟਾਲਾ ਦੇ ਪਿੰਡ ਚੀਮੇ ਭਿੱਟੇਵਡ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 58 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



1 ਜਨਵਰੀ ਨੂੰ ਗੁਰਦੁਆਰਾ ਅਜੀਤਸਰ ਸਾਹਿਬ ਰਤੀਆ, ਫਤਿਆਬਾਦ (ਹਰਿਆਣਾ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਦੌਰਾਨ 31 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।



2 ਜਨਵਰੀ ਨੂੰ ਗੁਰਦੁਆਰਾ ਸਾਹਿਬ ਪਿੰਡ ਆਲੀਕਾ (ਮਾਨਸਾ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 34 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।



ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ 5 ਜਨਵਰੀ ਨੂੰ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 33 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ।



ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਬੁੱਢਾ ਜੌਹੜ (ਰਾਜਸਥਾਨ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 27 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਹਲਕਾ ਸਮਾਣਾ ਦੇ ਗੁਰਦੁਆਰਾ ਗੁਰੂ ਤੇਗ ਬਹਾਦਰ ਸਾਹਿਬ ਪਾਤੜਾਂ ਵਿਖੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ ਜਿਸ ਵਿਚ 33 ਅੰਮ੍ਰਿਤ ਅਭਿਲਾਖੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।



14 ਜਨਵਰੀ ਨੂੰ ਮਾੜੀ ਗੌੜ ਸਿੰਘ (ਤਰਨ ਤਾਰਨ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 61 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਯੂ.ਪੀ. ਸਿੱਖ ਮਿਸ਼ਨ ਹਾਪੁੜ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 14 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਗੁਹਲਾ ਚੀਕਾ ਵਿਖੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ ਜਿਸ ਵਿਚ 45 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਚਕ ਕੇ ਖ਼ਾਲਸਾ ਪੰਥ ਵਿਚ ਪ੍ਰਵੇਸ਼ ਕੀਤਾ।



ਗੁਰਦੁਆਰਾ ਸਾਹਿਬ ਪਾਤਸ਼ਾਹੀ ਅੱਠਵੀਂ ਪੰਜੋਖਰਾ ਸਾਹਿਬ (ਹਰਿਆਣਾ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 46 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



6 ਜਨਵਰੀ ਨੂੰ ਪਿੰਡ ਡੇਹਰੀਵਾਲ ਹਲਕਾ ਮਤੇਵਾਲ ਵਿਖੇ ਹੋਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 70 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



6 ਜਨਵਰੀ ਨੂੰ ਗੁਰਦੁਆਰਾ ਬਾਬਾ ਬੀਰ ਸਿੰਘ ਜੀ ਬਾਬਾ ਧੀਰ ਸਿੰਘ ਜੀ ਤਲਵੰਡੀ ਸਾਬੋ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 161 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।



10 ਜਨਵਰੀ ਨੂੰ ਗੁਰੂ ਅਰਜਨ ਦੇਵ ਪਬਲਿਕ ਸਕੂਲ ਬਾਰਠ ਸਾਹਿਬ ਵਿਖੇ ਬੱਚਿਆਂ ਨੂੰ ਧਾਰਮਿਕ ਪ੍ਰੀਖਿਆ ਦੇ ਵਜ਼ੀਫੇ ਵੰਡਦੇ ਹੋਏ ਭਾਈ ਅਮਰੀਕ ਸਿੰਘ ਚਿੱਟੀ ਤੇ ਭਾਈ ਜਗਦੇਵ ਸਿੰਘ ਪ੍ਰਚਾਰਕ।



ਨਕੋਦਰ ਦੇ ਪਿੰਡ ਮੰਡਿਆਲਾ ਵਿਖੇ ਲਗਾਏ ਗਏ ਗੁਰਮਤਿ ਸਿਖਲਾਈ ਕੈਂਪ ਦੀ ਸਮਾਪਤੀ ਸਮੇਂ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਭਾਈ ਪਰਮਜੀਤ ਸਿੰਘ ਪ੍ਰਚਾਰਕ ਤੇ ਹੋਰ।



ਪਿੰਡ ਸੁਲਤਾਨਵਿੰਡ ਦੀ ਪੱਤੀ ਬੋਲਲ ਵਿਖੇ ਸ਼੍ਰੋਮਣੀ ਕਮੇਟੀ ਮੈਂਬਰ ਸ. ਹਰਜਾਪ ਸਿੰਘ ਸੁਲਤਾਨਵਿੰਡ ਦੇ ਸਹਿਯੋਗ ਨਾਲ ਲਗਾਏ ਗਏ ਗੁਰਮਤਿ ਕੈਂਪ ਸਮੇਂ ਬੱਚਿਆਂ ਨੂੰ ਗੁਰਮਤਿ ਦੀ ਜਾਣਕਾਰੀ ਦਿੰਦੇ ਹੋਏ ਬੀਬੀ ਅਮਨਦੀਪ ਕੌਰ ਪ੍ਰਚਾਰਕ।



ਸ੍ਰੀ ਗੁਰੂ ਨਾਨਕ ਦੇਵ ਸੀਨੀ: ਸੈਕੰ: ਸਕੂਲ ਰੋਰਕਿਲਾ (ਉਡੀਸਾ) ਵਿਖੇ ਬੱਚਿਆਂ ਨੂੰ ਸਿੱਖ ਧਰਮ ਦੀ ਜਾਣਕਾਰੀ ਦਿੰਦੇ ਹੋਏ ਹੈਡ ਪ੍ਰਚਾਰਕ ਭਾਈ ਜਗਦੇਵ ਸਿੰਘ ਤੇ ਪ੍ਰਚਾਰਕ ਭਾਈ ਗੁਰਬਚਨ ਸਿੰਘ ਕਲਸੀਆਂ।



ਹਲਕਾ ਮੂਨਕ ਦੇ ਪਿੰਡ ਮੰਡਵੀ ਬੱਚਿਆਂ ਲਈ ਲਗਾਏ ਗਏ ਗੁਰਮਤਿ ਤੇ ਦਸਤਾਰ ਸਿਖਲਾਈ ਕੈਂਪ ਸਮੇਂ ਬੱਚਿਆਂ ਨਾਲ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ।



ਹਲਕਾ ਮੂਨਕ ਦੇ ਪਿੰਡ ਮਕੋਰੜ ਸਾਹਿਬ ਵਿਖੇ ਲਗਾਏ ਗਏ ਗੁਰਮਤਿ ਸਿਖਲਾਈ ਕੈਂਪ ਦੀ ਸਮਾਪਤੀ ਸਮੇਂ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ।



7 ਜਨਵਰੀ ਨੂੰ ਪਿੰਡ ਛੀਨਾ ਵਿਖੇ ਬੱਚਿਆਂ ਦੇ ਕਰਵਾਏ ਗਏ ਕਵਿਤਾ ਤੇ ਕਵੀਸ਼ਰੀ ਮੁਕਾਬਲੇ ਸਮੇਂ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ।



20 ਜਨਵਰੀ ਨੂੰ ਹਲਕਾ ਝਬਾਲ ਦੇ ਸ਼ਹੀਦ ਬਾਬਾ ਜੀਵਨ ਸਿੰਘ ਖਾਲਸਾ ਕਾਲਜ ਸਤਲਾਣੀ ਸਾਹਿਬ ਹੁਸ਼ਿਆਰ ਨਗਰ, ਅਟਾਰੀ ਵਿਖੇ ਕਰਵਾਏ ਦਸਤਾਰ ਮੁਕਾਬਲੇ ਦੇ ਜੇਤੂਆਂ ਨੂੰ ਸਨਮਾਨਿਤ ਕਰਦੇ ਹੋਏ ਸਾਬਕਾ ਮੰਤਰੀ ਜਥੇ. ਗੁਲਜ਼ਾਰ ਸਿੰਘ ਰਣੀਕੇ ਤੇ ਹੋਰ।



22 ਜਨਵਰੀ ਨੂੰ ਮਹਾਰਾਜਾ ਰਣਜੀਤ ਸਿੰਘ ਸੀਨੀ: ਸੈਕੰ: ਸਕੂਲ ਦਿਆਲਪੁਰਾ (ਤਰਨ ਤਾਰਨ) ਵਿਖੇ ਬੱਚਿਆਂ ਨੂੰ ਗੁਰਮਤਿ ਸਿਧਾਂਤਾਂ ਦੀ ਜਾਣਕਾਰੀ ਦਿੰਦੇ ਹੋਏ ਪ੍ਰਚਾਰਕ ਭਾਈ ਅਵਤਾਰ ਸਿੰਘ।



19 ਜਨਵਰੀ ਨੂੰ ਬੇਬੇ ਨਾਨਕੀ ਕਾਲਜ ਧਾਰੀਵਾਲ ਵਿਖੇ ਵਿਦਿਆਰਥੀਆਂ ਨਾਲ ਸੰਵਾਦ ਰਚਾਉਂਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਪਰਮਜੀਤ ਸਿੰਘ ਦੀਨਾਨਗਰ।



ਨਨਕਾਣਾ ਸਾਹਿਬ ਪਬਲਿਕ ਸੀਨੀ:ਸੈਕੰ: ਸਕੂਲ ਰਾਮਪੁਰ ਲੁਧਿਆਣਾ ਵਿਖੇ ਬੱਚਿਆਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਕਰਦੇ ਹੋਏ ਪ੍ਰਚਾਰਕ ਭਾਈ ਮਨਜੀਤ ਸਿੰਘ।



ਮਹਿਮੂਦਪੁਰਾ ਦੇ ਬੱਚਿਆਂ ਨੂੰ ਗੁਰਮਤਿ ਸਿਖਲਾਈ ਲਈ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਲਿਜਾਇਆ ਗਿਆ ਜਿੱਥੇ ਹੈਡ ਗ੍ਰੰਥੀ ਭਾਈ ਸੁਰਜੀਤ ਸਿੰਘ ਸਭਰਾ ਵੱਲੋਂ ਬੱਚਿਆਂ ਨੂੰ ਸਿੱਖੀ ਦੀ ਜਾਣਕਾਰੀ ਦਿੱਤੀ ਗਈ।

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ



ਅੰਮ੍ਰਿਤਸਰ 12 ਜਨਵਰੀ- ਧਰਮ ਅਤੇ ਮਨੁੱਖਤਾ ਦੀ ਰੱਖਿਆ ਖਾਤਰ ਆਪਣਾ ਸਰਬੰਸ ਕੁਰਬਾਨ ਕਰਨ ਵਾਲੇ ਸਾਹਿਬ-ਏ-ਕਮਾਲ, ਨੀਲੇ ਦੇ ਸ਼ਾਹ-ਅਸਵਾਰ, ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤ ਦੇ ਸਹਿਯੋਗ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਵਿਸ਼ਾਲ ਨਗਰ-ਕੀਰਤਨ ਸਜਾਇਆ ਗਿਆ। ਫੁੱਲਾਂ ਨਾਲ ਸਜੀ ਸੁਨਹਿਰੀ ਪਾਲਕੀ ਵਿੱਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਤਾਬਿਆ ਬੈਠੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਸੁਖਜਿੰਦਰ ਸਿੰਘ ਨੇ ਚੌਰ ਸਾਹਿਬ ਦੀ ਸੇਵਾ ਨਿਭਾਈ। ਨਗਰ ਕੀਰਤਨ ਵਿੱਚ ਸਮੂਹ ਨਿਹੰਗ ਸਿੰਘ ਜਥੇਬੰਦੀਆਂ, ਧਾਰਮਿਕ ਟਕਸਾਲਾਂ, ਸਕੂਲਾਂ/ਕਾਲਜਾਂ ਦੇ ਵਿਦਿਆਰਥੀ, ਵੱਖ-ਵੱਖ ਬੈਂਡ ਪਾਰਟੀਆਂ, ਗੱਤਕਾ ਪਾਰਟੀਆਂ ਤੇ ਸਤਿਨਾਮੁ-ਵਾਹਿਗੁਰੂ ਦਾ ਜਾਪ ਕਰਦੀ ਸੰਗਤ ਸ਼ਾਮਲ ਸੀ। ਇਹ ਨਗਰ ਕੀਰਤਨ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋ ਕੇ ਸ੍ਰੀ ਗੁਰੂ ਰਾਮਦਾਸ ਨਿਵਾਸ, ਬ੍ਰਹਮ ਬੂਟਾ ਮਾਰਕੀਟ, ਚੌਂਕ ਘੰਟਾ ਘਰ, ਬਜ਼ਾਰ ਮਾਈ ਸੇਵਾ, ਬਾਜ਼ਾਰ ਕਾਠੀਆਂ, ਬਾਜ਼ਾਰ ਪਾਪੜਾਂ, ਬਜ਼ਾਰ ਬਾਸਾਂ, ਚੌਂਕ ਛੱਤੀ ਖੂਹੀ, ਚਾਵਲ ਮੰਡੀ, ਕਣਕ ਮੰਡੀ, ਢਾਬ ਵਸਤੀ ਰਾਮ, ਚੌਂਕ ਚਿੰਤਪੁਰਨੀ, ਜੌੜਾ ਪਿੱਪਲ, ਚੌਂਕ ਚਬੂਤਰਾ, ਚੌਂਕ ਜੈ ਸਿੰਘ, ਚੌਂਕ ਮੋਨੀ, ਚੌਂਕ ਕਰੋੜੀ, ਚੌਂਕ ਬਾਬਾ ਸਾਹਿਬ, ਚੌਂਕ ਪ੍ਰਾਗਦਾਸ ਤੋਂ ਸ੍ਰੀ ਗੁਰੂ ਰਾਮਦਾਸ ਨਿਵਾਸ ਤੋਂ ਹੁੰਦਾ ਹੋਇਆ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੰਪੰਨ ਹੋਇਆ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਸੁਖਜਿੰਦਰ ਸਿੰਘ ਨੇ ਕਿਹਾ ਕਿ ਦਸਮੇਸ਼ ਪਿਤਾ ਜੀ ਦਾ ਸਮੁੱਚਾ ਜੀਵਨ ਹੀ ਹੱਕ, ਸੱਚ, ਨਿਆਂ ਅਤੇ ਧਰਮ ਦੀ ਰਖਵਾਲੀ ਲਈ ਸੇਧਤ ਸੀ। ਉਨ੍ਹਾਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਤੇ ਫਲਸਫੇ ਤੋਂ ਸੇਧ ਪ੍ਰਾਪਤ ਕਰਕੇ ਜੀਵਨ ਜਿਉਣ ਦੀ ਸੰਗਤ ਨੂੰ ਅਪੀਲ ਕੀਤੀ ਅਤੇ ਕਿਹਾ ਕਿ ਖੰਡੇ-ਬਾਟੇ ਦੀ ਪਾਹੁਲ ਛਕ ਕੇ ਇਕ ਨਰੋਏ ਸਮਾਜ ਦੀ ਸਿਰਜਨਾ ਕਰਨ ਅਤੇ ਦਸਮ ਪਿਤਾ ਵੱਲੋਂ ਦਰਸਾਏ ਮਾਰਗ ਦੇ ਪਾਂਧੀ ਬਣਨ। ਨਗਰ ਕੀਰਤਨ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਮ ਸਿੰਘ, ਸ. ਹਰਜਾਪ ਸਿੰਘ ਸੁਲਤਾਨਵਿੰਡ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਿਮਰਜੀਤ ਸਿੰਘ, ਸ. ਸੁਲੱਖਣ ਸਿੰਘ ਭੰਗਾਲੀ, ਸ. ਹਰਜਿੰਦਰ ਸਿੰਘ ਕੈਰੋਵਾਲ, ਸ. ਗੁਰਿੰਦਰ ਸਿੰਘ ਮੈਨੇਜਰ ਤੇ ਸ. ਮੁਖਤਾਰ ਸਿੰਘ, ਸ. ਸਤਨਾਮ ਸਿੰਘ ਸੁਪ੍ਰਿੰਟੈਂਡੈਂਟ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ, ਵਧੀਕ ਮੈਨੇਜਰ ਸ. ਸੁਖਬੀਰ ਸਿੰਘ, ਸ. ਸੁਖਰਾਜ ਸਿੰਘ, ਸ. ਬਘੇਲ ਸਿੰਘ, ਸ. ਜਗਤਾਰ ਸਿੰਘ ਤੇ ਸ. ਨਿਸ਼ਾਨ ਸਿੰਘ, ਸ. ਸੁਰਿੰਦਰ ਸਿੰਘ ਰੁਮਾਲਿਆਂ ਵਾਲੇ, ਮੀਤ ਮੈਨੇਜਰ ਸ. ਗੁਰਪ੍ਰੀਤ ਸਿੰਘ, ਸ. ਪ੍ਰੀਤਪਾਲ ਸਿੰਘ ਐਲ. ਏ., ਇੰਚਾਰਜ ਪ੍ਰੋ. ਸੁਖਦੇਵ ਸਿੰਘ, ਸ. ਨਿਰਮਲ ਸਿੰਘ, ਸ਼੍ਰੋਮਣੀ ਕਮੇਟੀ, ਧਰਮ ਪ੍ਰਚਾਰ ਕਮੇਟੀ ਤੇ ਸ੍ਰੀ ਦਰਬਾਰ ਸਾਹਿਬ ਦੇ ਸਟਾਫ਼ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਨੇ ਹਾਜ਼ਰ ਸਨ।

# ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਜ਼ਿਲ੍ਹੇ-ਵਾਰ ਵਿਸ਼ੇਸ਼ ਗੁਰਮਤਿ ਸਮਾਗਮ ਸਬੰਧੀ ਸਬ-ਕਮੇਟੀ ਦੀ ਇਕੱਤਰਤਾ



ਅੰਮ੍ਰਿਤਸਰ 2 ਜਨਵਰੀ- ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੰਜਾਬ ਅੰਦਰ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਏ ਜਾਣਗੇ। ਇਸ ਸਬੰਧੀ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਬਣਾਈ ਸਬ-ਕਮੇਟੀ ਦੀ ਇਕੱਤਰਤਾ ਇਥੇ ਸ਼੍ਰੋਮਣੀ ਕਮੇਟੀ ਮੁੱਖ ਦਫ਼ਤਰ ਵਿਖੇ ਜੂਨੀਅਰ ਮੀਤ ਪ੍ਰਧਾਨ ਸ. ਬਿੱਕਰ ਸਿੰਘ ਚੰਨੂ ਦੀ ਅਗਵਾਈ ਵਿਚ ਹੋਈ। ਇਕੱਤਰਤਾ ਦੌਰਾਨ ਸਮਾਗਮਾਂ ਦੀ ਰੂਪ-ਰੇਖਾ ਤਿਆਰ ਕਰਕੇ ਪ੍ਰਵਾਨਗੀ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਭੇਜੀ ਗਈ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਦੱਸਿਆ ਕਿ 550ਵੇਂ ਪ੍ਰਕਾਸ਼ ਪੁਰਬ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਪੰਜਾਬ ਦੇ ਹਰ ਜ਼ਿਲ੍ਹੇ ਵਿਚ ਇਕ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਉਣ ਦੀ ਰੂਪ-ਰੇਖਾ ਤਿਆਰ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਲੜੀ ਤਹਿਤ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਨਾਲ ਸਬੰਧਤ ਪਾਵਨ ਅਸਥਾਨਾਂ ਤੋਂ ਇਲਾਵਾ ਇਤਿਹਾਸਕ ਗੁਰਦੁਆਰਾ ਸਾਹਿਬਾਨਾਂ ਅੰਦਰ ਗੁਰਮਤਿ ਸਮਾਗਮ ਹੋਣਗੇ, ਜਿਸ ਵਿਚ ਸਿੱਖ ਕੌਮ ਦੇ ਮਹਾਨ ਰਾਗੀ, ਢਾਡੀ, ਕਵੀਸ਼ਰ ਅਤੇ ਪ੍ਰਚਾਰਕ/ਕਥਾਵਾਚਕ ਹਾਜ਼ਰੀ ਭਰਨਗੇ। ਇਸ ਤੋਂ ਇਲਾਵਾ ਹਰੇਕ ਸਮਾਗਮ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਵੀ ਕਰਵਾਏ ਜਾਣਗੇ। ਡਾ. ਰੂਪ ਸਿੰਘ ਅਨੁਸਾਰ ਹੋਣ ਵਾਲੇ ਸਮਾਗਮਾਂ ਦਾ ਸਮਾਂ ਸਵੇਰੇ 11:00 ਵਜੇ ਤੋਂ ਦੁਪਹਿਰ 3:00 ਵਜੇ ਤੱਕ ਦਾ ਹੋਵੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਗੁਰਮਤਿ ਸਮਾਗਮਾਂ ਦਾ ਮੰਤਵ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਨੂੰ ਸੰਗਤਾਂ ਵਿਚ ਪ੍ਰਚਾਰਨਾ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਮਾਗਮਾਂ ਦੀ ਤਿਆਰੀ ਸਬੰਧੀ ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਚਾਰਕ ਜਥਿਆਂ ਦੀ ਡਿਊਟੀ ਲਗਾਈ ਗਈ ਹੈ, ਜੋ ਸੰਗਤਾਂ ਨਾਲ ਰਾਬਤਾ ਬਣਾਉਣਗੇ।

ਇਕੱਤਰਤਾ ਵਿਚ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਮੀਤ ਸਿੰਘ ਬੂਹ, ਸ. ਸੱਜਣ ਸਿੰਘ ਬੱਜੂਮਾਨ, ਸ. ਪਰਮਜੀਤ ਸਿੰਘ ਖ਼ਾਲਸਾ ਬਰਨਾਲਾ, ਸ. ਮਨਜੀਤ ਸਿੰਘ ਬੱਪੀਆਣਾ, ਸ. ਅਜਮੇਰ ਸਿੰਘ ਖੇੜਾ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਤੇ ਮੀਤ ਸਕੱਤਰ ਸ. ਸਿਮਰਜੀਤ ਸਿੰਘ ਕੰਗ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸਪ੍ਰਿੰਟੈਂਡੈਂਟ, ਪ੍ਰਚਾਰਕ ਭਾਈ ਜਸਵਿੰਦਰ ਸਿੰਘ ਸ਼ਹੂਰ ਅਤੇ ਭਾਈ ਸਰਬਜੀਤ ਸਿੰਘ ਢੋਟੀਆਂ, ਸ. ਟੇਕ ਸਿੰਘ ਤੇ ਸ. ਭੁਪਿੰਦਰ ਸਿੰਘ ਆਦਿ ਮੌਜੂਦ ਸਨ।

# ਗੁਰਦੁਆਰਾ ਦੂਖ ਨਿਵਾਰਨ ਸਾਹਿਬ ਲੁਧਿਆਣਾ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਸਮੇਂ 78 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ

ਲੁਧਿਆਣਾ, 6 ਜਨਵਰੀ - ਗੁਰਦੁਆਰਾ ਦੂਖ ਨਿਵਾਰਨ ਸਾਹਿਬ ਲੁਧਿਆਣਾ ਵਿਖੇ 6 ਜਨਵਰੀ ਨੂੰ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਧਰਮ ਪ੍ਰਚਾਰ ਕਮੇਟੀ ਦੇ ਦੁਆਬਾ ਜੋਨ ਵੱਲੋਂ ਕਰਵਾਏ ਗਏ ਇਸ ਅੰਮ੍ਰਿਤ ਸੰਚਾਰ ਸਮਾਗਮ ਸਮੇਂ 78 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਅੰਮ੍ਰਿਤ ਅਭਿਲਾਖੀ ਪ੍ਰਾਣੀਆਂ ਨੂੰ ਕਰਾਰ ਭੇਟਾ ਰਹਿਤ ਮੁਹੱਈਆ ਕਰਾਏ ਗਏ। ਸ਼੍ਰੋਮਣੀ ਕਮੇਟੀ ਮੈਂਬਰ ਤੇ ਮੁੱਖ ਸੇਵਾਦਾਰ ਗੁਰਦੁਆਰਾ ਦੂਖ ਨਿਵਾਰਨ ਸਾਹਿਬ ਜਥੇਦਾਰ ਪ੍ਰਿਤਪਾਲ ਸਿੰਘ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਹਰ ਮਹੀਨੇ ਦੇ ਪਹਿਲੇ ਐਤਵਾਰ ਅੰਮ੍ਰਿਤ ਸੰਚਾਰ ਸਮਾਗਮ ਕਰਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਰਾਤ ਦੇ ਦੀਵਾਨ 'ਚ ਗੁਰਦੁਆਰਾ ਸਾਹਿਬ ਦੇ ਜੱਥਿਆਂ ਤੋਂ ਇਲਾਵਾ ਭਾਈ ਦਲਵੀਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਜੱਥੇ ਵਲੋਂ ਸੰਗਤਾਂ ਨੂੰ ਗੁਰਬਾਣੀ ਦੇ ਇਲਾਹੀ ਕੀਰਤਨ ਰਾਹੀਂ ਨਿਹਾਲ ਕੀਤਾ ਗਿਆ।

ਇਸ ਮੌਕੇ ਬੀਬੀ ਰਜਿੰਦਰ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਸ. ਅਵਤਾਰ ਸਿੰਘ ਜਨਰਲ ਸਕੱਤਰ, ਸ. ਕੁਲਦੀਪ ਸਿੰਘ, ਸ. ਗੁਰਪ੍ਰੀਤ ਸਿੰਘ, ਸ. ਕਮਲਪ੍ਰੀਤ ਸਿੰਘ, ਸ. ਸਤਿੰਦਰ ਸਿੰਘ, ਸ. ਰਣਦੀਪ ਸਿੰਘ, ਸ. ਅਮਰਜੀਤ ਸਿੰਘ, ਸ. ਮਨਵਿੰਦਰਪਾਲ ਸਿੰਘ ਅਤੇ ਸ. ਸਤਨਾਮ ਸਿੰਘ ਆਦਿ ਹਾਜ਼ਰ ਸਨ।





ਪਿੰਡ ਦਬੁਰਜੀ ਦੇ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਵਿਖੇ ਬੱਚਿਆਂ ਦੇ ਲਗਾਏ ਗਏ ਗੁਰਮਤਿ ਕੈਂਪ ਸਮੇਂ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਮੈਂਬਰ ਸ. ਹਰਜਾਪ ਸਿੰਘ ਸੁਲਤਾਨਵਿੰਡ ਅਤੇ ਪ੍ਰਚਾਰਕ ਸਾਹਿਬਾਨ।

# ਹਲਕਾ ਅਮਰਗੜ੍ਹ ਦੇ ਗੁਰਦੁਆਰਾ ਸਾਹਿਬ ਸੰਤ ਆਸ਼ਰਮ ਨਰੈਣਸਰ ਵਿਖੇ ਅੰਮ੍ਰਿਤ ਸੰਚਾਰ ਸਮਾਗਮ

ਅਮਰਗੜ੍ਹ - ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਅਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਹਲਕਾ ਅਮਰਗੜ੍ਹ ਜਿਲ੍ਹਾ ਸੰਗਰੂਰ ਦੇ ਗੁਰਦੁਆਰਾ ਸੰਤ ਆਸ਼ਰਮ ਨਰੈਣਸਰ ਮੁਹਾਲੀ ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਜਥੇਦਾਰ ਭੁਪਿੰਦਰ ਸਿੰਘ ਭਲਵਾਨ ਦੇ ਵਿਸ਼ੇਸ ਉਪਰਾਲੇ ਨਾਲ ਕਰਵਾਏ ਗਏ ਇਸ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਮੌਕੇ 36 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ, ਜਿਨ੍ਹਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਇਸ ਗੁਰਮਤਿ ਸਮਾਗਮ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਜਥੇਦਾਰ ਭੁਪਿੰਦਰ ਸਿੰਘ ਭਲਵਾਨ, ਮੈਂਬਰ ਜਥੇਦਾਰ ਜੈਪਾਲ ਸਿੰਘ ਮੰਡੀਆਂ, ਸਾਬਕਾ ਮੈਂਬਰ ਜਥੇਦਾਰ ਰਾਮਦਿਆਲ ਸਿੰਘ ਨਰਮਾਣਾ, ਪ੍ਰਚਾਰਕ ਭਾਈ ਸੁਖਵੀਰ ਸਿੰਘ, ਭਾਈ ਚਰਨਪ੍ਰੀਤ ਸਿੰਘ ਮਾਹੋਰਾਣਾ, ਗਿਆਨੀ ਰਾਜਿੰਦਰਪਾਲ ਸਿੰਘ ਕਥਾਵਾਚਕ ਗੁਰਦੁਆਰਾ ਡੇਰਾ ਬਾਬਾ ਅਜਾਪਾਲ ਸਿੰਘ ਜੀ ਨਾਭਾ ਨੇ ਹਾਜਰੀ ਭਰੀ। ਇਸ ਮੌਕੇ ਜਨ ਹਿਤ ਸੇਵਾ ਸੁਸਾਇਟੀ ਮਾਲੇਰ ਕੋਟਲਾ ਵੱਲੋਂ ਲਗੇ ਖੂਨ ਦਾਨ ਕੈਂਪ ਵਿਚ ਜਥੇਦਾਰ ਭੁਪਿੰਦਰ ਸਿੰਘ ਭਲਵਾਨ ਅੰਤ੍ਰਿੰਗ ਮੈਂਬਰ ਸ਼੍ਰੋਮਣੀ ਕਮੇਟੀ ਵੱਲੋਂ ਖੂਨ ਦਾਨ ਕੀਤਾ ਗਿਆ।



# 550 ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਗੁਰਦੁਆਰਾ ਡੇਹਰਾ ਸਾਹਿਬ ਲੁਹਾਰ ਵਿਖੇ ਗੁਰਮਤਿ ਸਮਾਗਮ

## ਗਿਆਨੀ ਹਰਪ੍ਰੀਤ ਸਿੰਘ, ਜਥੇਦਾਰ ਕਰਮੂੰਵਾਲਾ, ਜਥੇਦਾਰ ਪੱਖੋਕੇ, ਬਾਬਾ ਅਵਤਾਰ ਸਿੰਘ ਸੁਰਸਿੰਘ ਸਮੇਤ ਅਹਿਮ ਸ਼ਖ਼ਸ਼ੀਅਤਾਂ ਨੇ ਕੀਤੀ ਸ਼ਿਰਕਤ




ਅੰਮ੍ਰਿਤਸਰ, 16 ਜਨਵਰੀ- ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਲੁਹਾਰ, ਤਰਨ ਤਾਰਨ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਸਮਾਗਮ ਦੌਰਾਨ ਪੰਥ ਪ੍ਰਸਿੱਧ ਰਾਗੀ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਗਿਆਨੀ ਪੂਰਨ ਸਿੰਘ ਸਾਬਕਾ ਜਥੇਦਾਰ, ਬਾਬਾ ਅਵਤਾਰ ਸਿੰਘ ਸੁਰਸਿੰਘ, ਭਾਈ ਅਜਾਇਬ ਸਿੰਘ ਅਭਿਆਸੀ, ਬਾਬਾ ਲੱਖਾ ਸਿੰਘ, ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਸ. ਅਲਵਿੰਦਰਪਾਲ ਸਿੰਘ ਪੱਖੋਕੇ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਅਗਵਾਈ ਵਿਚ ਪੰਜਾਬ ਅਤੇ ਪੰਜਾਬ ਤੋਂ ਬਾਹਰ ਵਿਸ਼ਾਲ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ, ਜੋ ਬਹੁਤ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਨੇ ਸ਼੍ਰੋਮਣੀ ਕਮੇਟੀ ਦੇ ਇਨ੍ਹਾਂ ਯਤਨਾਂ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ਾਂ ਨੂੰ ਸਾਰੀ ਦੁਨੀਆਂ ਵਿਚ ਪਹੁੰਚਾਉਣ ਦਾ ਇਹ ਸਭ ਤੋਂ ਵਧੀਆ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਦੇ ਆਦੇਸ਼ਾਂ ਅਨੁਸਾਰ 1 ਨਵੰਬਰ ਤੋਂ 3 ਨਵੰਬਰ ਨੂੰ ਗੁਰਦੁਆਰਾ ਡੇਹਰਾ ਸਾਹਿਬ ਵਿਖੇ ਮੁੜ ਗੁਰਮਤਿ ਸਮਾਗਮ ਕਰਵਾਏ ਜਾਣਗੇ। ਉਨ੍ਹਾਂ ਸੰਗਤ ਨੂੰ ਇਨ੍ਹਾਂ ਸਮਾਗਮਾਂ ਵਿਚ ਵੱਧ ਤੋਂ ਵੱਧ ਸਹਿਯੋਗ ਦੀ ਅਪੀਲ ਵੀ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਸਿਧਾਂਤ ਸਾਨੂੰ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਪ੍ਰੇਰਣਾ ਕਰਦੇ ਹੈ।

ਉਨ੍ਹਾਂ ਕਿਹਾ ਕਿ ਨੌਜੁਆਨੀ ਨੂੰ ਗੁਰੂ ਸਾਹਿਬ ਦੇ ਜੀਵਨ ਤੋਂ ਸੇਧ ਲੈਣੀ ਚਾਹੀਦੀ ਹੈ। ਇਸੇ ਦੌਰਾਨ ਸ. ਅਲਵਿੰਦਰਪਾਲ ਸਿੰਘ ਪੱਖੋਕੇ ਨੇ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਸੰਗਤ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਤੋਂ ਜਾਣੂ ਕਰਵਾਉਂਦਿਆਂ ਆਪਣੇ ਬੱਚਿਆਂ ਨੂੰ ਗੁਰ-ਮਰਯਾਦਾ ਤੋਂ ਜਾਣੂ ਕਰਚਾਉਣ ਅਤੇ ਨਸ਼ੇ ਤੋਂ ਦੂਰ ਰਹਿਣ ਦੀ ਅਪੀਲ ਕੀਤੀ। ਇਸ ਮੌਕੇ ਬਾਬਾ ਲੱਖਾ ਸਿੰਘ ਸਰਹਾਲੀ ਵਾਲਿਆਂ ਨੇ ਗੁਰਦੁਆਰਾ ਸਾਹਿਬ ਵੱਲੋਂ ਗਿਆਨੀ ਹਰਪ੍ਰੀਤ ਸਿੰਘ, ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲਿਆਂ ਨੂੰ ਸਨਮਾਨਿਤ ਕੀਤਾ।

ਇਸ ਮੌਕੇ ਸ. ਪ੍ਰਗਟ ਸਿੰਘ ਰੱਤੋਕੇ, ਸ. ਸਤਨਾਮ ਸਿੰਘ ਰਿਆੜ, ਸ. ਗੁਰਪ੍ਰਤਾਪ ਸਿੰਘ ਵਡਾਲਾ, ਬਾਬਾ ਬੰਤਾ ਸਿੰਘ ਕਥਾਵਾਚਕ ਮੁੰਡਾ ਪਿੰਡ, ਬਾਬਾ ਬਲਕਾਰ ਸਿੰਘ, ਬੀਬੀ ਪਰਮਜੀਤ ਕੌਰ ਛਾਬੜਾ ਅਹਿਮਦਾਬਾਦ ਆਦਿ ਮੌਜੂਦ ਸਨ।

ਸਿੱਖ ਰਹਿਤ ਮਰਯਾਦਾ ਹਰੇਕ ਸਿੱਖ ਦੇ ਜੀਵਨ ਲਈ ਅਤੀ ਜ਼ਰੂਰੀ ਹੈ। ਸਿੱਖ ਰਹਿਤ ਮਰਯਾਦਾ ਅੰਦਰ ਸਾਡੇ ਜੀਵਨ ਦੇ ਹਰ ਕਾਰਜ ਨੂੰ ਕਰਨ ਲਈ ਨਿਯਮ ਬਣਾਏ ਗਏ ਹਨ। ਸਿੱਖ ਨੇ ਜਨਮ ਤੋਂ ਲੈ ਕੇ ਮੌਤ ਤਕ ਦੇ ਸਾਰੇ ਕਾਰ-ਵਿਹਾਰ ਇਸੇ ਅਨੁਸਾਰ ਹੀ ਕਰਨੇ ਹਨ। ਹਰ ਸਿੱਖ ਲਈ ਜ਼ਰੂਰੀ ਹੈ ਕਿ ਉਹ ਸਿੱਖ ਰਹਿਤ ਮਰਯਾਦਾ ਤੋਂ ਜਾਣੂੰ ਹੋਵੇ। ਅਸੀਂ 'ਸੇਵਾ ਸਰਗਮੀਆਂ' ਦੇ ਇਸ ਅੰਕ ਤੋਂ ਸਿੱਖ ਰਹਿਤ ਮਰਯਾਦਾ ਨੂੰ ਲੜੀਵਾਰ ਛਾਪ ਰਹੇ ਹਾਂ ਤਾਂ ਕਿ ਵੱਧ ਤੋਂ ਵੱਧ ਸੰਗਤਾਂ ਇਸ ਤੋਂ ਜਾਣੂੰ ਹੋ ਸਕਣ।

-ਮੁੱਖ ਸੰਪਾਦਕ

ੴ ਸਤਿਗੁਰ ਪ੍ਰਸਾਦਿ॥

# ਸਿੱਖ ਰਹਿਤ ਮਰਯਾਦਾ

### ਸਿੱਖ ਦੀ ਤਾਰੀਫ਼

ਜੋ ਇਸਤਰੀ ਜਾਂ ਪੁਰਸ਼ ਇਕ ਅਕਾਲ ਪੁਰਖ, ਦਸ ਗੁਰੂ ਸਾਹਿਬਾਨ (ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਤਕ), ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਦਸ ਗੁਰੂ ਸਾਹਿਬਾਨ ਦੀ ਬਾਣੀ ਤੇ ਸਿੱਖਿਆ ਅਤੇ ਦਸਮੇਸ਼ ਜੀ ਦੇ ਅੰਮ੍ਰਿਤ ਉੱਤੇ ਨਿਸ਼ਚਾ ਰੱਖਦਾ ਹੈ ਅਤੇ ਕਿਸੇ ਹੋਰ ਧਰਮ ਨੂੰ ਨਹੀਂ ਮੰਨਦਾ, ਉਹ ਸਿੱਖ ਹੈ।

ਚੱਲਦਾ...

## ਖ਼ਾਲਸਾਈ ਖੇਡ ਉਤਸਵ ਦਾ ਮੰਤਵ ਵਿਦਿਆਰਥੀਆਂ ਨੂੰ ਖੇਡਾਂ ਦੇ ਨਾਲ ਨਾਲ ਸਿੱਖ ਵਿਰਸੇ ਨਾਲ ਜੋੜਨਾ- ਭਾਈ ਲੌਂਗੋਵਾਲ

## ਸ਼ਾਨੋ-ਸ਼ੌਕਤ ਨਾਲ ਕਰਵਾਇਆ ਗਿਆ ਸ਼੍ਰੋਮਣੀ ਕਮੇਟੀ ਦੇ ਸਕੂਲਾਂ ਦਾ ਤਿੰਨ ਰੋਜ਼ਾ ਖ਼ਾਲਸਾਈ ਖੇਡ ਉਤਸਵ




ਤਲਵੰਡੀ ਸਾਬੋ, 17 ਜਨਵਰੀ- ਮਾਨਵਤਾ ਦੇ ਰਹਿਬਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠਲੇ ਸਕੂਲਾਂ ਦਾ ਤਿੰਨ ਰੋਜ਼ਾ ਖ਼ਾਲਸਾਈ ਖੇਡ ਉਤਸਵ ਮਾਤਾ ਸਾਹਿਬ ਕੌਰ ਗਰਲਜ਼ ਕਾਲਜ ਦੇ ਖੇਡ ਮੈਦਾਨ ਵਿਚ ਖ਼ਾਲਸਾਈ ਸ਼ਾਨੋਂ-ਸ਼ੌਕਤ ਨਾਲ ਕਰਵਾਇਆ ਗਿਆ। ਖ਼ਾਲਸਾਈ ਖੇਡ ਉਤਸਵ ਦੀ ਅਰੰਭਤਾ ਸਮੇਂ ਮੁੱਖ ਮਹਿਮਾਨ ਦੇ ਤੌਰ 'ਤੇ ਪੁੱਜੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਚੜ੍ਹਦੀ ਕਲਾ ਦੇ ਪ੍ਰਤੀਕ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਨ ਤੋਂ ਪਹਿਲਾਂ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਕੀਤਾ ਗਿਆ। ਇਸ ਖ਼ਾਲਸਾਈ ਖੇਡ ਉਤਸਵ ਵਿਚ 52 ਸਕੂਲਾਂ ਦੇ 3500 ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ। ਅਰੰਭਤਾ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਲਿਆਂਦੀ ਮਿਸ਼ਾਲ ਵਿਦਿਆਰਥੀਆਂ ਨੇ ਖੇਡ ਮੈਦਾਨ ਵਿਚ ਸਥਾਪਤ ਕੀਤੀ ਅਤੇ ਨਸ਼ਿਆਂ ਤੋਂ ਦੂਰ ਰਹਿਣ ਦਾ ਪ੍ਰਣ ਵੀ ਕੀਤਾ।

ਉਦਘਾਟਨੀ ਸਮਾਰੋਹ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਖਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਖ਼ਾਲਸਾਈ ਖੇਡ ਉਤਸਵ ਪਿਛਲੇ 15 ਸਾਲਾਂ ਤੋਂ ਕਰਵਾਏ ਜਾ ਰਹੇ ਹਨ, ਜਿਨ੍ਹਾਂ ਦਾ ਮੰਤਵ ਨੌਜੁਆਨਾਂ ਅਤੇ ਬੱਚਿਆਂ ਅੰਦਰ ਖੇਡਾਂ ਦੇ ਨਾਲ-ਨਾਲ ਆਪਣੇ ਵਿਰਸੇ ਨਾਲ ਜੁੜਨ ਦਾ ਚਾਅ ਪੈਦਾ ਕਰਨਾ ਹੈ। ਉਨ੍ਹਾਂ ਕਿਹਾ ਕਿ ਖੇਡਾਂ ਦਾ ਮਨੁੱਖੀ ਜੀਵਨ ਵਿਚ ਵੱਡਾ ਮਹੱਤਵ ਹੈ। ਇਨ੍ਹਾਂ ਦੁਆਰਾ ਜਿਥੇ ਮਿਲਵਰਤਨ ਦੀ ਭਾਵਨਾ ਪੈਦਾ ਹੁੰਦੀ ਹੈ, ਉਥੇ ਹੀ ਮਨੁੱਖ ਅੰਦਰ ਅਨੁਸ਼ਾਸ਼ਨ ਵੀ ਪੈਦਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਜਿਥੇ ਗੁਰੂ ਘਰਾਂ ਦਾ ਪੰਥਕ ਮਰਯਾਦਾ ਅਨੁਸਾਰ ਪ੍ਰਬੰਧ ਕਰਦੀ ਹੈ, ਉਥੇ ਹੀ ਸਿੱਖਿਆ ਦੇ ਖੇਤਰ ਵਿਚ ਵੀ ਵਿਸ਼ੇਸ਼ ਪ੍ਰਾਪਤੀਆਂ ਕਰ ਰਹੀ ਹੈ। ਇਸ ਮੌਕੇ ਉਨ੍ਹਾਂ ਖੇਡ ਉਤਸਵ ਵਿਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਿੱਖ ਵਿਰਸੇ ਨਾਲ ਜੁੜਨ ਦੀ ਪ੍ਰੇਰਣਾ ਦਿੱਤੀ ਅਤੇ ਭਾਗ ਲੈਣ ਵਾਲੇ ਸਕੂਲਾਂ ਲਈ ਖੇਡ ਵਰਦੀਆਂ ਦੇਣ ਦਾ ਐਲਾਨ ਵੀ ਕੀਤਾ।





ਇਸ ਮੌਕੇ ਡਾਇਰੈਕਟਰ ਐਜੂਕੇਸ਼ਨ ਡਾ. ਜਤਿੰਦਰ ਸਿੰਘ ਸਿੱਧੂ ਨੇ ਖ਼ਾਲਸਾਈ ਖੇਡ ਉਤਸਵ ਦੇ ਮੰਤਵ ਅਤੇ ਇਸ ਵਿਚ ਭਾਗ ਲੈਣ ਵਾਲੇ ਵਿਦਿਆਰਥੀਆਂ ਅਤੇ ਖੇਡਾਂ ਸਬੰਧੀ ਚਾਨਣਾ ਪਾਇਆ ਤੇ ਭਾਈ ਲੌਂਗੋਵਾਲ ਸਮੇਤ ਪੁੱਜੀਆਂ ਹੋਰ ਸ਼ਖ਼ਸੀਅਤਾਂ ਨੂੰ ਜੀ-ਆਇਆਂ ਆਖਿਆ। ਉਦਘਾਟਨੀ ਸਮਾਰੋਹ ਮੌਕੇ ਧੰਨਵਾਦੀ ਸ਼ਬਦ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਅਵਤਾਰ ਸਿੰਘ ਸੈਂਪਲਾ ਨੇ ਕਹੇ। ਇਸ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਅੰਤ੍ਰਿੰਗ ਮੈਂਬਰ ਸ. ਅਮਰੀਕ ਸਿੰਘ ਕੋਟਸ਼ਮੀਰ, ਸ. ਜਰਨੈਲ ਸਿੰਘ ਕਰਤਾਰਪੁਰ ਤੇ ਡਾਇਰੈਕਟਰ ਡਾ. ਜਤਿੰਦਰ ਸਿੰਘ ਸਿੱਧੂ ਨੇ ਸਨਮਾਨਿਤ ਕੀਤਾ। ਇਸ ਸਮੇਂ ਭਾਈ ਲੌਂਗੋਵਾਲ ਤੇ ਹੋਰਾਂ ਨੇ ਖੇਡ ਉਤਸਵ ਬਾਰੇ ਜਾਣਕਾਰੀ ਦਿੰਦਾ ਇਕ ਵਿਸ਼ੇਸ਼ ਕਿਤਾਬਚਾ ਜਾਰੀ ਕੀਤਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਅੰਤ੍ਰਿੰਗ ਮੈਂਬਰ ਸ. ਅਮਰੀਕ ਸਿੰਘ ਕੋਟਸ਼ਮੀਰ, ਸ. ਜਰਨੈਲ ਸਿੰਘ ਕਰਤਾਰਪੁਰ, ਮੈਂਬਰ ਸ. ਗੁਰਤੇਜ ਸਿੰਘ ਢੱਡੇ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਮਨਜੀਤ ਸਿੰਘ ਬੱਪੀਆਣਾ, ਸ. ਮਿੱਠੂ ਸਿੰਘ ਕਾਨੇਕੇ, ਸ. ਸੁਰਜੀਤ ਸਿੰਘ ਰਾਏਪੁਰ, ਬੀਬੀ ਜੋਗਿੰਦਰ ਕੌਰ ਬਠਿੰਡਾ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਮੀਤ ਸਕੱਤਰ ਸ. ਸਿਮਰਜੀਤ ਸਿੰਘ ਕੰਗ, ਸ. ਤੇਜਿੰਦਰ ਸਿੰਘ ਪੱਡਾ, ਸਹਾਇਕ ਡਾਇਰੈਕਟਰ ਡਾ. ਪ੍ਰਭਜੀਤ ਸਿੰਘ, ਪ੍ਰਿੰਸੀਪਲ ਤੇਜਿੰਦਰ ਕੌਰ ਧਾਲੀਵਾਲ, ਪ੍ਰਿੰਸੀਪਲ ਸਤਵੰਤ ਕੌਰ, ਪ੍ਰਿੰਸੀਪਲ ਕਮਲਜੀਤ ਕੌਰ, ਮੈਨੇਜਰ ਸ. ਕਰਨ ਸਿੰਘ, ਮੈਨੇਜਰ ਸ. ਗੁਰਬਖ਼ਸ਼ ਸਿੰਘ, ਡਾ. ਗੁਰਵੀਰ ਸਿੰਘ, ਡਾ. ਸੁਖਦੇਵ ਸਿੰਘ, ਪ੍ਰਿੰਸੀਪਲ ਤਰਨਜੀਤ ਸਿੰਘ, ਦਿਲਬਾਗ ਸਿੰਘ ਤੇ ਹਰਪ੍ਰੀਤ ਕੌਰ ਅਤੇ ਵੱਡੀ ਗਿਣਤੀ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀ ਮੌਜੂਦ ਸਨ।

## ਹਲਕਾ ਧਾਰੀਵਾਲ ਦੇ ਪਿੰਡ ਕਲੇਰ ਖੁਰਦ ਵਿਖੇ ਅੰਮ੍ਰਿਤ ਸੰਚਾਰ ਸਮਾਗਮ



ਧਾਰੀਵਾਲ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਹਲਕਾ ਧਾਰੀਵਾਲ ਦੇ ਪਿੰਡ ਕਲੇਰ ਖੁਰਦ ਵਿਖੇ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਸ਼੍ਰੋਮਣੀ ਕਮੇਟੀ ਦੀ ਅੰਤ੍ਰਿਗ ਕਮੇਟੀ ਮੈਂਬਰ ਬੀਬੀ ਜਸਬੀਰ ਕੌਰ ਜਫਰਵਾਲ ਅਤੇ ਜਥੇਦਾਰ ਰਤਨ ਸਿੰਘ ਜਫਰਵਾਲ ਦੇ ਵਿਸ਼ੇਸ ਉਪਰਾਲੇ ਨਾਲ ਵੱਖ-ਵੱਖ ਪਿੰਡਾਂ ਵਿਚ ਸਮਾਗਮ ਕੀਤੀ ਗਏ।

ਪਿੰਡ ਕਲੇਰ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ ਜਿਸ ਵਿਚ 21 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ।

ਇਸ ਮੌਕੇ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਜਥੇਦਾਰ ਰਤਨ ਸਿੰਘ ਜਫਰਵਾਲ ਨੇ ਸੰਗਤਾਂ ਨੂੰ ਅੰਮ੍ਰਿਤ ਛਕਣ ਦੀ ਪ੍ਰੇਰਨਾ ਕੀਤੀ ਅਤੇ ਆਪਣੇ ਜੀਵਨ ਵਿਚ ਬਾਣੀ ਤੇ ਬਾਣੇ ਦੇ ਧਾਰਨੀ ਹੋ ਕੇ ਆਪਣਾ ਜੀਵਨ ਸਫਲ ਕਰਨ ਲਈ ਪ੍ਰੇਰਿਆ।

ਇਸ ਮੌਕੇ ਭਾਈ ਗੁਰਵਿੰਦਰ ਸਿੰਘ ਵੜੈਚ ਪ੍ਰਚਾਰਕ, ਭਾਈ ਲਖਬੀਰ ਸਿੰਘ ਪ੍ਰਚਾਰਕ, ਬੀਬੀ ਰਾਜਬੀਰ ਕੌਰ ਪ੍ਰਚਾਰਕ, ਬੀਬੀ ਦਲਜੀਤ ਕੌਰ ਕਵੀਸ਼ਰ ਤੇ ਭਾਈ ਲੱਖਾ ਸਿੰਘ ਦਰਦੀ ਦੇ ਢਾਡੀ ਜੱਥੇ ਨੇ ਸੰਗਤਾਂ ਨਾਲ ਗੁਰ ਇਤਿਹਾਸ ਤੇ ਸਿੱਖ ਇਤਿਹਾਸ ਦੀ ਸਾਂਝ ਪਾਈ।

## ਹਲਕਾ ਅਜਨਾਲਾ ਦੇ ਪਿੰਡ ਚੈਨਪੁਰਾ ਵਿੱਖੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ



ਅਜਨਾਲਾ- ਸ਼੍ਰੋਮਣੀ ਕਮੇਟੀ ਦੇ ਅੰਤ੍ਰਿਗ ਮੈਂਬਰ ਸ. ਅਮਰੀਕ ਸਿੰਘ ਵਿਛੋਆ ਦੇ ਜਤਨਾ ਨਾਲ ਹਲਕਾ ਅਜਨਾਲਾ ਦੇ ਪਿੰਡ ਚੈਨਪੁਰਾ ਵਿੱਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਸ੍ਰੀ ਅਕਾਲ ਤਖਤ ਸਾਹਿਬ ਤੋਂ ਪਹੁੰਚੇ ਪੰਜ ਪਿਆਰੇ ਸਾਹਿਬਾਨ ਵਲੋਂ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ ਗਿਆ। ਜਿਸ ਵਿੱਚ 15 ਦੇ ਕਰੀਬ ਅੰਮ੍ਰਿਤ ਅਭਿਲਾਖੀਆ ਨੇ ਪਹੁੰਚ ਕੇ ਅੰਮ੍ਰਿਤ ਪਾਣ ਕੀਤਾ। ਅੰਮ੍ਰਿਤ ਅਭਿਲਾਖੀਆ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਕਕਾਰ ਭੇਟਾ ਰਹਿਤ ਦਿੱਤੇ। ਇਸ ਮੌਕੇ ਤੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਕਾਰ ਸਿੰਘ ਤੋਂ ਇਲਾਵਾ ਭਾਈ ਸਤਨਾਮ ਸਿੰਘ, ਭਾਈ ਨਿਰਮਲ ਸਿੰਘ, ਭਾਈ ਗੁਰਸ਼ਰਨ ਸਿੰਘ ਤੇ ਭਾਈ ਨਵਜੋਤ ਸਿੰਘ ਆਦਿ ਹਾਜਰ ਸਨ।

## ਗੱਗੋਮਾਹਲ ਵਿਖੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਦੇ ਧਾਰਮਿਕ ਮੁਕਾਬਲੇ ਕਰਵਾਏ ਗਏ



ਗੱਗੋਮਹਾਲ – ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਬੱਚਿਆਂ ਨੂੰ ਸਿੱਖੀ ਨਾਲ ਜੋੜਨ ਲਈ ਨਿੱਤ ਦਿਨ ਨਵੇਂ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਤਹਿਤ ਹਲਕਾ ਅਜਨਾਲਾ ਵਿੱਚ ਅੰਤ੍ਰਿੰਗ ਕਮੇਟੀ ਮੈਂਬਰ ਸ. ਅਮਰੀਕ ਸਿੰਘ ਵਿਛੋਆ ਦੇ ਸਹਿਯੋਗ ਨਾਲ ਅਤੇ ਪ੍ਰਚਾਰਕ ਭਾਈ ਬਲਕਾਰ ਸਿੰਘ ਸੂਰੇਪੁਰ ਦੇ ਉੱਦਮ ਉਪਰਾਲੇ ਨਾਲ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਦੇ ਧਾਰਮਿਕ ਮੁਕਾਬਲੇ ਮਾਹਲ ਇੰਟਰਨੈਸ਼ਨਲ ਸਕੂਲ ਗੱਗੋਮਹਾਲ ਵਿੱਖੇ ਕਰਵਾਏ ਗਏ।

ਇਸ ਸਮੇਂ ਕੀਰਤਨ, ਕਵੀਸ਼ਰੀ, ਕਵਿਤਾ, ਭਾਸ਼ਣ ਤੇ ਕਵਿਜ ਪੰਜ ਵਿਸ਼ਿਆਂ ਤੇ ਅਧਾਰਿਤ ਸੀਨੀਅਰ ਅਤੇ ਜੂਨੀਅਰ ਦੋ ਵਰਗਾਂ ਵਿੱਚ ਇਹ ਮੁਕਾਬਲੇ ਕਰਵਾਏ ਗਏ ਜਿਨ੍ਹਾਂ ਵਿਚ ਸਕੂਲੀ ਬੱਚਿਆਂ ਵੱਲੋਂ ਬੜੇ ਉਤਸ਼ਾਹ ਨਾਲ ਭਾਗ ਲਿਆ ਗਿਆ। ਮੁਕਾਬਲਿਆਂ ਦੌਰਾਨ ਪੰਜ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ ਇੰਨ੍ਹਾਂ ਮੁਕਾਬਲਿਆ ਵਿੱਚ ਖਾਲਸਾ ਪਬਲਿਕ ਸਕੂਲ ਗੱਗੋਮਹਾਲ ਪਹਿਲੇ ਸਥਾਨ, ਨਵਜੋਤੀ ਪਬਲਿਕ ਸਕੂਲ ਦੂਸਰੇ ਸਥਾਨ ਤੇ ਮਾਹਲ ਇੰਟਰਨੈਸ਼ਲ ਸਕੂਲ ਤੀਸਰੇ ਸਥਾਨ ਤੇ ਰਿਹਾ।

ਇਸ ਮੌਕੇ ਸ. ਅਮਰੀਕ ਸਿੰਘ ਵਿਛੋਆ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਬੱਚਿਆਂ ਨੂੰ ਧਾਰਮਿਕ ਮੁਕਾਬਲਿਆਂ ਰਾਹੀਂ ਚੰਗੇ ਗੁਣਾਂ ਦੇ ਧਾਰਨੀ ਬਣਾਉਣ ਲਈ ਸ਼੍ਰੋਮਣੀ ਕਮੇਟੀ ਲਗਾਤਾਰ ਕਾਰਜਸ਼ੀਲ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਅੰਦਰ ਇਸ ਧਾਰਮਿਕ ਮੁਕਾਬਲਿਆਂ ਦੇ ਰੁਝਾਨ ਨੂੰ ਪ੍ਰਫੁੱਲਤ ਕਰਨ ਦੀ ਵੱਡੀ ਲੋੜ ਹੈ।

ਪਹਿਲੇ, ਦੂਸਰੇ ਤੇ ਤੀਸਰੇ ਸਥਾਨ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਅੰਤ੍ਰਿਗ ਕਮੇਟੀ ਮੈਂਬਰ ਸ. ਅਮਰੀਕ ਸਿੰਘ ਵਿਛੋਆ, ਸ਼੍ਰੋਮਣੀ ਕਮੇਟੀ ਮੀਤ ਸਕੱਤਰ ਸ੍ਰ ਕਰਮਬੀਰ ਸਿੰਘ ਕਿਆਮਪੁਰ ਅਤੇ ਪ੍ਰਚਾਰਕ ਭਾਈ ਬਲਕਾਰ ਸਿੰਘ ਸੂਰੇਪੁਰ ਵਲੋਂ ਸਨਮਾਨ ਚਿੰਨ੍ਹ, ਮੈਡਲ ਤੇ ਫ੍ਰੀ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਤੇ ਜੱਜਮੈਂਟ ਕਰਨ ਦੀ ਭੂਮਿਕਾ ਪ੍ਰਚਾਰਕ ਭਾਈ ਹਿੰਮਤਬੀਰ ਸਿੰਘ ਵੀਲਾ ਅਤੇ ਪ੍ਰਚਾਰਕ ਭਾਈ ਜਗਦੀਪ ਸਿੰਘ ਨੇ ਨਿਭਾਈ। ਇਸ ਮੌਕੇ ਡਾਇਰੈਕਟਰ ਨੱਥਾ ਸਿੰਘ, ਪ੍ਰਿੰਸੀਪਲ ਪ੍ਰੇਮ ਸਿੰਘ, ਮੀਤ ਮੈਨੇਜਰ ਸ. ਹਰਪ੍ਰੀਤ ਸਿੰਘ, ਸ. ਤਸਬੀਰ ਸਿੰਘ ਤੇ ਸ. ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।

## ਹਿਮਾਚਲ ਦੇ ਪਿੰਡ ਹਾਰਕੁਕਾਰ ਵਿਖੇ ਅੰਮ੍ਰਿਤ ਸੰਚਾਰ ਤੇ ਦਸਤਾਰ ਮੁਕਾਬਲੇ

ਸਿੱਖ ਮਿਸ਼ਨ ਹਿਮਾਚਲ ਪ੍ਰਦੇਸ਼ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸ. ਦਲਜੀਤ ਸਿੰਘ ਭਿੰਡਰ ਨਾਲਾਗੜ੍ਹ ਦੇ ਸਹਿਯੋਗ ਨਾਲ ਬਿਲਾਸਪੁਰ ਜ਼ਿਲ੍ਹੇ ਦੀ ਤਹਿਸੀਲ ਘੁਮਾਰਣੀ ਦੇ ਪਿੰਡ ਹਾਰਕੁਕਾਰ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਅਤੇ ਸੁੰਦਰ ਦਸਤਾਰ ਮੁਕਾਬਲੇ ਕਰਵਾਏ ਗਏ। ਅੰਮ੍ਰਿਤ ਸੰਚਾਰ ਕਰਵਾਉਣ ਲਈ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਤੋਂ ਪੰਜ ਪਿਆਰੇ ਸਾਹਿਬਾਨ ਪਹੁੰਚੇ। ਇਸ ਸਮੇਂ 30 ਪ੍ਰਾਣੀਆਂ ਵੱਲੋਂ ਖੰਡੇ ਬਾਟੇ ਦੀ ਪਾਹੁਲ ਛਕ ਕੇ ਖ਼ਾਲਸਾ ਪੰਥ ਵਿਚ ਪ੍ਰਵੇਸ਼ ਕੀਤਾ ਗਿਆ। ਜਿਨ੍ਹਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ।

ਇਸ ਮੌਕੇ ਕਰਵਾਏ ਗਏ ਦਸਤਾਰ ਮੁਕਾਬਲੇ ਵਿਚ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ 1100/-, 900/-, 700/- ਦੀ ਨਗਦ ਰਾਸ਼ੀ ਤੇ ਸਨਮਾਨ ਚਿੰਨ੍ਹ ਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।

## ਸਿੱਖ ਮਿਸ਼ਨ ਜੰਮੂ-ਕਸ਼ਮੀਰ ਵੱਲੋਂ ਆਰ.ਐਸ. ਪੁਰਾ ਵਿਖੇ ਅੰਮ੍ਰਿਤ ਸੰਚਾਰ



ਸ੍ਰੀਨਗਰ, 21 ਜਨਵਰੀ - ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ 'ਤੇ ਜੰਮੂ-ਕਸ਼ਮੀਰ 'ਚ ਲਗਾਤਾਰ ਚੱਲ ਰਹੀ ਅੰਮ੍ਰਿਤ ਸੰਚਾਰ ਦੀ ਲੜੀ ਤਹਿਤ ਜੰਮੂ ਦੇ ਜ਼ਿਲ੍ਹਾ ਆਰ. ਐਸ. ਪੁਰਾ ਵਿਖੇ ਇਕ ਵਿਸ਼ੇਸ਼ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ।

ਸਿੱਖ ਮਿਸ਼ਨ ਜੰਮੂ ਕਸ਼ਮੀਰ ਵਲੋਂ ਗੁਰਦੁਆਰਾ ਸਿੰਘ ਸਭਾ ਪਲੇਸਰ ਆਰ. ਐਸ. ਪੁਰਾ (ਜੰਮੂ) ਵਿਖੇ ਸੰਗਤਾਂ ਦੇ ਸਹਿਯੋਗ ਨਾਲ ਭਾਰੀ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ, ਜਿਸ ਵਿੱਚ 100 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ) ਸ੍ਰੀ ਅੰਮ੍ਰਿਤਸਰ ਵਲੋਂ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਵਾਲੇ ਪ੍ਰਾਣੀਆਂ ਨੂੰ ਕਕਾਰ ਭੇਟਾ ਰਹਿਤ ਦਿੱਤੇ ਗਏ। ਇਸ ਮੌਕੇ ਸਿੱਖ ਮਿਸ਼ਨ ਜੰਮੂ-ਕਸ਼ਮੀਰ ਦੇ ਇੰਚਾਰਜ ਭਾਈ ਸਵਰਨ ਸਿੰਘ ਖ਼ਾਲਸਾ ਨੇ ਸੰਬੋਧਨ ਕਰਦੇ ਅੰਮ੍ਰਿਤ ਅਭਿਲਾਖੀਆਂ ਨੂੰ ਗੁਰੂ ਵਾਲੇ ਬਣਨ 'ਤੇ ਮੁਬਾਰਕਬਾਦ ਦਿੱਤੀ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਪ੍ਰਚਾਰਕ ਭਾਈ ਕੋਮਲਜੀਤ ਸਿੰਘ ਤੇ ਭਾਈ ਤਰਨਜੀਤ ਸਿੰਘ ਨੇ ਸੰਗਤਾਂ ਨੂੰ ਕਥਾ ਵਿਖਿਆਨ ਦੁਆਰਾ ਨਿਹਾਲ ਕੀਤਾ।

# ਸ੍ਰੀ ਗੁਰੂ ਨਾਨਕ ਦੇਵ ਜੀ ਦਾ ਵਿਸ਼ਵ ਵਿਆਪੀ ਫਲਸਫ਼ਾ ਦੇ ਵਿਸ਼ੇ 'ਤੇ ਹੋਈ ਅੰਤਰਰਾਸ਼ਟਰੀ ਵਿਚਾਰ ਗੋਸ਼ਟੀ

### 550ਵੇਂ ਪ੍ਰਕਾਸ਼ ਪੁਰਬ ਸਮੇਂ ਵਿਦੇਸ਼ਾਂ ਤੋਂ ਆਉਣ ਵਾਲੀ ਸੰਗਤ ਦੀ ਸਹੂਲਤ ਲਈ ਐਨ.ਆਰ.ਆਈ. ਸੈੱਲ ਸਥਾਪਤ ਕੀਤਾ ਜਾਵੇਗਾ -ਭਾਈ ਲੌਂਗੋਵਾਲ




ਲੁਧਿਆਣਾ, 5 ਜਨਵਰੀ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਸਮਾਗਮਾਂ ਸਮੇਂ ਵਿਦੇਸ਼ਾਂ ਤੋਂ ਗੁਰੂ ਨਾਨਕ ਨਾਮ ਲੇਵਾ ਸੰਗਤ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਇਕ ਐਨ.ਆਰ.ਆਈ. ਸੈੱਲ ਸਥਾਪਿਤ ਕਰੇਗੀ, ਤਾਂ ਜੋ ਵਿਦੇਸ਼ਾਂ ਦੀਆਂ ਸੰਗਤਾਂ ਨਾਲ ਵੱਧ ਤੋ ਵੱਧ ਰਾਬਤਾ ਬਣਾਇਆ ਜਾ ਸਕੇ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਇਥੇ ਗੁਰੂ ਨਾਨਕ ਦੇਵ ਇੰਜਨੀਅਰਿੰਗ ਕਾਲਜ ਵਿਖੇ ਸ਼੍ਰੋਮਣੀ ਕਮੇਟੀ ਤੇ ਨਨਕਾਣਾ ਸਾਹਿਬ ਟਰੱਸਟ ਵੱਲੋਂ 'ਗੁਰੂ ਨਾਨਕ ਦੇਵ ਜੀ ਦਾ ਵਿਸ਼ਵ ਵਿਆਪੀ ਫਲਸਫਾ' ਵਿਸ਼ੇ 'ਤੇ ਆਯੋਜਿਤ ਕੀਤੀ ਗਈ ਅੰਤਰਰਾਸ਼ਟਰੀ ਵਿਚਾਰ ਗੋਸ਼ਟੀ ਵਿਚ ਹਿੱਸਾ ਲੈਣ ਮੌਕੇ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਆਖਿਆ ਕਿ ਪਹਿਲੇ ਪਾਤਸ਼ਾਹ ਜੀ ਦਾ 550ਵਾਂ ਪ੍ਰਕਾਸ਼ ਪੁਰਬ ਕੌਮਾਂਤਰੀ ਪੱਧਰ 'ਤੇ ਮਨਾਇਆ ਜਾਣਾ ਹੈ ਅਤੇ ਇਸ ਵਿਚ ਵੱਖ ਵੱਖ ਦੇਸ਼ਾਂ ਦੀਆਂ ਸੰਗਤਾਂ ਨੂੰ ਸ਼ਾਮਲ ਕਰਵਾਉਣ ਲਈ ਇਕ ਐਨ.ਆਰ.ਆਈ ਸੈੱਲ ਕਾਇਮ ਕੀਤਾ ਜਾਵੇਗਾ। ਭਾਈ ਲੌਂਗੋਵਾਲ ਨੇ ਕਿਹਾ ਕਿ ਇਸ ਸੈੱਲ ਦਾ ਕੋਆਰਡੀਨੇਟਰ ਸ਼੍ਰੋਮਣੀ ਕਮੇਟੀ ਦੇ ਸਕੱਤਰ ਪੱਧਰ ਦਾ ਇਕ ਅਧਿਕਾਰੀ ਹੋਵੇਗਾ ਅਤੇ ਜੋ ਵੀ ਸੰਗਤਾਂ ਵਿਦੇਸ਼ਾਂ ਤੋਂ ਪ੍ਰਕਾਸ਼ ਪੁਰਬ ਸਮਾਗਮਾਂ ਲਈ ਪੁੱਜਣਗੀਆਂ ਸ਼੍ਰੋਮਣੀ ਕਮੇਟੀ ਉਨ੍ਹਾਂ ਲਈ ਢੁੱਕਵੇਂ ਪ੍ਰਬੰਧ ਕਰੇਗੀ। ਇਸ ਦੇ ਨਾਲ ਹੀ ਭਾਈ ਲੌਂਗੋਵਾਲ ਨੇ ਐਲਾਨ ਕੀਤਾ ਕਿ ਗੁਰੂ ਸਾਹਿਬ ਦੇ ਫਲਸਫੇ ਨੂੰ ਵੱਖ ਵੱਖ ਦੇਸ਼ਾਂ, ਕੌਮਾਂ, ਖਿੱਤਿਆਂ ਅਤੇ ਵਰਗਾਂ ਤੱਕ ਪਹੁੰਚਾਉਣ ਲਈ ਉਨ੍ਹਾਂ ਦੇ ਫਲਸਫੇ ਨੂੰ 13 ਭਾਸ਼ਾਵਾਂ ਵਿਚ ਪ੍ਰਕਾਸ਼ਤ ਕੀਤਾ ਜਾਵੇਗਾ।

ਇਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਨਨਕਾਣਾ ਸਾਹਿਬ ਐਜੂਕੇਸ਼ਨ ਟਰੱਸਟ ਦੇ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਅਤੇ ਕੈਨੇਡਾ ਦੇ ਐਮ. ਪੀ. ਸੁੱਖ ਧਾਲੀਵਾਲ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜੋ ਸ਼੍ਰੋਮਣੀ ਕਮੇਟੀ ਵੱਲੋਂ ਐਨ.ਆਰ.ਆਈ. ਸੈੱਲ ਸਥਾਪਤ ਕਰਨ ਦਾ ਫੈਸਲਾ ਸ਼ਲਾਘਾਯੋਗ ਹੈ। ਇਸ ਨਾਲ ਅੰਤਰਰਾਸ਼ਟਰੀ ਪੱਧਰ 'ਤੇ ਪੰਥਕ ਅਤੇ ਭਾਈਚਾਰਕ ਸਾਂਝ ਹੋਰ ਮਜ਼ਬੂਤ ਹੋਵੇਗੀ। ਵਿਚਾਰ ਗੋਸ਼ਟੀ ਸਮਾਗਮ ਦੌਰਾਨ ਕਾਲਜ ਤੋਂ ਸਿਖਿਅਤ ਦੇਸ਼ ਦੇ ਏਅਰ ਮਾਰਸ਼ਲ ਸ. ਰਾਜਕਰਨ ਸਿੰਘ ਸੀਹਰਾ, ਕੈਨੇਡਾ ਦੇ ਮੈਂਬਰ ਪਾਰਲੀਮੈਂਟ ਸੁੱਖ ਧਾਲੀਵਾਲ, ਚੇਅਰਮੈਨ ਪੰਜਾਬ ਬਿਜਲੀ ਬੋਰਡ ਸ. ਬਲਦੇਵ ਸਿੰਘ ਸਰਾਂ, ਵਾਈਂਸ ਚਾਸਲਰ ਪੀ.ਟੀ.ਯੂ. ਅਜੈ ਸ਼ਰਮਾ, ਆਈ.ਐਸ. ਅਧਿਕਾਰੀ ਸ. ਮਲਵਿੰਦਰ ਸਿੰਘ ਜੱਗੀ, ਵਿਧਾਇਕ ਸ. ਨਾਜਰ ਸਿੰਘ ਮਾਨਸ਼ਾਹੀਆਂ ਸਮੇਤ 40 ਪ੍ਰਮੁੱਖ ਸ਼ਖ਼ਸੀਅਤਾਂ ਨੂੰ ਕਾਲਜ ਦਾ ਨਾਂ ਦੇਸ਼ ਦੁਨੀਆਂ ਵਿਚ ਚਮਕਾਉਣ ਲਈ ਵਿਸ਼ੇਸ਼ ਤੌਰ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਗੋਬਿੰਦ ਸਿੰਘ ਲੌਂਗੋਵਾਲ, ਨਨਕਾਣਾ ਸਾਹਿਬ ਟਰੱਸਟ ਦੇ ਮੈਂਬਰ ਸ. ਮਹੇਸ਼ਇੰਦਰ ਸਿੰਘ ਗਰੇਵਾਲ ਤੇ ਹੋਰਾਂ ਨੇ ਸਾਂਝੇ ਤੌਰ 'ਤੇ ਸਨਮਾਨਿਤ ਕੀਤਾ। ਇਸ ਤੋਂ ਪਹਿਲਾਂ ਵਿਚਾਰ ਗੋਸ਼ਟੀ ਦੀ ਆਰੰਭਤਾ ਮੌਕੇ ਪ੍ਰੋ. ਸੁਰਿੰਦਰ ਸਿੰਘ ਨਿਰਦੇਸ਼ਕ ਰਾਜ ਅਕਾਦਮੀ ਲੰਡਨ ਨੇ ਆਪਣੇ ਸਾਥੀਆਂ ਸਮੇਤ ਨਿਰਾਧਰਤ ਰਾਗਾਂ ਵਿਚ ਗੁਰਬਾਣੀ ਦਾ ਸ਼ਬਦ ਗਾਇਨ ਕੀਤਾ। ਸਿੱਖ ਵਿਦਵਾਨ ਡਾ. ਅਨੁਰਾਗ ਸਿੰਘ ਨੇ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ 'ਤੇ ਖੋਜ ਭਰਪੂਰ ਪਰਚਾ ਪੜ੍ਹਿਆ ਅਤੇ ਗੁਰੂ ਸਾਹਿਬ ਦੇ ਉਪਦੇਸ਼ਾਂ ਨੂੰ ਸਮੁੱਚੀ ਲੋਕਾਈ ਲਈ ਦੱਸਿਆ। ਵਿਚਾਰ ਗੋਸ਼ਟੀ ਕਾਲਜ ਦੇ ਵਿਦਿਆਰਥੀਆਂ ਨੇ ਸ੍ਰੀ ਗੁਰੂ ਨਾਨਕ ਸਾਹਿਬ ਦੇ ਗਲਪ ਜੁਗਤ ਵਿਸ਼ੇ 'ਤੇ ਆਪਣੇ ਪ੍ਰਭਾਵਸ਼ਾਲੀ ਵਿਚਾਰਾਂ ਦੀ ਸਾਂਝ ਕੀਤੀ।

ਇਸ ਦੌਰਾਨ ਗੁਰੂ ਨਾਨਕ ਇੰਜਨੀਅਰਿੰਗ ਕਾਲਜ ਦੇ ਪ੍ਰਿੰਸੀਪਲ ਡਾ. ਸਹਿਜਪਾਲ ਸਿੰਘ ਨੇ ਵਿਚਾਰ ਗੋਸ਼ਟੀ ਵਿਚ ਉਚੇਚੇ ਤੌਰ 'ਤੇ ਪੁੱਜੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਲੌਂਗੋਵਾਲ ਸਮੇਤ ਸਮੂਹ ਪ੍ਰਮੁੱਖ ਸ਼ਖ਼ਸ਼ੀਅਤ ਦਾ ਧੰਨਵਾਦ ਪ੍ਰਗਟ ਕੀਤਾ, ਉਥੇ ਨਾਲ ਹੀ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਿਧਾਂਤ, ਵਿਚਾਰਧਾਰਾ ਅਤੇ ਫਲਸਫਾ ਸਾਨੂੰ ਸੱਚ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਦਿੰਦਾ ਹੈ। ਇਸ ਮੌਕੇ ਜੀ.ਐਨ.ਈ. ਕਾਲਜ ਦੇ 60 ਕਰੀਬ ਦੇ ਹੋਣਹਾਰ ਵਿਦਿਆਰਥੀਆਂ ਨੂੰ ਵੀ ਸਨਮਾਨਿਤ ਕੀਤਾ। ਟਰੱਸਟ ਵੱਲੋਂ ਭਾਈ ਲੌਂਗੋਵਾਲ ਦਾ ਵੀ ਸਨਮਾਨ ਕੀਤਾ ਗਿਆ। ਇਸ ਸਮੇਂ ਸ. ਗੁਰਮੇਲ ਸਿੰਘ ਸੰਗੋਵਾਲ, ਸ. ਗੁਰਚਰਨ ਸਿੰਘ ਗਿੱਲ, ਪ੍ਰਿੰਸੀਪਲ ਹਰਮੀਤ ਕੌਰ ਵੜੈਚ, ਮੈਨੇਜਰ ਰੇਸ਼ਮ ਸਿੰਘ, ਮੀਤ ਮੈਨੇਜਰ ਸ. ਗੁਰਮੀਤ ਸਿੰਘ ਅਤੇ ਟਰੱਸਟੀ ਮੈਂਬਰ ਹਾਜ਼ਰ ਸਨ।

## ਧਰਮ ਪ੍ਰਚਾਰ ਕਮੇਟੀ ਵੱਲੋਂ ਕਰਤਾਰਪੁਰ ਦੇ ਪਿੰਡ ਅੰਬਗੜ੍ਹ ਵਿਖੇ ਬੱਚਿਆਂ ਦਾ ਗੁਰਮਤਿ ਸਿਖਲਾਈ ਕੈਂਪ ਲਗਾਇਆ



ਕਰਤਾਰਪੁਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਕਮੇਟੀ ਹਲਕਾ ਕਰਤਾਰਪੁਰ (ਜਲੰਧਰ) ਦੇ ਪਿੰਡ ਅੰਬਗੜ੍ਹ ਦੇ ਗੁਰਦੁਆਰਾ ਮਾਤਾ ਸਾਹਿਬ ਕੌਰ ਜੀ ਵਿਖੇ ਬੱਚਿਆਂ ਦਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਜਥੇਦਾਰ ਰਣਜੀਤ ਸਿੰਘ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਹੇਠ 18 ਦਸੰਬਰ 2018 ਨੂੰ ਅਰੰਭ ਹੋਏ ਇਸ ਗੁਰਮਤਿ ਕੈਂਪ ਦੀ ਸਮਾਪਤੀ 5 ਜਨਵਰੀ 2019 ਨੂੰ ਕੀਤੀ ਗਈ।

ਇਸ ਗੁਰਮਤਿ ਕੈਂਪ ਵਿਚ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ ਵੱਲੋਂ ਗੁਰਬਾਣੀ, ਸਿੱਖ ਇਤਿਹਾਸ ਅਤੇ ਸਿੱਖ ਰਹਿਤ ਮਰਿਯਾਦਾ ਬਾਰੇ ਜਾਣਕਾਰੀ ਦਿੱਤੀ ਗਈ। ਬੱਚਿਆਂ ਨੂੰ ਜ਼ਿੰਦਗੀ ਵਿਚ ਚੰਗੇ ਗੁਣਾਂ ਦੇ ਧਾਰਨੀ ਹੋਣ ਦੀ ਮਹੱਤਤਾ ਬਾਰੇ ਬੜੇ ਸਰਲ ਤਰੀਕੇ ਨਾਲ ਸਮਝਾਇਆ ਗਿਆ। ਗੁਰਮਤਿ ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਸਮਾਪਤੀ ਸਮੇਂ ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਮੈਡਲ ਤੇ ਪ੍ਰਸੰਸਾ ਪੱਤਰ ਅਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦੇ ਇਸ ਉਪਰਾਲੇ ਦੀ ਸਮੁੱਚੇ ਪਿੰਡ ਦੀ ਸੰਗਤ ਵੱਲੋਂ ਸ਼ਲਾਘਾ ਕੀਤੀ ਗਈ।

ਕੈਂਪ ਦੀ ਸਮਾਪਤੀ ਮੌਕੇ ਗੁਰਦੁਆਰਾ ਗੰਗਸਰ ਸਾਹਿਬ ਅਤੇ ਗੁਰਦੁਆਰਾ ਥੰਮ ਜੀ ਸਾਹਿਬ ਕਰਤਾਰਪੁਰ ਦੇ ਮੈਨੇਜਰ ਸ. ਨਰਿੰਦਰ ਸਿੰਘ, ਭਾਈ ਮਨਜੀਤ ਸਿੰਘ ਪ੍ਰਚਾਰਕ ਅਤੇ ਪਿੰਡ ਅੰਬਗੜ ਦੀ ਗੁ: ਪ੍ਰਬੰਧਕ ਕਮੇਟੀ ਹਾਜਰ ਸਨ।



ਗੁਰਦੁਆਰਾ ਸਾਹਿਬ ਸੰਤ ਆਸ਼ਰਮ ਨਰੈਣਸ ਮੁਹਾਲੀ ਤਹਿ: ਮਲੇਰਕੋਟਲਾ ਜ਼ਿਲ੍ਹਾ ਸੰਗਰੂਰ ਵਿਖੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਭੁਪਿੰਦਰ ਸਿੰਘ ਭਲਵਾਨ ਦੇ ਸਹਿਯੋਗ ਸਦਕਾ 7 ਜਨਵਰੀ ਨੂੰ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਏ ਗਏ। ਇਨ੍ਹਾਂ ਸਮਾਗਮਾਂ ਵਿਚ ਗਿਆਨੀ ਫੂਲਾ ਸਿੰਘ ਜੀ ਹੈਡ ਗ੍ਰੰਥੀ ਤਖਤ ਸ੍ਰੀ ਕੇਸਗੜ੍ਹ ਸਾਹਿਬ, ਸ਼੍ਰੋਮਣੀ ਕਮੇਟੀ ਮੈਂਬਰ ਸ. ਜੈਪਾਲ ਸਿੰਘ ਮੰਡੀਆ ਨੇ ਸੰਗਤਾਂ ਨੂੰ ਸਿੱਖੀ ਨਾਲ ਜੁੜਨ ਤੇ ਅੰਮ੍ਰਿਤ ਛਕਣ ਦੀ ਪ੍ਰੇਰਨਾ ਕੀਤੀ। ਇਸ ਸਮੇਂ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 36 ਪ੍ਰਾਣੀਆਂ ਵੱਲੋਂ ਅੰਮ੍ਰਿਤ ਛਕ ਕੇ ਖ਼ਾਲਸਾ ਪੰਥ ਵਿਚ ਪ੍ਰਵੇਸ਼ ਕੀਤਾ ਗਿਆ।

## ਪਿੰਡ ਓਠੀਆਂ ਵਿਖੇ ਸਕੂਲੀ ਬੱਚਿਆਂ ਦੇ ਦਸਤਾਰ ਮੁਕਾਬਲੇ ਕਰਵਾਏ



ਗੁਰਦਾਸਪੁਰ- ਇਥੋਂ ਦੇ ਪਿੰਡ ਓਠੀਆਂ ਦੀ ਗੁਰੂ ਨਾਨਕ ਦੇਵ ਅਕੈਡਮੀ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸ. ਸੱਜਣ ਸਿੰਘ ਬੱਜੂਮਾਨ ਦੇ ਉਪਰਾਲੇ ਸਦਕਾ ਵਿਦਿਆਰਥੀਆਂ ਦੇ ਸੁੰਦਰ ਦਸਤਾਰ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿਚ ਬੱਚਿਆਂ ਵੱਲੋਂ ਵਿਸ਼ੇਸ਼ ਉਤਸ਼ਾਹ ਨਾਲ ਭਾਗ ਲਿਆ ਗਿਆ। ਦਸਤਾਰ ਮੁਕਾਬਲੇ ਵਿਚ ਜੂਨੀਅਰ ਗਰੁੱਪ ਦੇ ਕਾਕਾ ਪ੍ਰਭਜੋਤ ਸਿੰਘ ਤੇ ਕਾਕਾ ਗੁਰਜੀਤ ਸਿੰਘ 8ਵੀਂ ਕਲਾਸ ਤੇ ਕਾਕਾ ਜਰਮਨਜੀਤ ਸਿੰਘ 7ਵੀਂ ਕਲਾਸ ਅਤੇ ਸੀਨੀਅਰ ਗਰੁੱਪ ਦੇ ਕਾਕਾ ਅਮਨਦੀਪ ਸਿੰਘ ਤੇ ਕਾਕਾ ਹਰਭਿੰਦਰ ਸਿੰਘ 9ਵੀਂ ਕਲਾਸ ਤੇ ਕਾਕਾ ਪ੍ਰਭਜੋਤ ਸਿੰਘ 10ਵੀਂ ਕਲਾਸ ਅਤੇ ਦੁਮਾਲੇ ਵਿਚ ਕਾਕਾ ਗੁਰਮੁਖ ਸਿੰਘ ਨੂੰ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਪ੍ਰਿੰਸੀਪਲ ਗੁਰਸ਼ਰਨ ਜੀ, ਧਾਰਮਿਕ ਅਧਿਆਪਕਾ ਬੀਬੀ ਦਲਜੀਤ ਕੌਰ, ਬੀਬੀ ਪਰਮਿੰਦਰ ਕੌਰ, ਬੀਬੀ ਹਰਜੀਤ ਕੌਰ, ਬੀਬੀ ਬਲਜੀਤ ਕੌਰ, ਸ. ਸਤਨਾਮ ਸਿੰਘ, ਸ. ਸੁਰਿੰਦਰ ਸਿੰਘ, ਸ. ਗੁਰਪ੍ਰੀਤ ਸਿੰਘ, ਸ. ਕੁਲਬੀਰ ਸਿੰਘ ਪ੍ਰਚਾਰਕ, ਸ. ਰਣਜੋਧ ਸਿੰਘ ਖੋਦੇਬੇਟ ਆਦਿ ਹਾਜ਼ਰ ਸਨ।

## ਤਖ਼ਤੂਪੁਰਾ (ਮੋਗਾ) ਵਿਖੇ 550ਸਾਲਾ ਨੂੰ ਸਮਰਪਿਤ ਕਬੱਡੀ ਮੈਚ ਕਰਵਾਏ



ਤਖਤੂਪੁਰਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਦੇਸ਼ ਭਰ 'ਚ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਦੀ ਲੜੀ ਨੂੰ ਅੱਗੇ ਤੋਰਦਿਆਂ 14 ਤੋਂ 17 ਜਨਵਰੀ ਤਕ ਗੁਰਦੁਆਰਾ ਨਾਨਕਸਰ ਸਾਹਿਬ ਤਖਤੂਪੁਰਾ ਵਿਖੇ ਗੁਰਮਤਿ ਸਮਾਗਮ ਅਤੇ ਕਬੱਡੀ ਮੈਚਾਂ ਦਾ ਆਯੋਜਨ ਕੀਤਾ ਗਿਆ। ਇਨ੍ਹਾਂ ਸਮਾਗਮਾਂ ਨੂੰ ਆਯੋਜਿਤ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸ. ਗੁਰਮੇਲ ਸਿੰਘ ਸੰਗਤਪੁਰਾ ਵੱਲੋਂ ਵੀ ਸਹਿਯੋਗ ਕੀਤਾ ਗਿਆ।

ਇਨ੍ਹਾਂ ਸਮਾਗਮ ਦੌਰਾਨ ਜਿੱਥੇ ਸੰਗਤਾਂ ਨੂੰ ਗੁਰਬਾਣੀ ਤੇ ਸਿੱਖ ਇਤਿਹਾਸ ਨਾਲ ਜੋੜਿਆ ਗਿਆ ਉਥੇ ਹੀ ਨੌਜਵਾਨਾਂ ਨੂੰ ਨਰੋਈ ਸਿਹਤ ਲਈ ਪ੍ਰੇਰਿਤ ਕਰਨ ਲਈ ਕਬੱਡੀ ਮੈਚ ਵੀ ਕਰਵਾਏ ਗਏ। ਇਸ ਸਮੇਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਅਤੇ ਸਰੀਰਕ ਖੇਡਾਂ ਨਾਲ ਜੋੜਨ ਦੇ ਮਨੋਰਥ ਨਾਲ ਕਬੱਡੀ ਦੇ ਮੈਚ ਵੀ ਕਰਵਾਏ ਗਏ।

ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇੰਸਪੈਕਸ਼ਨ-87 ਦੇ ਚੀਫ ਸ. ਤਜਿੰਦਰ ਸਿੰਘ, ਲੋਕਲ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸ. ਕਰਨੈਲ ਸਿੰਘ, ਗੁਰਦੁਆਰਾ ਸਾਹਿਬ ਦੇ ਮੈਨੇਜਰ ਸ. ਰਜਿੰਦਰ ਸਿੰਘ, ਇੰਸਪੈਕਟਰ ਸ. ਜਗਜੀਤ ਸਿੰਘ ਮੱਦੀਪੁਰ, ਸ. ਬਲਜੀਤ ਸਿੰਘ, ਸ. ਬਲਦੇਵ ਸਿੰਘ, ਸ. ਬਲਵਿੰਦਰ ਸਿੰਘ ਪੱਤੋ ਅਤੇ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ।

# ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਇਆ ਗਿਆ ਵਿਸ਼ਾਲ ਨਗਰ ਕੀਰਤਨ

## ਗੁਰਮਤਿ ਸਮਾਗਮ ਸਮੇਂ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਵਿਚ 202 ਪ੍ਰਾਣੀਆਂ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ



ਅੰਮ੍ਰਿਤਸਰ 27 ਜਨਵਰੀ– ਸਿੱਖ ਕੌਮ ਦੇ ਮਹਾਨ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਬਾਬਾ ਜੀ ਦੇ ਜਨਮ ਦਿਹਾੜੇ ਨੂੰ ਮੁੱਖ ਰੱਖਦਿਆਂ ਭਾਰੀ ਗਿਣਤੀ ਸੰਗਤ ਨੇ ਲਗਾਤਾਰ ਦੋ ਦਿਨ ਗੁਰੂ ਘਰ ਵਿਖੇ ਸ਼ਰਧਾਂ ਨਾਲ ਹਾਜ਼ਰੀ ਭਰੀ। ਇਸ ਸਬੰਧ ਵਿਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਤੇ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਨੇ ਗੁਰਮਤਿ ਵਿਚਾਰਾਂ ਨਾਲ ਸੰਗਤ ਨੂੰ ਜੋੜਿਆ ਤੇ ਬਾਬਾ ਦੀਪ ਸਿੰਘ ਜੀ ਦੇ ਜੀਵਨ ਤੋਂ ਸੇਧ ਲੈਣ ਦੀ ਪ੍ਰੇਰਣਾ ਕੀਤੀ। ਇਸ ਦੌਰਾਨ ਸਾਰਾ ਦਿਨ ਲਗਾਤਾਰ ਸਜਾਏ ਗਏ ਧਾਰਮਿਕ ਦੀਵਾਨ ਵਿਚ ਸਿੱਖ ਕੌਮ ਦੇ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰ ਜਥਿਆਂ, ਪ੍ਰਚਾਰਕਾਂ ਤੇ ਪੰਥਕ ਕਵੀਆਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ, ਸਿੱਖ ਇਤਿਹਾਸ ਅਤੇ ਗੁਰਮਤਿ ਵਿਚਾਰਾਂ ਨਾਲ ਜੋੜਿਆ। ਇਸ ਮੌਕੇ ਵਿਸ਼ੇਸ ਤੌਰ ਤੇ ਕਰਵਾਏ ਗਏ ਅੰਮ੍ਰਿਤ ਸੰਚਾਰ ਵਿਚ 202 ਪ੍ਰਾਣੀਆਂ ਅੰਮ੍ਰਿਤ ਪਾਨ ਕੀਤਾ, ਜਦਕਿ ਖ਼ੂਨਦਾਨ ਕੈਂਪ ਵਿਚ ਸੰਗਤਾਂ ਨੇ ਕਰੀਬ 300 ਯੂਨਿਟ ਖ਼ੂਨ ਦਾਨ ਵੀ ਕੀਤਾ।

ਇਸੇ ਸਬੰਧ ਵਿਚ ਪਹਿਲੇ ਦਿਨ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਸਜਾਇਆ ਗਿਆ ਜੋ ਚੌਕ ਘੰਟਾ ਘਰ, ਜਲ੍ਹਿਆਂ ਵਾਲਾ ਬਾਗ, ਲੱਕੜ ਮੰਡੀ ਬਾਜ਼ਾਰ, ਸੁਲਤਾਨਵਿੰਡ ਗੇਟ, ਪਾਣੀ ਵਾਲੀ ਟੈਂਕੀ, ਸਵਰਨ ਹਾਊਸ, ਗੋਲਡਨ ਕਲਾਥ ਮਾਰਕੀਟ, ਸੁਲਤਾਨਵਿੰਡ ਰੋਡ, ਤੇਜ਼ ਨਗਰ ਚੌਂਕ, ਬਾਜ਼ਾਰ ਸ਼ਹੀਦ ਊਧਮ ਸਿੰਘ ਨਗਰ, ਬਾਜ਼ਾਰ ਕੋਟ ਮਾਹਣਾ ਸਿੰਘ ਤੇ ਤਰਨਤਾਰਨ ਰੋਡ ਤੋਂ ਹੁੰਦਾ ਹੋਇਆ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਸੰਪੂਰਣ ਹੋਇਆ। ਨਗਰ ਕੀਰਤਨ ਦੌਰਾਨ ਫੁੱਲਾਂ ਨਾਲ ਸਜੀ ਸੁਨਹਿਰੀ ਪਾਲਕੀ ਵਿੱਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਤਾਬਿਆ ਬੈਠ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਚੌਰ ਸਾਹਿਬ ਦੀ ਸੇਵਾ ਨਿਭਾਈ।

ਇਸ ਮੌਕੇ ਧਾਰਮਿਕ ਸਭਾ–ਸੁਸਾਇਟੀਆਂ, ਸਕੂਲਾਂ–ਕਾਲਜਾਂ ਦੇ ਵਿਦਿਆਰਥੀਆਂ, ਗੱਤਕਾ ਪਾਰਟੀਆਂ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਭਰਵੀਂ ਸ਼ਮੂਲੀਅਤ ਕੀਤੀ। ਨਗਰ ਕੀਰਤਨ ਵਿੱਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ, ਸ. ਸ਼ਿੰਗਾਰਾ ਸਿੰਘ ਲੋਹੀਆਂ, ਸ. ਖੁਸ਼ਵਿੰਦਰ ਸਿੰਘ ਭਾਟੀਆ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਭਾਈ ਰਾਜਿੰਦਰ ਸਿੰਘ ਮਹਿਤਾ, ਸ. ਭਗਵੰਤ ਸਿੰਘ ਸਿਆਲਕਾ, ਭਾਈ ਅਮਰਜੀਤ ਸਿੰਘ ਚਾਵਲਾ, ਸ. ਬਲਦੇਵ ਸਿੰਘ ਚੂੰਘਾ, ਸ. ਰਤਨ ਸਿੰਘ ਜ਼ਫਰਵਾਲ, ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਜਰਨੈਲ ਸਿੰਘ ਡੋਗਰਾਂਵਾਲਾ, ਸ. ਗੁਰਨਾਮ ਸਿੰਘ ਜੱਸਲ, ਬੀਬੀ ਜੋਗਿੰਦਰ ਕੌਰ, ਹੈੱਡ ਗ੍ਰੰਥੀ ਭਾਈ ਮਲਕੀਤ ਸਿੰਘ, ਸ. ਗੁਰਪ੍ਰਤਾਪ ਸਿੰਘ ਟਿੱਕਾ, ਸ. ਸੁਖਬੀਰ ਸਿੰਘ ਵਾਹਲਾ, ਸਕੱਤਰ ਸ. ਮਨਜੀਤ ਸਿੰਘ ਬਾਠ ਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਨਿੱਜੀ ਸਕੱਤਰ ਇੰਜ. ਸੁਖਮਿੰਦਰ ਸਿੰਘ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ. ਮੁਖਤਾਰ ਸਿੰਘ ਮੀਤ ਸਕੱਤਰ ਸ. ਸਿਮਰਜੀਤ ਸਿੰਘ ਕੰਗ, ਸ. ਕੁਲਵਿੰਦਰ ਸਿੰਘ ਰਮਦਾਸ ਤੇ ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਸਤਨਾਮ ਸਿੰਘ ਸੁਪ੍ਰਿੰਟੈਂਡੈਂਟ, ਐਡੀ: ਮੈਨੇਜਰ ਸ. ਸੁਖਬੀਰ ਸਿੰਘ, ਸ. ਨਰਿੰਦਰ ਸਿੰਘ ਤੇ ਸ. ਜਸਪਾਲ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ, ਸ. ਦਰਸ਼ਨ ਸਿੰਘ ਪੀਏ ਆਦਿ ਮੌਜੂਦ ਸਨ।

# ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਗੁਰ ਪੁਰਬ ਨੂੰ ਸਮਰਪਿਤ ਨੇਪਾਲ ਤੋਂ ਗੁਰਦੁਆਰਾ ਬੇਰ ਸਾਹਿਬ ਤਕ ਸਜਾਇਆ ਜਾਵੇਗਾ ਨਗਰ ਕੀਰਤਨ



ਅੰਮ੍ਰਿਤਸਰ, 30 ਜਨਵਰੀ– ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਇਕ ਵਿਸ਼ੇਸ ਨਗਰ ਕੀਰਤਨ ਸ੍ਰੀ ਗੁਰੂ ਨਾਨਕ ਦੇਵ ਸੇਵਾ ਸੁਸਾਇਟੀ (ਯੂ.ਐਸ.ਏ.) ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸਿੱਖ ਜਥੇਬੰਦੀਆਂ ਅਤੇ ਸੰਗਤ ਦੇ ਸਹਿਯੋਗ ਨਾਲ ਅਕਤੂਬਰ 2019 ਵਿਚ ਕਾਠਮਾਂਡੂ ਨੇਪਾਲ ਤੋਂ ਅਰੰਭ ਕੀਤਾ ਜਾਵੇਗਾ, ਜੋ ਵੱਖ–ਵੱਖ ਸੂਬਿਆਂ ਤੋਂ ਹੁੰਦਾ ਹੋਇਆ ਪੰਜਾਬ ਦੇ ਵੱਖ–ਵੱਖ ਸ਼ਹਿਰਾਂ ਰਾਹੀਂ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਡੇਰਾ ਬਾਬਾ ਨਾਨਕ (ਗੁਰਦਾਸਪੁਰ) ਦੇ ਦਰਸ਼ਨ ਕਰਨ ਉਪਰੰਤ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਪੁੱਜੇਗਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਵਿਖੇ ਸਥਿਤ ਦਫ਼ਤਰ ਵਿਖੇ ਪੁੱਜੇ ਸ. ਅਮਰਦੀਪ ਸਿੰਘ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨਾਲ ਮੁਲਾਕਾਤ ਕਰਕੇ ਨਗਰ ਕੀਰਤਨ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਨਗਰ ਕੀਰਤਨ ਨੇਪਾਲ ਕਾਠਮਾਂਡੂ ਤੋਂ ਅਰੰਭ ਹੋ ਕੇ ਵੱਖ–ਵੱਖ ਸ਼ਹਿਰਾਂ ਵਿੱਚੋਂ ਹੁੰਦਾ ਹੋਇਆ ਦੋ ਹਜ਼ਾਰ ਕਿਲੋਮੀਟਰ ਦੀ ਯਾਤਰਾ ਤਹਿ ਕਰਕੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ (ਪੰਜਾਬ) ਵਿਖੇ ਪੁੱਜੇਗਾ। ਭਾਈ ਲੌਂਗੋਵਾਲ ਨੇ ਸ੍ਰੀ ਗੁਰੂ ਨਾਨਕ ਦੇਵ ਸੇਵਾ ਸੁਸਾਇਟੀ ਵੱਲੋਂ ਆਰੰਭੇ ਜਾਣ ਵਾਲੇ ਨਗਰ ਕੀਰਤਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਗਰ ਕੀਰਤਨ ਦਾ ਮੰਤਵ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਨੂੰ ਘਰ–ਘਰ ਪਹੁੰਚਾਉਣਾ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਨਗਰ ਕੀਰਤਨ ਦੌਰਾਨ ਸ਼੍ਰੋਮਣੀ ਕਮੇਟੀ ਵੱਲੋਂ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਜਾਵੇਗਾ। ਇਸ ਦੌਰਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ੍ਰੀ ਗੁਰੂ ਨਾਨਕ ਦੇਵ ਸੇਵਾ ਸੁਸਾਇਟੀ ਦੇ ਮੈਂਬਰਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਦੇ ਕੇ ਸਨਮਾਨਿਤ ਵੀ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਮੀਤ ਸਕੱਤਰ ਸ. ਸਿਮਰਜੀਤ ਸਿੰਘ ਕੰਗ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ. ਅਤੇ ਸ੍ਰੀ ਗੁਰੂ ਨਾਨਕ ਦੇਵ ਸੇਵਾ ਸੁਸਾਇਟੀ ਦੇ ਮੈਂਬਰ ਹਾਜ਼ਰ ਸਨ।



ਮਹਾਨ ਯੋਧੇ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਚਾਟੀਵਿੰਡ ਗੇਟ ਸ੍ਰੀ ਅੰਮ੍ਰਿਤਸਰ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਸ਼ਾਲ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਇਸ ਮੌਕੇ 202 ਪ੍ਰਾਣੀਆਂ ਨੇ ਖੰਡੇ ਬਾਟੇ ਦਾ ਅੰਮ੍ਰਿਤਪਾਨ ਕਰ ਕੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਕਕਾਰ ਭੇਟਾ ਰਹਿਤ ਦਿੱਤੇ ਗਏ। ਤਸਵੀਰ ਵਿਚ ਅੰਮ੍ਰਿਤ ਅਭਿਲਾਖੀ ਸੰਗਤ ਦੇ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪੰਜ ਪਿਆਰੇ ਸਾਹਿਬਾਨ, ਪ੍ਰਚਾਰਕ ਸਾਹਿਬਾਨ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨਜ਼ਰ ਆ ਰਹੀਆਂ ਹਨ।



ਅਕਾਲ ਅਕੈਡਮੀ ਗੋਮਤੀ ਜ਼ਿਲ੍ਹਾ ਪੀਲੀਭੀਤ, ਉਤਰ ਪ੍ਰਦੇਸ਼ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 91 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



11 ਜਨਵਰੀ ਨੂੰ ਪ੍ਰਤਾਪਪੁਰਾ ਜ਼ਿਲ੍ਹਾ ਹਨੂਮਾਨਗੜ੍ਹ ਰਾਜਸਥਾਨ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 47 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



21 ਜਨਵਰੀ ਨੂੰ ਪਿੰਡ ਠੀਕਰੀਵਾਲਾ ਜ਼ਿਲ੍ਹਾ ਬਰਨਾਲਾ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 51 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਗੁਰਦੁਆਰਾ ਸਾਹਿਬ ਪਾ: ਛੇਵੀਂ ਭਦੌੜ ਵਿਖੇ 12 ਜਨਵਰੀ ਨੂੰ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 80 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।

## ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ

# ਸ਼ਬਦ ਗੁਰੂ ਯਾਤਰਾ

## ਗੁਰਦੁਆਰਾ ਸ੍ਰੀ ਬੇਰ ਸਾਹਿਬ ਤੋਂ ਖ਼ਾਲਸਾਈ ਜਾਹੋ-ਜਲਾਲ ਨਾਲ ਆਰੰਭ

ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਵਿਸ਼ਾਲ 'ਸ਼ਬਦ ਗੁਰੂ ਯਾਤਰਾ' ਦੀ ਖ਼ਾਲਸਾਈ ਜਾਹੋ-ਜਲਾਲ ਨਾਲ ਆਰੰਭਤਾ ਹੋਈ। ਇਹ ਸ਼ਬਦ ਗੁਰੂ ਯਾਤਰਾ ਪੂਰੇ ਪੰਜਾਬ ਅੰਦਰ ਵੱਖ-ਵੱਖ ਸ਼ਹਿਰਾਂ, ਪਿੰਡਾਂ ਅਤੇ ਕਸਬਿਆਂ ਰਾਹੀਂ ਹੁੰਦੀ ਹੋਈ ਅਪ੍ਰੈਲ ਮਹੀਨੇ ਵਿਚ ਵਾਪਸ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਹੀ ਸੰਪੂਰਣ ਹੋਵੇਗੀ। ਗੁਰਦੁਆਰਾ ਸ੍ਰੀ ਬੇਰ ਸਾਹਿਬ ਤੋਂ ਸ਼ਬਦ ਗੁਰੂ ਯਾਤਰਾ ਦੀ ਆਰੰਭਤਾ ਸਮੇਂ ਅਰਦਾਸ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕੀਤੀ, ਜਦਕਿ ਪਾਵਨ ਹੁਕਮਨਾਮਾ ਹੈੱਡ ਗ੍ਰੰਥੀ ਭਾਈ ਸੁਰਜੀਤ ਸਿੰਘ ਸਭਰਾ ਨੇ ਲਿਆ। ਆਰੰਭਤਾ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ, ਦਲ ਬਾਬਾ ਬਿੰਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਨਾਨਕਸਰ ਸੰਪਰਦਾ ਦੇ ਮੁਖੀ ਬਾਬਾ ਲੱਖਾ ਸਿੰਘ, ਜਨਰਲ ਸਕੱਤਰ ਜਥੇਦਾਰ ਗੁਰਬਚਨ ਸਿੰਘ ਕਰਮੂੰਵਾਲਾ, ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ, ਸਾਬਕਾ ਮੰਤਰੀ ਡਾ. ਉਪਿੰਦਰਜੀਤ ਕੌਰ, ਵਿਧਾਇਕ ਸ. ਗੁਰਪ੍ਰਤਾਪ ਸਿੰਘ ਵਡਾਲਾ ਤੇ ਸ. ਨਵਤੇਜ ਸਿੰਘ ਸਮੇਤ ਵੱਖ-ਵੱਖ ਸੰਪਰਦਾਵਾਂ ਅਤੇ ਜਥੇਬੰਦੀਆਂ ਦੇ ਨੁਮਾਇੰਦੇ ਸ਼ਾਮਲ ਹੋਏ। ਇਸ ਦੌਰਾਨ ਬੈਡ ਪਾਰਟੀਆਂ ਅਤੇ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਵੀ ਸ਼ਮੂਲੀਅਤ ਕੀਤੀ ਗਈ ਅਤੇ ਸੰਗਤਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ 'ਤੇ ਫੁੱਲਾਂ ਦੀ ਵਰਖਾ ਕਰਕੇ ਸ਼ਰਧਾ ਪ੍ਰਗਟਾਈ। ਇਸ ਮੌਕੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਨੂੰ ਖ਼ੂਬਸੂਰਤ ਢੰਗ ਨਾਲ ਸਜਾਇਆ ਗਿਆ ਸੀ ਅਤੇ ਨਗਰ ਕੀਰਤਨ ਦੇ ਰਸਤੇ ਵਿਚ ਵੀ ਥਾਂ-ਥਾਂ 'ਤੇ ਸਵਾਗਤੀ ਗੇਟ ਬਣਾਏ ਗਏ ਸਨ। ਸ਼ਬਦ ਗੁਰੂ ਯਾਤਰਾ ਨਾਲ ਗੁਰੂ ਸਾਹਿਬ ਜੀ ਦੇ ਪਾਵਨ ਸ਼ਸਤਰਾਂ ਬਸਤਰਾਂ ਵਾਲੀ ਬੱਸ ਵੀ ਸ਼ਾਮਲ ਸੀ, ਜਿਨ੍ਹਾਂ ਦੇ ਦਰਸ਼ਨ ਕਰਨ ਲਈ ਸੰਗਤ ਵਿਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਸੀ।



ਸ਼ਬਦ ਗੁਰੂ ਯਾਤਰਾ ਦੀ ਆਰੰਭਤਾ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਦਰਬਾਰ ਅੰਦਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਨੇ ਸੰਗਤਾਂ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550 ਸਾਲਾ ਪ੍ਰਕਾਸ਼ ਗੁਰਪੁਰਬ ਸਿੱਖੀ ਪ੍ਰਚਾਰ ਲਈ ਇਕ ਸੁਨਹਿਰੀ ਮੌਕਾ ਹੈ ਅਤੇ ਹਰ ਗੁਰੂ ਨਾਨਕ ਨਾਮ ਲੇਵਾ ਦਾ ਫਰਜ਼ ਬਣਦਾ ਹੈ ਕਿ ਇਸ ਨੂੰ ਸਮਰਪਿਤ ਹੋ ਕੇ ਗੁਰੂ ਸਾਹਿਬ ਜੀ ਦੀਆਂ ਸਿੱਖਿਆਵਾਂ ਦੇ ਪ੍ਰਚਾਰ ਲਈ ਯਤਨ ਕਰੇ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਜੀ ਦੀ ਸਿੱਖਿਆ ਵਿਸ਼ਵ-ਵਿਆਪੀ ਅਤੇ ਸਰਬਕਾਲੀ ਹੈ, ਇਹ ਹਰ ਵਰਗ ਅਤੇ ਹਰ ਖਿੱਤੇ ਲਈ ਹੈ। ਸਿੰਘ ਸਾਹਿਬ ਨੇ ਕਿਹਾ ਕਿ ਅੱਜ ਦੇ ਪਦਾਰਥਵਾਦੀ ਯੁੱਗ ਵਿਚ ਗੁਰੂ ਸਾਹਿਬ ਜੀ ਦੀਆਂ ਸਿੱਖਿਆਵਾਂ ਦੇ ਪ੍ਰਚਾਰ ਅਤੇ ਉਨ੍ਹਾਂ 'ਤੇ ਅਮਲ ਕਰਨ ਦੀ ਹੋਰ ਵੀ ਵਧੇਰੇ ਲੋੜ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਖਿਆ ਕਿ ਗੁਰੂ ਸਾਹਿਬ ਜੀ ਦੇ 550ਵੇਂ ਪ੍ਰਕਾਸ਼ ਗੁਰਪੁਰਬ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਸਾਰਾ ਸਾਲ ਸਮਾਗਮ ਚਲਾਏ ਜਾਣੇ ਹਨ ਅਤੇ ਇਸੇ ਤਹਿਤ ਹੀ ਇਹ ਸ਼ਬਦ ਗੁਰੂ ਯਾਤਰਾ ਆਰੰਭੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਦਾ ਮੰਤਵ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਸੰਗਤ ਨੂੰ ਪ੍ਰੇਰਿਤ ਕਰਨਾ ਹੈ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਇਸ ਨਗਰ ਕੀਰਤਨ ਦਾ ਹਿੱਸਾ ਬਣਨ। ਇਸ ਤੋਂ ਇਲਾਵਾ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ ਨੇ ਵੀ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਸ਼੍ਰੋਮਣੀ ਕਮੇਟੀ ਵੱਲੋਂ ਆਰੰਭੇ ਗਏ ਇਸ ਉਪਰਾਲੇ ਦੀ ਭਰਵੀਂ ਪ੍ਰਸੰਸਾ ਕੀਤੀ ਅਤੇ ਇਸ ਕਾਰਜ ਵਿਚ ਸਮੂਹ ਜਥੇਬੰਦੀਆਂ ਨੂੰ ਵੱਧ-ਚੜ੍ਹ ਕੇ ਹਿੱਸਾ ਪਾਉਣ ਦੀ ਅਪੀਲ ਵੀ ਕੀਤੀ।

ਗੁਰਦੁਆਰਾ ਸ੍ਰੀ ਬੇਰ ਸਾਹਿਬ ਤੋਂ ਅਰੰਭ ਹੋ ਕੇ ਸ਼ਬਦ ਗੁਰੂ ਯਾਤਰਾ ਤਲਵੰਡੀ ਚੌਧਰੀਆਂ, ਟਿੱਬਾ, ਠੱਟਾ, ਟੋਡਰਵਾਲ, ਸਾਬੂਵਾਲ, ਦੂਲੋਵਾਲ, ਦਬੂਲੀਆਂ, ਖੀਰਾਂ ਵਾਲੀ, ਉੱਚਾ, ਫੱਤੂਢੀਂਗਾ, ਮੁੰਡੀ ਮੋੜ ਤੋਂ ਹੁੰਦੀ ਹੋਈ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਗੋਇੰਦਵਾਲ ਵਿਖੇ ਪਹੁੰਚੀ ਜਿਥੇ ਰਾਤ ਦਾ ਵਿਸ਼ਰਾਮ ਕੀਤਾ।

ਦੂਸਰੇ ਦਿਨ ਇਹ ਨਗਰ ਕੀਰਤਨ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ, ਸ੍ਰੀ ਗੋਇੰਦਵਾਲ ਸਾਹਿਬ ਤੋਂ ਅਗਲੇ ਪੜਾਅ ਲਈ ਰਵਾਨਾ ਹੋਇਆ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਅਰੰਭਤਾ ਦੀ ਅਰਦਾਸ ਕੀਤੀ। ਪੰਜ ਪਿਆਰੇ ਸਾਹਿਬਾਨ ਅਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਦੇਣ ਮਗਰੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ ਨੇ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ। ਇਸ ਮੌਕੇ ਸੰਗਤ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ 'ਤੇ ਫੁੱਲਾਂ ਦੀ ਭਰਵੀਂ ਵਰਖਾ ਕੀਤੀ ਗਈ। ਸ੍ਰੀ ਗੋਇੰਦਵਾਲ ਸਾਹਿਬ ਤੋਂ ਚਲ ਕੇ ਇਹ ਨਗਰ ਕੀਰਤਨ ਪਿੰਡ ਫਤਿਆਬਾਦ, ਭਰੋਵਾਲ, ਵੇਂਈਪੁਈ ਮੋੜ, ਖਡੂਰ ਸਾਹਿਬ ਮੁਗਲਾਣੀ, ਸੰਘਰ ਕੋਟ, ਬਾਣੀਆਂ, ਘਸੀਟਪੁਰਾ, ਕੰਗ, ਮਾਲਚੱਕ, ਬਾਠ, ਭੁੱਲਰ, ਪੰਡੋਰੀ ਗੋਲਾ ਹੁੰਦਾ ਹੋਇਆ ਰਾਤ ਦੇ ਵਿਸ਼ਰਾਮ ਲਈ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਤਰਨ ਤਾਰਨ ਸਾਹਿਬ ਵਿਖੇ ਪਹੁੰਚਿਆ। ਰਸਤੇ ਵਿਚ ਵੱਖ-ਵੱਖ ਪੜਾਵਾਂ 'ਤੇ ਸੰਗਤ ਨੇ ਭਰਵਾਂ ਸਵਾਗਤ ਕਰਦਿਆਂ ਜਿਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕੀਤੇ ਉਥੇ ਹੀ ਪੰਜ ਪਿਆਰੇ ਸਾਹਿਬਾਨ ਨੂੰ ਸਿਰੋਪਾਓ ਦੇ ਕੇ ਨਿਵਾਜਿਆ।

ਤੀਸਰੇ ਦਿਨ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਤਰਨ ਤਾਰਨ ਸਾਹਿਬ ਤੋਂ ਅਗਲੇ ਪੜਾਅ ਲਈ ਰਵਾਨਾ ਹੋਈ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਭਾਈ ਕੁਲਵਿੰਦਰ ਸਿੰਘ ਨੇ ਅਰੰਭਤਾ ਦੀ ਅਰਦਾਸ ਕੀਤੀ। ਪੰਜ ਪਿਆਰੇ ਸਾਹਿਬਾਨ ਅਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਦੇਣ ਮਗਰੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਸ. ਅਲਵਿੰਦਰਪਾਲ ਸਿੰਘ ਪੱਖੋਕੇ ਨੇ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ। ਇਥੋਂ ਚੱਲ ਕੇ ਗੁਰਦੁਆਰਾ ਲਕੀਰ ਸਾਹਿਬ, ਬਾਈਪਾਸ ਚੌਂਕ, ਕਾਜੀਕੋਟ, ਕੈਰੋਂਵਾਲ, ਨੂਰਦੀ, ਕੋਟ ਧਰਮ ਚੰਦ, ਝਬਾਲ ਠੱਠਾ ਗੇਟ, ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਠੱਠਾ, ਬਘਿਆੜੀ ਮੋੜ, ਸਵਰਗਾਪੁਰੀ, ਅੱਡਾ ਝਬਾਲ, ਪੰਜਵੜ, ਗੱਗੋਬੂਹਾ, ਸੁਰਸਿੰਘ, ਭਿਖੀਵਿੰਡ, ਹੁੰਦੇ ਹੋਏ ਸ਼ਬਦ ਗੁਰੂ ਯਾਤਰਾ ਦਾ ਰਾਤ ਦਾ ਪੜਾਅ ਗੁਰਦੁਆਰਾ ਜਨਮ ਅਸਥਾਨ ਬਾਬਾ ਦੀਪ ਸਿੰਘ ਜੀ ਪਹੂਵਿੰਡ ਵਿਖੇ ਕੀਤਾ ਗਿਆ।

ਚੌਥੇ ਦਿਨ ਸ਼ਬਦ ਗੁਰੂ ਯਾਤਰਾ ਅਗਲੇ ਪੜਾਅ ਲਈ ਗੁਰਦੁਆਰਾ ਜਨਮ ਅਸਥਾਨ ਬਾਬਾ ਦੀਪ ਸਿੰਘ ਜੀ ਪਹੂਵਿੰਡ ਤੋਂ ਅਰਦਾਸ ਉਪਰੰਤ ਰਵਾਨਾ ਹੋਈ। ਪੰਜ ਪਿਆਰੇ ਸਾਹਿਬਾਨ ਅਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਦੇਣ ਮਗਰੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਭਾਈ ਮਨਜੀਤ ਸਿੰਘ ਭੂਰਾਕੋਹਨਾ ਨੇ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ। ਇਸ ਮੌਕੇ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੇ ਵੀ ਹਾਜ਼ਰੀ ਭਰੀ। ਪਹੂਵਿੰਡ ਤੋਂ ਚਲ ਕੇ ਇਹ ਯਾਤਰਾ ਭਿੱਖੀਵਿੰਡ, ਕਾਲੇਕੇ, ਦਿਆਲਪੁਰ, ਕੱਚਾ ਪੱਕਾ, ਮਨਿਹਾਲਾ ਜੈ ਸਿੰਘ, ਕੁੱਲਾ ਹੁੰਦੀ ਹੋਈ ਗੁਰਦੁਆਰਾ ਬੀਬੀ ਰਜਨੀ ਜੀ, ਪੱਟੀ ਰਾਤ ਦੇ ਵਿਸ਼ਰਾਮ ਲਈ ਠਹਿਰੀ। ਸ਼ਬਦ ਗੁਰੂ ਯਾਤਰਾ ਪੰਜਵੇਂ ਦਿਨ ਗੁਰਦੁਆਰਾ ਬੀਬੀ ਰਜਨੀ ਜੀ, ਪੱਟੀ ਤੋਂ ਅਰਦਾਸ ਉਪਰੰਤ ਅਗਲੇ ਪੜਾਅ ਲਈ ਰਵਾਨਾ ਹੋਈ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਭਾਈ ਖੁਸ਼ਵਿੰਦਰ ਸਿੰਘ ਭਾਟੀਆ ਨੇ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ।





11 ਜਨਵਰੀ ਨੂੰ ਗੁਰਦੁਆਰਾ ਬੀਬੀ ਰਜਨੀ ਜੀ (ਪੱਟੀ) ਤੋਂ ਚੱਲ ਕੇ ਠੱਕਰਪੁਰਾ, ਪੱਟੀ ਮੋੜ, ਚੀਮਾ, ਬਰਵਾਲਾ, ਦੁੱਬਲੀ ਤੋਂ ਹੁੰਦੀ ਹੋਈ 'ਸ਼ਬਦ ਗੁਰੂ ਯਾਤਰਾ' ਮਾਲਵੇ ਅੰਦਰ ਬੰਡਾਲਾ-ਕੋਟ ਬੁੱਢਾ ਸਤਲੁਜ ਦਰਿਆ ਪੁਲ ਰਾਹੀਂ ਫਿਰੋਜ਼ਪੁਰ ਦਾਖ਼ਲ ਹੋਈ, ਜਿਸ ਦਾ ਫਿਰੋਜ਼ਪੁਰ ਜ਼ਿਲ੍ਹੇ ਦੀ ਧਰਤੀ 'ਤੇ ਪਹੁੰਚਣ 'ਤੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਪ੍ਰੀਤਮ ਸਿੰਘ ਮਲਸੀਆਂ, ਜਥੇਦਾਰ ਦਰਸ਼ਨ ਸਿੰਘ ਸ਼ੇਰਖਾਂ ਤੇ ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਸੁਖਪਾਲ ਸਿੰਘ ਨੰਨੂ ਸਾਬਕਾ ਮੁੱਖ ਸੰਸਦੀ ਸਕੱਤਰ ਦੀ ਅਗਵਾਈ ਹੇਠ ਸਿੱਖ ਸੰਗਤ ਤੋਂ ਇਲਾਵਾ ਪੰਜਾਬ ਪੁਲਿਸ ਦੀ ਟੁਕੜੀ ਵਲੋਂ ਸਲਾਮੀ ਦੇ ਕੇ ਜ਼ੋਰਦਾਰ ਸਵਾਗਤ ਕੀਤਾ ਗਿਆ। ਇਥੋਂ ਚਲ ਕੇ ਭਾਉਵਾਲ, ਬੰਡਾਲਾ, ਹਾਮਦਵਾਲਾ, ਬੱਗੇਵਾਲਾ, ਉਸਮਾਨਵਾਲਾ ਹੁੰਦੇ ਹੋਏ ਸੰਗਤਾਂ ਨੇ ਰਾਤ ਦਾ ਵਿਸ਼ਰਾਮ ਪਿੰਡ ਗੁਰਦੁਆਰਾ ਸਾਹਿਬ ਆਰਫਕੇ (ਫਿਰੋਜਪੁਰ) ਵਿਖੇ ਕੀਤਾ।

12 ਜਨਵਰੀ ਨੂੰ ਗੁਰਦੁਆਰਾ ਸਾਹਿਬ ਪਿੰਡ ਆਰਫ਼ਕੇ ਤੋਂ ਅਰਦਾਸ ਉਪਰੰਤ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਦਰਸ਼ਨ ਸਿੰਘ ਸ਼ੇਰ ਖਾਂ, ਜਥੇਦਾਰ ਪ੍ਰੀਤਮ ਸਿੰਘ ਮਲਸੀਆਂ, ਜਥੇਦਾਰ ਸੱਤਪਾਲ ਸਿੰਘ ਤਲਵੰਡੀ ਅਤੇ ਜਥੇਦਾਰ ਗੁਰਮੀਤ ਸਿੰਘ ਬੂਹ ਵਲੋਂ ਪੰਜ ਪਿਆਰਿਆਂ ਅਤੇ ਨਿਸ਼ਾਨਚੀ ਸਿੰਘਾਂ ਨੂੰ ਸਿਰਪਾਓ ਦੇ ਕੇ ਯਾਤਰਾ ਨੂੰ ਅਗਲੇ ਪੜਾਅ ਲਈ ਰਵਾਨਾ ਕੀਤਾ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਦਿਹਾਤੀ ਦੇ ਪ੍ਰਧਾਨ ਸ. ਅਵਤਾਰ ਸਿੰਘ ਜ਼ੀਰਾ ਸਮੇਤ ਇਲਾਕੇ ਦੀਆਂ ਅਹਿਮ ਸਖ਼ਸ਼ੀਅਤਾਂ ਅਤੇ ਵੱਡੀ ਗਿਣਤੀ 'ਚ ਸਿੱਖ ਸੰਗਤਾਂ ਹਾਜ਼ਰ ਸਨ। ਕਟੋਰਾ ਹੁੰਦੇ ਹੋਏ ਸ਼ਬਦ ਗੁਰੂ ਯਾਤਰਾ ਦੇ ਵਾਹਕਾ ਮੋੜ 'ਤੇ ਪਹੁੰਚਣ 'ਤੇ ਇਲਾਕੇ ਦੀ ਸਿੱਖ ਸੰਗਤ ਵਲੋਂ ਸ. ਸੁਖਪਾਲ ਸਿੰਘ ਨੰਨੂ ਸਾਬਕਾ ਮੁੱਖ ਸੰਮਤੀ ਸਕੱਤਰ ਦੀ ਅਗਵਾਈ ਹੇਠ ਜ਼ੋਰਦਾਰ ਸਵਾਗਤ ਕੀਤਾ ਗਿਆ। ਇਥੋਂ ਇਹ ਯਾਤਰਾ ਅਟਾਰੀ, ਸੋਢੇ ਵਾਲਾ, ਮਖੂ ਗੇਟ ਫਿਰੋਜ਼ਪੁਰ ਸ਼ਹਿਰ, ਊਧਮ ਸਿੰਘ ਚੌਂਕ ਫਿਰੋਜ਼ਪੁਰ ਸ਼ਹਿਰ, ਸਾਰਾਗੜ੍ਹੀ, ਸ਼ੇਰ ਸ਼ਾਹ ਵਲੀ ਚੌਂਕ, ਛਾਉਣੀ ਬੱਸ ਅੱਡਾ, ਸਤੀਏ ਵਾਲਾ ਤੇ ਆਲੇ ਵਾਲਾ ਤੋਂ ਹੁੰਦੇ ਹੋਏ ਗੁਰਦੁਆਰਾ ਜਾਮਣੀ ਸਾਹਿਬ ਬਜੀਦਪੁਰ ਵਿਖੇ ਠਹਿਰੀ।

13 ਜਨਵਰੀ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਗੁਰਪੁਰਬ ਹੋਣ ਕਾਰਨ ਸ਼ਬਦ ਗੁਰੂ ਯਾਤਰਾ ਦਾ ਗੁਰਦੁਆਰਾ ਜਾਮਣੀ ਸਾਹਿਬ ਬਜੀਦਪੁਰ ਵਿਖੇ ਹੀ ਠਹਿਰਾਓ ਕੀਤਾ ਗਿਆ।

14 ਜਨਵਰੀ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਜ਼ਾਮਨੀ ਸਾਹਿਬ ਬਾਜੀਦਪੁਰ ਵਿਖੇ ਰਾਤ ਵਿਸ਼ਰਾਮ ਕਰਨ ਉਪਰੰਤ ਅਗਲੇ ਪੜਾਅ ਲਈ ਰਵਾਨਾ ਹੋਈ। ਇਸ ਮੌਕੇ ਯਾਤਰਾ ਨੂੰ ਸਾਬਕਾ ਵਿਧਾਇਕ ਜੋਗਿੰਦਰ ਸਿੰਘ ਜਿੰਦੂ, ਜਿਲ੍ਹੇ ਦੇ ਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨ ਅਤੇ ਵੱਡੀ ਗਿਣਤੀ 'ਚ ਇਲਾਕੇ ਦੀ ਸੰਗਤ ਵਲੋਂ ਜੈਕਾਰਿਆਂ ਦੀ ਗੂੰਜ 'ਚ ਰਵਾਨਾ ਕੀਤਾ। ਸ਼ਬਦ ਗੁਰੂ ਯਾਤਰਾ ਮੱਲਵਾਲ, ਪਿਆਰੇਆਣਾ, ਢੀਂਡਸਾ, ਰੱਤਾ ਖੇੜਾ, ਮਿਸ਼ਰੀਵਾਲਾ ਹੁੰਦੀ ਹੋਈ ਪਿੰਡ ਫ਼ਿਰੋਜ਼ਸ਼ਾਹ ਪਹੁੰਚੀ, ਜਿੱਥੇ ਸ਼੍ਰੋਮਣੀ ਕਮੇਟੀ ਮੈਂਬਰ ਸ. ਸਤਪਾਲ ਸਿੰਘ ਤਲਵੰਡੀ, ਜਥੇਦਾਰ ਬਲਵਿੰਦਰ ਸਿੰਘ ਭੰਬਾ ਲੰਡਾ ਦੀ ਅਗਵਾਈ 'ਚ ਇਲਾਕੇ ਦੀ ਸੰਗਤ ਵਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ। ਇਥੋਂ ਘੱਲ ਖੁਰਦ, ਮਾਛੀ ਬੁਗਰਾ, ਕਰਮਿਤੀ, ਲੱਲੇ, ਤਲਵੰਡੀ ਚੌਂਕ, ਤਲਵੰਡੀ ਭਾਈ, ਸੇਖਵਾਂ, ਰਟੌਲ ਹੁੰਦੇ ਹੋਏ ਗੁਰਦੁਆਰਾ ਸਾਹਿਬ ਪਾ: ਛੇਵੀਂ, ਪਿੰਡ ਸੁਨੇਰ ਜੀਰਾ ਵਿਖੇ ਰਾਤਰੀ ਵਿਸ਼ਰਾਮ ਕੀਤਾ।

15 ਜਨਵਰੀ ਨੂੰ ਗੁਰਦੁਆਰਾ ਪਾਤਸ਼ਾਹੀ ਛੇਵੀਂ ਪਿੰਡ ਸਨ੍ਹੇਰ ਤੋਂ ਅਰਦਾਸ ਕਰਨ ਉਪਰੰਤ ਇਹ ਯਾਤਰਾ ਪੰਜ ਪਿਆਰਿਆਂ ਦੀ ਅਗਵਾਈ ਵਿਚ ਪੂਰੇ ਜਾਹੋ-ਜਲਾਲ ਨਾਲ ਅਗਲੇ ਪੜਾਅ ਲਈ ਰਵਾਨਾ ਹੋਈ। ਰਵਾਨਗੀ ਸਮੇਂ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਮੀਤ ਸਿੰਘ ਬੂਹ, ਸ. ਸਤਪਾਲ ਸਿੰਘ ਤਲਵੰਡੀ, ਬੀਬੀ ਜਸਵਿੰਦਰ ਕੌਰ ਸਮੇਤ ਹੋਰ ਸਖ਼ਸ਼ੀਅਤਾਂ ਵਲੋਂ ਪੰਜ ਪਿਆਰਿਆਂ ਨੂੰ ਸਿਰਪਾਓ ਭੇਟ ਕੀਤੇ ਗਏ। ਇਥੋਂ ਚੱਲ ਕੇ ਤਲਵੰਡੀ ਨੌਂ ਬਹਾਰ, ਕੋਟ ਈਸੇ ਖਾਂ, ਦੋਲੇਵਾਲਾ ਮਾਇਰ, ਮੰਦਰ ਕਿਲੀ ਗਾਦਰਾਂ, ਫ਼ਤਹਿਗੜ੍ਹ ਪੰਜਤੂਰ, ਖੰਭੇ, ਤੋਤਾ ਸਿੰਘ ਵਾਲਾ, ਢੋਲੇਵਾਲਾ ਹੁੰਦੇ ਹੋਏ ਸ਼ਬਦ ਗੁਰੂ ਯਾਤਰਾ ਜਦ ਮੋਗਾ ਸ਼ਹਿਰ ਦੇ ਮੇਨ ਚੌਂਕ ਲੁਹਾਰਾ ਚੌਂਕ ਵਿਖੇ ਪੁੱਜੀ ਤਾਂ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਸਾਬਕਾ ਮੰਤਰੀ



ਜਥੇਦਾਰ ਤੋਤਾ ਸਿੰਘ ਦੀ ਅਗਵਾਈ ਹੇਠ ਸੰਗਤਾਂ ਵਲੋਂ ਭਰਵਾਂ ਸਵਾਗਤ ਕੀਤਾ ਗਿਆ। ਰਾਤ ਦੇ ਵਿਸ਼ਰਾਮ ਲਈ ਸੰਗਤ ਦਾ ਠਹਿਰਾਉ ਗੁਰਦੁਆਰਾ ਸ੍ਰੀ ਹਜ਼ੂਰ ਸਾਹਿਬ ਧਰਮਕੋਟ ਵਿਖੇ ਕੀਤਾ ਗਿਆ। 16 ਜਨਵਰੀ ਨੂੰ ਗੁਰਦੁਆਰਾ ਸ੍ਰੀ ਹਜ਼ੂਰ ਸਾਹਿਬ ਧਰਮਕੋਟ ਤੋਂ ਅਰਦਾਸ ਕਰਨ ਉਪਰੰਤ ਸ਼ਬਦ ਗੁਰੂ ਯਾਤਰਾ ਪੂਰੇ ਜਾਹੋ-ਜਲਾਲ ਨਾਲ ਅਗਲੇ ਪੜਾਅ ਲਈ ਰਵਾਨਾ ਹੋਈ। ਇਥੋਂ ਚੱਲ ਕੇ ਜਲਾਲਾਬਾਦ, ਫ਼ਤਹਿਗੜ੍ਹ ਕੋਰੋਟਾਣਾ, ਲੰਢੇ ਕੇ, ਤਲਵੰਡੀ ਦੁਸਾਂਝ, ਬੁੱਘੀਪੁਰਾ ਚੌਂਕ ਹੁੰਦੇ ਹੋਏ ਸ਼ਬਦ ਗੁਰੂ ਯਾਤਰਾ ਮੋਗਾ ਸ਼ਹਿਰ ਪੁੱਜੀ ਜਿਥੇ ਸਾਬਕਾ ਚੇਅਰਮੈਨ ਬਰਜਿੰਦਰ ਸਿੰਘ ਮੱਖਣ ਬਰਾੜ ਦੀ ਅਗਵਾਈ ਹੇਠ ਦਾ ਸੰਗਤਾਂ ਵਲੋਂ ਭਰਵਾਂ ਸਵਾਗਤ ਕੀਤਾ ਗਿਆ। ਇਥੋਂ ਇਹ ਯਾਤਰਾ ਦੁਨੇਕੇ, ਘੱਲ ਕਲਾ, ਡਰੌਲੀ ਭਾਈ ਸ਼ੋਸਣ, ਬਘੇਲੇਵਾਲਾ, ਮੰਗੇਵਾਲਾ ਰਾਹੀਂ ਗੁਰਦੁਆਰਾ ਪਾ: ਛੇਵੀਂ ਝੰਡੇਆਣਾ ਪਹੁੰਚੀ ਜਿਥੇ ਸੰਗਤਾਂ ਨੇ ਰਾਤ ਵਿਸ਼ਰਾਮ ਕੀਤਾ।

17 ਜਨਵਰੀ ਨੂੰ ਗੁਰਦੁਆਰਾ ਪਾ: ਛੇਵੀਂ ਝੰਡੇਆਣਾ ਤੋਂ ਚੱਲ ਕੇ ਸ਼ਬਦ ਗੁਰੂ ਯਾਤਰਾ ਮਾਹਲਾ ਖੁਰਦ, ਮਹਿਲ ਕਲਾ, ਭਲੂਰ, ਲੰਡੇ, ਸਮਾਲਸਰ, ਰੋਡੇ, ਰਾਜੇਆਣਾ, ਬਾਘਾ ਪੁਰਾਣਾ, ਗਿੱਲ ਹੁੰਦੇ ਹੋਏ ਗੁਰਦੁਆਰਾ ਸਾਹਿਬ ਚੰਦ ਪੁਰਾਣਾ ਵਿਖੇ ਪਹੁੰਚੀ ਜਿਥੇ ਰਾਤਰੀ ਵਿਸ਼ਰਾਮ ਕੀਤਾ। ਇਸੇ ਤਰ੍ਹਾਂ 18 ਜਨਵਰੀ ਨੂੰ ਗੁਰਦੁਆਰਾ ਚੰਦ ਪੁਰਾਣਾ ਤੋਂ ਚੱਲ ਕੇ ਚੜਿੱਕ, ਰਣੀਆ, ਰਾਉਂਕੇ ਕਲਾ, ਬੀੜ ਰਾਉਂਕੇ, ਰਣਸੀਹ ਖੁਰਦ, ਨਿਹਾਲ ਵਾਲਾ, ਪੱਤੋ ਹੀਰਾ ਸਿੰਘ, ਖਾਈ, ਦੀਨਾ ਸਾਹਿਬ, ਸਲਾਬਤਪੁਰਾ, ਕਾਂਗੜ, ਜੰਗੀਆਣਾ ਹੁੰਦੇ ਹੋਏ ਗੁਰਦੁਆਰਾ ਪਾ: ਛੇਵੀਂ ਭਦੌੜ ਪਹੁੰਚੇ। ਰਸਤੇ ਵਿਚ ਸੰਗਤਾਂ ਨੇ ਭਾਰੀ ਉਤਸ਼ਾਹ ਨਾਲ ਸ਼ਬਦ ਗੁਰੂ ਯਾਤਰਾ ਦਾ ਸਵਾਗਤ ਕੀਤਾ ਅਤੇ ਸਤਿਗੁਰਾਂ ਦੀਆਂ ਨਿਸ਼ਾਨੀਆਂ ਦੇ ਦਰਸ਼ਨ ਕੀਤੇ। 19 ਜਨਵਰੀ ਨੂੰ ਗੁਰਦੁਆਰਾ ਪਾ: ਛੇਵੀਂ ਭਦੌੜ ਤੋਂ ਚੱਲ ਕੇ ਸ਼ਹਿਣਾ, ਗਿੱਲ ਕੋਠੇ, ਪੱਖੋ ਕੈਂਚੀਆਂ, ਨਾਨਕਪੁਰਾ ਅਤੇ ਜਗਜੀਤਪੁਰਾ, ਉਗੋਕੇ ਦਾਣਾ ਮੰਡੀ, ਸੁਖਪੁਰਾ ਦਾਣਾ ਮੰਡੀ, ਢਿੱਲਵਾਂ, ਤਪਾ, ਤਾਜੋ, ਪੱਖੋ ਕਲਾਂ, ਰੂੜੇਕੇ, ਧੋਲਾ ਹੁੰਦੇ ਹੋਏ ਗੁਰਦੁਆਰਾ ਸਾਹਿਬ ਗੁਰੂਸਰ ਪਾਤਸ਼ਾਹੀ ਨੌਵੀਂ ਹੰਡਿਆਇਆ ਵਿਖੇ ਪਹੁੰਚੀ।

20 ਜਨਵਰੀ ਨੂੰ ਹੰਡਿਆਇਆ ਤੋਂ ਚੱਲ ਕੇ ਸ਼ਬਦ ਗੁਰੂ ਯਾਤਰਾ ਕਚਹਿਰੀ ਚੌਂਕ, ਗਰਚਾ ਰੋਡ, ਆਈ.ਟੀ.ਆਈ. ਚੌਂਕ, ਸੇਖਾ ਚੌਂਕ, ਕੋਠੇ ਸੁਰਜੀਤਪੁਰਾ, ਸੇਖਾ, ਝਲੂਰ, ਨੰਗਲ, ਕਰਮਗੜ੍ਹ, ਸੰਗੇੜਾ, ਸੰਧੂ ਪੱਤੀ, ਸਟੇਡੀਅਮ ਚੌਂਕ ਜੋਸ਼ੀਲਾ, ਚੌਂਕ ਫੁਆਰਾ, ਪੱਤੀ ਰੋਡ, ਬਾਈਪਾਸ, ਤਰਕਸ਼ੀਲ ਚੌਂਕ ਤੋਂ ਹੁੰਦੇ ਹੋਏ ਗੁਰਦੁਆਰਾ ਤਪ ਅਸਥਾਨ ਬੀਬੀ ਪ੍ਰਧਾਨ ਕੌਰ ਜੀ ਬਰਨਾਲਾ ਵਿਖੇ ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ। 21 ਜਨਵਰੀ ਨੂੰ ਗੁਰਦੁਆਰਾ ਤਪ ਅਸਥਾਨ ਬੀਬੀ ਪ੍ਰਧਾਨ ਕੌਰ ਜੀ ਬਰਨਾਲਾ ਤੋਂ ਚੱਲ ਕੇ ਸ਼ਬਦ ਗੁਰੂ ਯਾਤਰਾ ਠੀਕਰੀਵਾਲ, ਰਾਏਸਰ, ਚੰਨਣਵਾਲ, ਛੀਨੀਵਾਲ ਕਲਾਂ, ਮਹਿਲ ਕਲਾਂ, ਮਹਿਲ ਖੁਰਦ, ਪੰਡੋਰੀ, ਕਾਲਾਮਾਲਾ, ਛਾਪਾ, ਕੋਰੜ, ਮਨਾਲ, ਟਿੱਬਾ ਹੁੰਦੇ ਹੋਏ ਗੁਰਦੁਆਰਾ ਨਾਨਕਸਰ ਸਾਹਿਬ ਬੜੀ ਰੋਡ ਸ਼ੇਰਪੁਰ ਵਿਖੇ ਪੁੱਜੀ। ਇਸ ਮੌਕੇ ਯਾਤਰਾ ਦਾ ਵੱਖ-ਵੱਖ ਪਿੰਡਾਂ ਦੀਆਂ ਸ਼ਰਧਾਲੂ ਸੰਗਤਾਂ ਵਲੋਂ ਵਰਦੇ ਮੀਂਹ ਵਿਚ ਵੀ ਪੂਰੀ ਗਰਮਜੋਸ਼ੀ ਨਾਲ ਸੁਆਗਤ ਕੀਤਾ ਗਿਆ। ਇਸ ਸ਼ਬਦ ਗੁਰੂ ਯਾਤਰਾ ਸਮੇਂ ਵੱਡੀ ਗਿਣਤੀ 'ਚ ਸੰਗਤਾਂ ਨੇ ਗੁਰੂ ਸਾਹਿਬਾਨ ਦੀਆਂ ਪਵਿੱਤਰ ਨਿਸ਼ਾਨੀਆਂ ਦੇ ਦਰਸ਼ਨ ਦੀਦਾਰੇ ਕੀਤੇ। ਰਾਤ ਦੇ ਠਹਿਰਾਅ ਤੋਂ ਬਾਅਦ 22 ਜਨਵਰੀ ਨੂੰ ਇਹ ਯਾਤਰਾ ਅਗਲੇ ਪੜਾਅ ਲਈ ਰਵਾਨਾ ਹੋਈ। ਰਵਾਨਗੀ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵਲੋਂ ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਹੋਏ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਸਮੁੱਚੀ ਮਨੁੱਖਤਾ ਦੇ ਗੁਰੂ ਸਨ। ਉਨ੍ਹਾਂ ਨੇ ਸਮੁੱਚੀਆਂ ਰਾਜਨੀਤਕ, ਧਾਰਮਿਕ ਅਤੇ ਸਮਾਜ ਸੇਵੀ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਇਸ ਸ਼ਬਦ ਗੁਰੂ ਯਾਤਰਾ ਵਿਚ ਵਧ ਚੜ ਕੇ ਹਿੱਸਾ ਲੈਣ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿਗ ਕਮੇਟੀ ਮੈਂਬਰ ਜਥੇ. ਭੁਪਿੰਦਰ ਸਿੰਘ ਭਲਵਾਨ, ਮੈਂਬਰ ਸੰਤ ਬਲਵੀਰ ਸਿੰਘ ਘੁੰਨਸ ਅਤੇ ਇਲਾਕੇ ਦੀ ਧਾਰਮਿਕ ਸ਼ਖ਼ਸੀਅਤ ਸੰਤ ਬਾਬਾ ਹਾਕਮ ਸਿੰਘ ਗੰਡੇਵਾਲ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸ਼ਬਦ ਗੁਰੂ ਯਾਤਰਾ ਰਾਹੀਂ ਗੁਰੂ ਸਾਹਿਬਾਨ ਦੇ ਸ਼ਸਤਰਾਂ ਤੇ ਬਸਤਰਾਂ ਦੇ ਦਰਸ਼ਨ ਦੀਦਾਰੇ ਕਰਵਾ ਕੇ ਨਵੀਂ ਪਨੀਰੀ ਨੂੰ ਗੁਰਸਿੱਖੀ ਨਾਲ ਜੋੜਨ ਦਾ ਸ਼ਲਾਘਾਯੋਗ ਉਪਰਾਲਾ ਕੀਤਾ ਗਿਆ ਹੈ। ਇਸ ਸਮੇਂ ਪੰਜ ਪਿਆਰਿਆਂ, ਪੰਜ ਨਿਸ਼ਾਨਚੀ ਸਿੰਘਾਂ ਦਾ ਸਿਰਪਾਓ ਦੇ ਕੇ ਸਨਮਾਨ ਕੀਤਾ ਗਿਆ। ਇਥੋਂ ਚੱਲ ਕੇ ਕਾਤਰੋਂ, ਘਨੌਰੀ, ਘਨੌਰ ਕਲਾਂ, ਘਨੌਰ ਖੁਰਦ, ਜਹਾਂਗੀਰ, ਕਹੇਰੂ ਖੁਰਦ ਤੋਂ ਹੁੰਦੇ ਹੋਏ ਸ਼ਬਦ ਗੁਰੂ ਯਾਤਰਾ ਦਾ ਧੂਰੀ ਪਹੁੰਚੀ। ਧੂਰੀ ਹਲਕੇ ਵਿਚ ਪੁੱਜਣ ਤੇ ਸ਼ਹਿਰ ਦੇ ਗੁਰਦੁਆਰਾ ਸ੍ਰੀ ਨਾਨਕਸਰ ਸਾਹਿਬ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਅਤੇ ਨਾਨਕਸਰ ਗੁਰਦੁਆਰਾ ਕਮੇਟੀ ਮੈਂਬਰਾਂ ਅਤੇ ਇਲਾਕਾ ਵਾਸੀਆਂ ਵੱਲੋਂ ਯਾਤਰਾ ਦਾ ਨਿੱਘਾ ਸਵਾਗਤ ਕੀਤਾ ਗਿਆ। ਸਵਾਗਤ ਕਰਨ ਸਮੇਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸ. ਹਰੀ ਸਿੰਘ, ਬੀਬੀ ਹਰਪ੍ਰੀਤ ਕੌਰ ਬਰਨਾਲਾ, ਜਥੇਦਾਰ ਭੁਪਿੰਦਰ ਸਿੰਘ ਭਲਵਾਨ ਐਗਜ਼ੈਕਟਿਵ ਮੈਂਬਰ, ਜਥੇਦਾਰ ਰਜਿੰਦਰ ਸਿੰਘ ਕਾਂਝਲਾ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ। ਇਥੋਂ ਇਹ ਧੂਰਾ, ਭੋਜੋਵਾਲੀ, ਪਲਾਸੋਰ ਤੋਂ ਹੁੰਦੇ ਹੋਇਆਂ ਰਾਤ ਦੇ ਵਿਸ਼ਰਾਮ ਲਈ ਨਗਰ ਕੀਰਤਨ ਦਾ ਠਹਿਰਾਓ ਗੁਰਦੁਆਰਾ ਸਾਹਿਬ ਪਿੰਡ ਭਲਵਾਨ ਵਿਖੇ ਕੀਤਾ ਗਿਆ। 23 ਜਨਵਰੀ ਨੂੰ 'ਸ਼ਬਦ ਗੁਰੂ ਯਾਤਰਾ' ਪਿੰਡ ਭਲਵਾਨ ਤੋਂ ਅਗਲੇ ਪੜਾਅ ਲਈ ਰਵਾਨਾ ਹੋਈ। ਹਲਕਾ ਸੰਗਰੂਰ ਦੇ ਪਿੰਡ ਖੇੜੀ ਚੰਦਵਾਂ ਵਿਖੇ ਪਹੁੰਚਣ ਤੇ ਸਾਬਕਾ ਵਿਧਾਇਕ ਬਾਬੂ ਪ੍ਰਕਾਸ਼ ਚੰਦ ਗਰਗ ਅਤੇ ਸ਼੍ਰੋਮਣੀ ਕਮੇਟੀ ਦੇ ਅੰਤਰਿੰਗ ਮੈਂਬਰ ਭਾਈ ਭੁਪਿੰਦਰ ਸਿੰਘ ਭਲਵਾਨ ਦੀ ਅਗਵਾਈ ਹੇਠ ਭਾਰੀ ਗਿਣਤੀ 'ਚ ਸੰਗਤਾਂ ਵਲੋਂ ਸੁਆਗਤ ਕੀਤਾ ਗਿਆ। ਇਥੋਂ ਰਸੂਲ ਛੰਨਾ, ਗੇਹਲਾ, ਸਕਰੌਦੀ, ਕਾਕੜਾ, ਭਵਾਨੀਗੜ੍ਹ, ਰਾਮਪੁਰਾ, ਫੱਗੂਵਾਲਾ, ਰੋਸ਼ਨ ਵਾਲਾ, ਘਾਬਦਾ, ਭਿੰਡਰਾ, ਬਾਲੀਆਂ ਹੁੰਦੇ ਹੋਏ ਗੁਰਦੁਆਰਾ ਨਾਨਕਿਆਣਾ ਸਾਹਿਬ ਸੰਗਰੂਰ ਵਿਖੇ ਰਾਤਰੀ ਵਿਸ਼ਰਾਮ ਕੀਤਾ।

24 ਜਨਵਰੀ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਨਾਨਕਿਆਣਾ ਸਾਹਿਬ ਸੰਗਰੂਰ ਤੋਂ ਅਗਲੇ ਪੜਾਅ ਲਈ ਪੂਰੇ ਖ਼ਾਲਸਾਈ ਜਾਹੋ-ਜਲਾਲ ਨਾਲ ਰਵਾਨਾ ਹੋਈ। ਯਾਤਰਾ ਦੀ ਰਵਾਨਗੀ ਸਮੇਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਸੰਗਤ ਨੂੰ ਸੰਬੋਧਨ ਹੁੰਦਿਆਂ ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਨੂੰ ਘਰ-ਘਰ ਪਹੁੰਚਾਉਣ ਲਈ ਪੁਰਜ਼ੋਰ ਯਤਨ ਕਰਨ ਦੀ ਅਪੀਲ ਕੀਤੀ। ਅਰਦਾਸ ਤੋਂ ਬਾਅਦ ਪੰਜ ਪਿਆਰਿਆਂ ਦੀ ਅਗਵਾਈ ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਰੂਪ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ। ਇਸ ਦੌਰਾਨ ਸੰਗਤ ਵੱਲੋਂ ਗੁਰੂ ਸਾਹਿਬ ਦੇ ਸਤਿਕਾਰ 'ਚ ਫੁੱਲਾਂ ਦੀ ਵਰਖਾ ਕੀਤੀ ਗਈ। ਇਸ ਸਮੇਂ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਭੁਪਿੰਦਰ ਸਿੰਘ ਭਲਵਾਨ, ਮੈਂਬਰ ਸੰਤ ਬਲਵੀਰ ਸਿੰਘ ਘੁੰਨਸ, ਸ. ਇੰਦਰਮੋਹਨ ਸਿੰਘ ਲਖਮੀਰਵਾਲਾ, ਸ. ਮਲਕੀਤ ਸਿੰਘ ਚੰਗਾਲ, ਮੈਂਬਰ ਧਰਮ ਪ੍ਰਚਾਰ ਕਮੇਟੀ ਸ. ਰਾਮਪਾਲ ਸਿੰਘ ਬਹਿਣੀਵਾਲ, ਜਥੇਦਾਰ ਉਦੈ ਸਿੰਘ ਲੌਂਗੋਵਾਲ, ਕਾਕਾ ਨਵਇੰਦਰਪ੍ਰੀਤ ਸਿੰਘ ਲੌਂਗੋਵਾਲ ਸਮੇਤ ਵੱਡੀ ਗਿਣੀ ਵਿਚ ਸੰਗਤਾਂ ਹਾਜ਼ਰ ਸਨ। ਇਥੋਂ ਚੱਲ ਕੇ ਖੁਰਾਣਾ, ਖੁਰਾਣੀ, ਈਲਵਾਲ, ਕੁਲਾਰਾਂ, ਚੱਠੇ ਨਕਟੇ ਹੁੰਦੇ ਹੋਏ ਸੁਨਾਮ ਪਹੁੰਚੀ ਜਿਥੇ ਸੁਨਾਮ ਸ਼ਹਿਰ ਦੀਆਂ ਸੰਗਤਾਂ ਵਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਸਮੇਂ ਸ. ਪ੍ਰਿਤਪਾਲ ਸਿੰਘ ਹਾਂਡਾ ਅਤੇ ਸ. ਵਿਨਰਜੀਤ ਗੋਲਡੀ ਦੀ ਅਗਵਾਈ 'ਚ ਹਲਕੇ ਦੀ ਸੰਗਤ ਵਲੋਂ ਪੰਜ ਪਿਆਰੇ ਸਾਹਿਬਾਨ ਅਤੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਥੋਂ ਚਲ ਕੇ ਸੁਨਾਮ, ਲਖਮੀਰ ਵਾਲਾ, ਚੱਠੇ ਸੇਖਵਾਂ, ਉੱਭਾਵਾਲ, ਨਮੋਲ, ਸੇਰੋਂ, ਸ਼ਾਹਪੁਰ ਹੁੰਦੇ ਹੋਏ ਗੁਰਦੁਆਰਾ ਸਾਹਿਬ ਨਾਨਕਸਰ ਚੀਮਾਂ ਵਿਖੇ ਪਹੁੰਚੇ ਜਿਥੇ ਰਾਤ ਦਾ ਵਿਸ਼ਰਾਮ ਕੀਤਾ। 25 ਜਨਵਰੀ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸਾਹਿਬ ਨਾਨਕਸਰ ਚੀਮਾਂ ਤੋਂ ਚੱਲ ਕੇ ਬੀਰ ਕਲਾਂ, ਢੱਪਈ ਹੁੰਦੇ ਹੋਏ ਭੀਖੀ ਪਹੁੰਚੀ। ਗੁ: ਸਾਹਿਬ ਪਾਤਸ਼ਾਹੀ ਨੌਵੀਂ ਭੀਖੀ ਵੱਲੋਂ ਦਾਣਾ ਮੰਡੀ ਵਿਖੇ ਸੰਗਤਾਂ ਲਈ ਲੰਗਰ ਦਾ ਪ੍ਰਬੰਧ ਕੀਤਾ ਗਿਆ ਸੀ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜ਼ਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਨੇ ਵਿਸ਼ੇਸ ਤੌਰ ਤੇ ਪਹੁੰਚ ਕੇ ਹਾਜ਼ਰੀ ਭਰੀ। ਗੁਰੂ ਕਾਂਸ਼ੀ ਗੁਰਮਤਿ ਇੰਸਟੀਚਿਊਟ, ਤਲਵੰਡੀ ਸਾਬੋ ਦੀ ਗਤਕਾ ਟੀਮ ਵੱਲੋਂ ਗਤਕੇ ਦੇ ਜੌਹਰ ਦਿਖਾਏ ਗਏ। ਸ. ਜਗਦੀਪ ਸਿੰਘ ਨਕਈ ਹਲਕਾ ਇੰਚਾਰਜ, ਜਥੇਦਾਰ ਮਿੱਠੂ ਸਿੰਘ ਕਾਹਨੇਕੇ, ਸ. ਗੁਰਪ੍ਰੀਤ ਸਿੰਘ ਝੱਬਰ, ਜਥੇਦਾਰ ਮਨਜੀਤ ਸਿੰਘ ਬੱਪੀਆਣਾ ਸਮੇਤ ਹੋਰ ਪ੍ਰਮੁੱਖ ਸਖ਼ਸ਼ੀਅਤਾਂ ਨੇ ਯਾਤਰਾ ਦਾ ਸਵਾਗਤ ਕੀਤਾ। ਇਥੋਂ ਯਾਤਰਾ ਕੋਟੜਾ, ਖਿਆਲਾ, ਮਾਨਸਾ ਖੁਰਦ, ਕਚਹਿਰੀਆਂ, ਬੱਸ ਸਟੈਂਡ, ਤਿੰਨ ਕੋਣੀ, ਮਾਨਸਾ ਕੈਂਚੀਆਂ, ਠੂਠਿਆਂਵਾਲੀ, ਗੁਰਦੁਆਰਾ ਸੁਖਸਾਗਰ ਸਾਹਿਬ ਠੂਠਿਆਂਵਾਲੀ ਵਿਖੇ ਰਾਤਰੀ ਵਿਸ਼ਰਾਮ ਕੀਤਾ। 26 ਜਨਵਰੀ ਨੂੰ ਗੁਰਦੁਆਰਾ ਸੁਖਸਾਗਰ ਸਾਹਿਬ ਠੂਠਿਆਂਵਾਲੀ ਤੋਂ ਚੱਲ ਕੇ ਸ਼ਬਦ ਗੁਰੂ ਯਾਤਰਾ ਹਲਕਾ ਮੌੜ ਵਿਚ ਪਹੁੰਚੀ ਤਾਂ ਸਾਬਕਾ ਮੰਤਰੀ ਸ. ਜਨਮੇਜਾ ਸਿੰਘ ਸੇਖੋਂ ਦੇ ਦਫਤਰ ਕੋਲ ਸੰਗਤਾਂ ਦਾ ਸਵਾਗਤ ਕੀਤਾ ਗਿਆ। ਇਥੇ ਸੰਗਤਾਂ ਨੂੰ ਲੰਗਰ ਛਕਾਇਆ ਗਿਆ। ਇਹ ਯਾਤਰਾ ਭੈਣੀ ਬਾਘਾ, ਭਾਈ ਦੇਸਾ, ਘੁੰਮਣ ਕਲਾਂ, ਰਾਮਪੁਰਾ, ਚੌਂਕਮੋੜ, ਰਾਮਪੁਰ ਰੋਡ, ਰਾਮ ਨਗਰ, ਕੁੱਤੀਵਾਲਾ, ਢੱਡੇ, ਮੰਡੀ ਕਲਾਂ, ਰਾਮਪੁਰਾ ਪਿੰਡ, ਗੁਰਦੁਆਰਾ ਸਾਹਿਬ ਮੰਡੀ ਵਾਲਾ ਰਾਮਪੁਰਾ ਵਿਖੇ ਰਾਤਰੀ ਵਿਸ਼ਰਾਮ ਕੀਤਾ। ਯਾਤਰਾ ਨਾਲ ਅੰਤ੍ਰਿਗ ਮੈਂਬਰ ਜਥੇਦਾਰ ਅਮਰੀਕ ਸਿੰਘ ਕੋਟਸ਼ਮੀਰ, ਮੈਂਬਰ ਸ. ਗੁਰਤੇਜ ਸਿੰਘ ਢੱਡੇ, ਸ. ਮਨਜੀਤ ਸਿੰਘ ਬੱਪੀਆਣਾ ਮੈਂਬਰ ਧਰਮ ਪ੍ਰਚਾਰ ਕਮੇਟੀ ਸਮੇਤ ਪ੍ਰਮੁੱਖ ਸਖ਼ਸ਼ੀਅਤਾਂ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਵੱਲੋਂ ਹਾਜ਼ਰੀ ਭਰੀ। 27 ਜਨਵਰੀ ਨੂੰ ਰਾਮਪੁਰਾ ਤੋਂ ਚੱਲ ਕੇ ਸ਼ਬਦ ਗੁਰੂ ਯਾਤਰਾ ਫੂਲ, ਭਾਈ ਰੂਪਾ, ਸਲਾਬਤਪੁਰਾ, ਜਲਾਲ, ਭਗਤਾ, ਕੋਠਾ ਗੁਰੂ ਕਾ, ਦਿਆਲਪੁਰਾ, ਸੇਲਬਰਾਹ, ਸਿਧਾਣਾ ਤੋਂ ਹੁੰਦੇ ਹੋਏ ਗੁਰਦੁਆਰਾ ਸਾਹਿਬ ਪਾ: ਛੇਵੀਂ ਗੁਰੂਸਰ ਮਹਿਰਾਜ ਪਹੁੰਚੀ ਜਿਥੇ ਰਾਤਰੀ ਵਿਸ਼ਰਾਮ ਕੀਤਾ। 28 ਜਨਵਰੀ ਨੂੰ ਮਹਿਰਾਜ ਤੋਂ ਚੱਲ ਕੇ ਲਹਿਰਾ, ਧੂੜਕੋਟ, ਲਹਿਰਾ ਮਹੱਬਤ, ਚੌਂਕ ਬਖਤੂ, ਚੱਕ ਫ਼ਤਹਿ ਸਿੰਘ ਵਾਲਾ, ਤੁੰਗਵਾਲੀ, ਭੁੱਚੋਂ ਮੰਡੀ, ਭੁੱਚੋਂ ਕਲਾਂ, ਪੂਹਲਾ ਰਸਤੇ ਗੁਰਦੁਆਰਾ ਪਾ: ਛੇਵੀਂ, ਨਥਾਣਾ ਵਿਖੇ ਪਹੁੰਚ ਕੇ ਰਾਤ ਦਾ ਵਿਸ਼ਰਾਮ ਕੀਤਾ। 29 ਜਨਵਰੀ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਗੁਰੂਸਰ ਸਾਹਿਬ ਨਥਾਣਾ ਤੋਂ ਅਗਲੇ ਪੜਾਅ ਲਈ ਰਵਾਨਾ ਹੋਈ। ਅਰੰਭਤਾ ਦੀ ਅਰਦਾਸ ਉਪਰੰਤ ਪੰਜ ਪਿਆਰੇ ਸਾਹਿਬਾਨ ਅਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਦੇਣ ਮਗਰੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਅਮਰੀਕ ਸਿੰਘ ਕੋਟਸ਼ਮੀਰ ਨੇ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ। ਇਸ ਮੌਕੇ ਸੰਗਤ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ 'ਤੇ ਫੁੱਲਾਂ ਦੀ ਭਰਵੀਂ ਵਰਖਾ ਕੀਤੀ ਗਈ। ਨਗਰ ਕੀਰਤਨ ਦੌਰਾਨ ਵੱਖ-ਵੱਖ ਸਕੂਲਾਂ ਦੇ ਬੱਚਿਆਂ ਵੱਲੋਂ ਬੈਂਡ ਅਤੇ ਗਤਕਾ ਪਾਰਟੀਆਂ ਨੇ ਸਿੱਖ ਮਾਰਸ਼ਲ ਆਰਟ ਦੇ ਜੌਹਰ ਦਿਖਾਏ। ਆਰੰਭਤਾ ਸਮੇਂ ਪ੍ਰਮੁੱਖ ਸ਼ਖ਼ਸੀਅਤਾਂ ਵਿਚ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਮੇਜਰ ਸਿੰਘ ਢਿੱਲੋਂ, ਸ. ਜਗਸੀਰ ਸਿੰਘ ਕਲਿਆਣਾ ਹਲਕਾ ਇੰਚਾਰਜ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਨਥਾਣਾ ਤੋਂ ਚੱਲ ਕੇ ਸ਼ਬਦ ਗੁਰੂ ਯਾਤਰਾ ਢੇਲਵਾਂ, ਥਾਣਾ ਕੈਂਟ, ਗੁਰਦੁਆਰਾ ਬੀਬੀ ਵਾਲਾ ਰੋਡ, ਆਈ.ਸੀ.ਆਈ. ਬੈਂਕ ਚੌਂਕ ਤੋਂ ਹੁੰਦੇ ਹੋਏ ਗੁਰਦੁਆਰਾ ਹਾਜੀ ਰਤਨ ਬਠਿੰਡਾ ਵਿਖੇ ਪਹੁੰਚੀ ਜਿਥੇ ਰਾਤ ਵਿਸ਼ਰਾਮ ਕੀਤਾ। ਵੱਖ-ਵੱਖ ਪੜਾਵਾਂ 'ਤੇ ਸੰਗਤ ਨੇ ਭਰਵਾਂ ਸਵਾਗਤ ਕਰਦਿਆਂ ਜਿਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕੀਤੇ ਉਥੇ ਹੀ ਪੰਜ ਪਿਆਰੇ ਸਾਹਿਬਾਨ ਨੂੰ ਸਿਰੋਪਾਓ ਦੇ ਕੇ ਨਿਵਾਜਿਆ।

30 ਜਨਵਰੀ ਨੂੰ ਸ਼ਬਦ ਗੁਰੂ ਯਾਤਰਾ ਗੁਰਦੁਆਰਾ ਸਾਹਿਬ ਹਾਜੀਰਤਨ ਬਠਿੰਡਾ ਤੋਂ ਅਗਲੇ ਪੜਾਅ ਲਈ ਰਵਾਨਾ ਹੋਈ। ਅਰੰਭਤਾ ਦੀ ਅਰਦਾਸ ਉਪਰੰਤ ਪੰਜ ਪਿਆਰੇ ਸਾਹਿਬਾਨ ਅਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਦੇਣ ਮਗਰੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਅਮਰੀਕ ਸਿੰਘ ਕੋਟਸ਼ਮੀਰ ਨੇ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ। ਇਸ ਮੌਕੇ ਸੰਗਤ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ 'ਤੇ ਫੁੱਲਾਂ ਦੀ ਭਰਵੀਂ ਵਰਖਾ ਕੀਤੀ ਗਈ। ਆਰੰਭਤਾ ਸਮੇਂ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਿੱਕਰ ਸਿੰਘ ਚੰਨੂ, ਬੀਬੀ ਜੋਗਿੰਦਰ ਕੌਰ ਬਠਿੰਡਾ ਸਮੇਤ ਪ੍ਰਮੁੱਖ ਸਖ਼ਸ਼ੀਅਤਾਂ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

31 ਜਨਵਰੀ ਨੂੰ ਗੁਰੂ ਕੀ ਢਾਬ ਤੋਂ ਚੱਲ ਕੇ ਸਰਾਵਾਂ, ਬਹਿਬਲ ਕਲਾਂ, ਬਰਗਾੜੀ, ਢਿੱਲਵਾਂ ਕਲਾਂ, ਕੋਟ ਕਪੂਰਾ ਬਾਈਪਾਸ, ਬੱਸ ਸਟੈਂਡ, ਸ੍ਰੀ ਮੁਕਤਸਰ ਸਾਹਿਬ ਚੌਂਕ ਰਸਤੇ ਗੁਰਦੁਆਰਾ ਮਾਤਾ ਦਿਆ ਕੌਰ ਸੰਧਵਾਂ ਵਿਖੇ ਪਹੁੰਚ ਕੇ ਰਾਤ ਵਿਸ਼ਰਾਮ ਕੀਤਾ। ਸ਼ਬਦ ਗੁਰੂ ਯਾਤਰਾ ਦਾ ਪੂਰੇ ਰਸਤੇ ਵਿਚ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਸੰਗਤਾਂ ਵੱਲੋਂ ਜਿਥੇ ਸਵਾਗਤੀ ਗੇਟ ਬਣਾਏ ਗਏ ਸਨ ਉਥੇ ਵੱਖ-ਵੱਖ ਪਕਵਾਨਾ ਦੇ ਲੰਗਰ ਵੀ ਲਗਾਏ ਗਏ ਸਨ। ਇਸ ਨਗਰ ਕੀਰਤਨ ਨਾਲ ਚਲ ਰਹੀ ਗੁਰੂ ਸਾਹਿਬ ਦੀਆਂ ਪਾਵਨ ਨਿਸ਼ਾਨੀਆਂ ਵਾਲੀ ਬਸ ਸੰਗਤਾਂ ਦੀ ਵਿਸ਼ੇਸ ਖਿੱਚ ਦਾ ਕੇਂਦਰ ਸੀ। ਇਹ ਸ਼ਬਦ ਗੁਰੂ ਯਾਤਰਾ ਇਸੇ ਤਰ੍ਹਾਂ ਅਗਲੇ ਪੜਾਵਾਂ ਤੇ ਜਾਰੀ ਰਹੇਗੀ ਜੋ ਅਪ੍ਰੈਲ ਮਹੀਨੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਸੰਪੂਰਨ ਹੋਵੇਗੀ।











